ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 4 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੦ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ ਅਤੇ ਚੰਡੀਗੜ੍ਹ ’ਚ 2 ਦਿਨਾਂ ਲਈ ਮੀਂਹ ਦਾ ਅਲਰਟ

**ਚੰਡੀਗੜ੍ਹ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਚੰਡੀਗੜ੍ਹ ਵਿੱਚ ਮਾਨਸੂਨ ਇੱਕ ਵਾਰ ਫਿਰ ਸਰਗਰਮ ਹੋਣ ਲਈ ਤਿਆਰ ਹੈ। ਮੌਸਮ ਵਿਗਿਆਨ ਕੇਂਦਰ ਦੇ ਅਨੁਸਾਰ, 3 ਅਤੇ 4 ਅਗਸਤ ਨੂੰ ਕਈ ਇਲਾਕਿਆਂ ਵਿੱਚ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਇਸ ਦੇ ਮੱਦੇਨਜ਼ਰ, ਮੌਸਮ ਵਿਭਾਗ ਨੇ ਦੋਵਾਂ ਦਿਨਾਂ ਲਈ ‘ਯੈਲੋ ਅਲਰਟ’ ਜਾਰੀ ਕੀਤਾ ਹੈ। ਵਿਭਾਗ ਨੇ ਲੋਕਾਂ ਨੂੰ ਖਰਾਬ ਮੌਸਮ ਦੌਰਾਨ ਸਾਵਧਾਨ ਰਹਿਣ, ਪਾਣੀ ਭਰੇ ਇਲਾਕਿਆਂ ਤੋਂ ਬਚਣ ਅਤੇ ਬਿਜਲੀ ਡਿੱਗਣ ਦੌਰਾਨ ਖੁੱਲ੍ਹੀਆਂ ਥਾਵਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਹੈ।

ਮੌਸਮ ਵਿਭਾਗ ਦੇ ਅਨੁਸਾਰ, 5 ਅਤੇ 6 ਅਗਸਤ ਨੂੰ ਰਾਜ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਗਰਜ-ਤੂਫ਼ਾਨ ਦੇ ਨਾਲ ਮੀਂਹ ਪੈਣ ਦੀ ਵੀ ਸੰਭਾਵਨਾ ਹੈ। ਹਾਲਾਂਕਿ, ਇਸ ਸਮੇਂ ਦੌਰਾਨ ਭਾਰੀ ਬਾਰਿਸ਼ ਦੀ ਸੰਭਾਵਨਾ ਘੱਟ ਹੈ। ਬਾਰਿਸ਼ ਨਾਲ ਤਾਪਮਾਨ ਵਿੱਚ ਗਿਰਾਵਟ ਆਵੇਗੀ, ਜਿਸ ਨਾਲ ਲੋਕਾਂ ਨੂੰ ਨਮੀ ਵਾਲੀ ਗਰਮੀ ਤੋਂ ਰਾਹਤ ਮਿਲੇਗੀ।

ਮਾਹਿਰਾਂ ਅਨੁਸਾਰ, ਲਗਾਤਾਰ ਬਾਰਿਸ਼ ਨਾਲ ਤਾਪਮਾਨ ਵਿੱਚ ਗਿਰਾਵਟ ਆਵੇਗੀ ਅਤੇ ਨਮੀ ਤੋਂ ਰਾਹਤ ਮਿਲੇਗੀ। ਹਾਲਾਂਕਿ, ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਅਤੇ ਆਵਾਜਾਈ ਵਿੱਚ ਵਿਘਨ ਪੈਣ ਦਾ ਖ਼ਤਰਾ ਬਣਿਆ ਹੋਇਆ ਹੈ। ਲੋਕਾਂ ਨੂੰ ਮੌਸਮ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਖਰਾਬ ਮੌਸਮ ਦੌਰਾਨ ਬੇਲੋੜੀ ਯਾਤਰਾ ਤੋਂ ਬਚਣ ਦੀ ਸਲਾਹ ਦਿੱਤੀ ਗਈ ਹੈ।

## ਪਟਿਆਲਾ ਸੈਸ਼ਨ ਕੋਰਟ ’ਚ ਧਮਾਕੇਖੇਜ਼ ਸਮੱਗਰੀ ਹੋਣ ਦਾ ਦਾਅਵਾ !

# ਬੰਬ ਧਮਾਕੇ ਦੀ ਦਿੱਤੀ ਗਈ ਧਮਕੀ




**ਪਟਿਆਲਾ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਕੂਲਾਂ, ਅਦਾਲਤੀ ਕੰਪਲੈਕਸਾਂ ਨੂੰ ਧਮਕੀਆਂ ਮਿਲਣ ਦਾ ਸਿਲਸਿਲਾ ਜਾਰੀ ਹੈ। ਹੁਣ ਪਟਿਆਲਾ ਜ਼ਿਲ੍ਹਾ ਤੇ ਸੈਸ਼ਨ ਜੱਜ ਦੇ ਦਫਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਮਿਲੀ ਜਾਣਕਾਰੀ ਮੁਤਾਬਿਕ ਪਟਿਆਲਾ ਜ਼ਿਲ੍ਹਾ ਅਤੇ ਸੈਸ਼ਨ ਜੱਜ ਦੇ ਦਫ਼ਤਰ ਨੂੰ ਅੱਜ 3 ਅਗਸਤ 2026 ਨੂੰ ਇੱਕ ਈਮੇਲ ਪ੍ਰਾਪਤ ਹੋਈ, ਜਿਸ ਵਿੱਚ ਦਾਅਵਾ ਕੀਤਾ ਗਿਆ ਕਿ ਪਟਿਆਲਾ ਸੈਸ਼ਨ ਡਿਵੀਜ਼ਨ ਦੇ ਨਿਆਂਇਕ ਅਦਾਲਤੀ ਕੰਪਲੈਕਸਾਂ ਵਿੱਚ ਧਮਾਕੇਖੇਜ਼ ਸਮੱਗਰੀ ਰੱਖੀ ਗਈ ਹੈ ਅਤੇ ਬੰਬ ਧਮਾਕੇ ਦੀ ਧਮਕੀ ਦਿੱਤੀ ਗਈ ਹੈ। ਇਸ ਮਗਰੋਂ ਪਟਿਆਲਾ ਸੈਸ਼ਨ ਡਿਵੀਜ਼ਨ ’ਚ ਦੁਪਹਿਰ 3 ਵਜੇ ਤੱਕ ਕਿਸੇ ਵੀ ਵਿਅਕਤੀ ਦੇ ਦਾਖਲੇ ਲਈ ਰੋਕ ਦਿੱਤਾ ਗਿਆ ਹੈ। ਫਿਲਹਾਲ ਮੌਕੇ ’ਤੇ ਪੁਲਿਸ ਅਤੇ ਬੰਬ ਸਕਾਉਡ ਦੀਆਂ ਟੀਮਾਂ ਮੌਜੂਦ ਹਨ। ਹਰ ਇੱਕ ਥਾਂ ਦੀ ਤਲਾਸ਼ੀ ਲਈ ਜਾ ਰਹੀ ਹੈ। ਜਿਸ ਦੇ ਚੱਲਦੇ ਅਦਾਲਤਾਂ ਦਾ ਕੰਮਕਾਜ ਐੱਸਐੱਸਪੀ ਪਟਿਆਲਾ ਵੱਲੋਂ ਸੁਰੱਖਿਆ ਕਲੀਅਰੈਂਸ ਮਿਲਣ ਤੋਂ ਬਾਅਦ ਹੀ ਸ਼ੁਰੂ ਕੀਤਾ ਜਾਵੇਗਾ।

## ਜਿਨਸੀ ਸ਼ੋਸ਼ਣ ਮਾਮਲੇ ’ਚ ਭਾਜਪਾ ਦਾ ਸਾਬਕਾ ਸੰਸਦ ਮੈਂਬਰ ਬ੍ਰਿਜ ਭੂਸ਼ਣ ਸਿੰਘ ਬਰੀ

**ਨਵੀਂ ਦਿੱਲੀ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸਾਬਕਾ ਸੰਸਦ ਮੈਂਬਰ ਬ੍ਰਿਜਭੂਸ਼ਣ ਸ਼ਰਨ ਸਿੰਘ ਨੂੰ ਵੱਡੀ ਰਾਹਤ ਮਿਲੀ ਹੈ। ਦਿੱਲੀ ਦੀ ਇੱਕ ਅਦਾਲਤ ਨੇ ਮਹਿਲਾ ਪਹਿਲਵਾਨਾਂ ਨਾਲ ਛੇੜਛਾੜ ਦੇ ਮਾਮਲੇ ਵਿੱਚ ਭਾਰਤੀ ਕੁਸ਼ਤੀ ਸੰਘ ਦੇ ਸਾਬਕਾ ਮੁਖੀ ਨੂੰ ਬਰੀ ਕਰ ਦਿੱਤਾ ਹੈ। ਬ੍ਰਿਜਭੂਸ਼ਣ ਸ਼ਰਨ ਸਿੰਘ ਦੇ ਨਾਲ, ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਭਾਰਤੀ ਕੁਸ਼ਤੀ ਸੰਘ ਦੇ ਸਾਬਕਾ ਸਹਾਇਕ ਸਕੱਤਰ ਵਿਨੋਦ ਤੋਮਰ ਨੂੰ ਵੀ ਬਰੀ ਕਰ ਦਿੱਤਾ ਹੈ ਵਧੀਕ ਮੁੱਖ ਨਿਆਂਇਕ ਮੈਜਿਸਟ੍ਰੇਟ ਅਸ਼ਵਨੀ ਪੰਵਾਰ ਨੇ ਛੇ ਮਹਿਲਾ ਪਹਿਲਵਾਨਾਂ ਵੱਲੋਂ ਦਾਇਰ ਮਾਮਲੇ ਵਿੱਚ ਅੰਤਿਮ ਬਹਿਸ ਖਤਮ ਹੋਣ ਤੋਂ ਬਾਅਦ ਫੈਸਲਾ ਰਾਖਵਾਂ ਰੱਖ ਲਿਆ ਸੀ।



ਮਈ 2024 ਵਿੱਚ, ਅਦਾਲਤ ਨੇ ਸਿੰਘ ’ਤੇ ਅਪਰਾਧਿਕ ਧਮਕੀ ਦੇਣ ਦਾ ਇਲਜ਼ਾਮ ਲਗਾਉਣ ਦਾ ਹੁਕਮ ਦਿੱਤਾ। ਹਾਲਾਂਕਿ, ਅਦਾਲਤ ਨੇ ਪਹਿਲਾਂ ਛੇ ਮਹਿਲਾ ਪਹਿਲਵਾਨਾਂ ਵਿੱਚੋਂ ਇੱਕ ਵੱਲੋਂ ਦਾਇਰ ਸ਼ਿਕਾਇਤ ਵਿੱਚ ਉਸਨੂੰ ਬਰੀ ਕਰ ਦਿੱਤਾ ਸੀ। ਅਦਾਲਤ ਦੇ ਫੈਸਲੇ ਤੋਂ ਬਾਅਦ ਆਪਣੀ ਪਹਿਲੀ ਪ੍ਰਤੀਕਿਰਿਆ ਵਿੱਚ, ਬ੍ਰਿਜਭੂਸ਼ਣ ਸ਼ਰਨ ਸਿੰਘ ਨੇ ਕਿਹਾ ਕਿ ਅਦਾਲਤ ਨੇ ਮੈਨੂੰ ਬਰੀ ਕਰ ਦਿੱਤਾ। ਮੈਂ ਉਸ ਦਿਨ ਕਿਹਾ ਸੀ ਕਿ ਮੈਂ ਆਪਣੇ ਆਪ ਨੂੰ ਫਾਂਸੀ ਲਗਾ ਲਵਾਂਗਾ, ਪਰ ਅਜਿਹੀ ਸਥਿਤੀ ਪੈਦਾ ਨਹੀਂ ਹੋਈ। ਅੱਜ ਮੈਂ ਕੋਰਟ ਤੋਂ ਜਾ ਰਿਹਾ ਹਾਂ। ਇਸ ਤੋਂ ਇਲਾਵਾ ਸਾਬਕਾ ਸੰਸਦ ਮੈਂਬਰ ਨੇ ਰਾਜਨੀਤਿਕ ਸਾਜ਼ਿਸ਼ ਦੇ ਦੋਸ਼ਾਂ ਅਤੇ ਸਵਾਲਾਂ ’ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ, ਕਿਹਾ ਕਿ ਜੋ ਹੋਇਆ ਉਹ ਹੋਣ ਦਿਓ।

## ਪੰਜਾਬ ’ਚ ਸਰਕਾਰੀ ਬੱਸਾਂ ਦਾ ਚੱਕਾ ਜਾਮ

**ਪਟਿਆਲਾ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੀਆਰਟੀਸੀ ਅਤੇ ਪਨਬੱਸ ਦੇ ਕੱਚੇ ਕਰਮਚਾਰੀਆਂ ਵੱਲੋਂ ਹੜਤਾਲ ਦਾ ਐਲਾਨ ਕੀਤਾ ਗਿਆ ਸੀ। ਇਸ ਨੂੰ ਲੈ ਕੇ ਅੱਜ ਪਟਿਆਲਾ ਦੇ ਨਵੇਂ ਬੱਸ ਸਟੈਂਡ ਵਿਖੇ ਡਿਪੂ ਦੇ ਬਾਹਰ ਪੀਆਰਟੀਸੀ ਦੇ ਕੱਚੇ ਕਰਮਚਾਰੀਆਂ ਨੇ ਨਾਅਰੇਬਾਜ਼ੀ ਕਰਦਿਆਂ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ। ਹੜਤਾਲ ਬਾਰੇ ਜਾਣਕਾਰੀ ਦਿੰਦਿਆਂ ਸਹਿਜ ਸਿੰਘ ਨੇ ਦੱਸਿਆ ਕਿ ਜਦੋਂ ਆਮ ਆਦਮੀ ਪਾਰਟੀ ਸੱਤਾ ਵਿੱਚ ਨਹੀਂ ਸੀ, ਉਸ ਸਮੇਂ ਉਨ੍ਹਾਂ ਨੇ ਵਾਅਦਾ ਕੀਤਾ ਸੀ ਕਿ ਜਿਵੇਂ ਹੀ ਸੱਤਾ ਵਿੱਚ ਆਵਾਂਗੇ, ਤੁਹਾਨੂੰ ਪੱਕੀ ਨੌਕਰੀ ਦਿੱਤੀ ਜਾਵੇਗੀ। ਪਰ ਅੱਜ ਚਾਰ ਸਾਲ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ ਅਤੇ ਸਾਡੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਕਈ ਵਾਰ ਮੀਟਿੰਗਾਂ ਵੀ ਹੋ ਚੁੱਕੀਆਂ ਹਨ, ਪਰ ਕੋਈ ਸਾਰਥਕ ਹੱਲ ਨਹੀਂ ਨਿਕਲਿਆ। ਅਸੀਂ ਸਰਕਾਰ ਨੂੰ ਇਹੀ ਚੇਤਾਵਨੀ ਦੇਣਾ ਚਾਹੁੰਦੇ ਹਾਂ ਕਿ ਸਾਡੀਆਂ ਮੰਗਾਂ ਦਾ ਜਲਦ ਹੱਲ ਕੀਤਾ ਜਾਵੇ, ਨਹੀਂ ਤਾਂ ਇਹ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਉੱਥੇ ਹੀ ਪਟਿਆਲਾ ਦੇ ਨਵੇਂ ਬੱਸ ਸਟੈਂਡ ’ਤੇ ਬੱਸਾਂ ਦੀ ਘਾਟ ਕਾਰਨ ਲੋਕ ਵੱਡੇ ਪੱਧਰ ’ਤੇ ਖੱਜਲ-ਖੁਆਰ ਹੁੰਦੇ ਨਜ਼ਰ ਆਏ। ਕਈ ਬੱਸਾਂ ਵਿੱਚ ਸਵਾਰੀਆਂ ਦਰਵਾਜ਼ਿਆਂ ਤੋਂ ਲਟਕ ਕੇ ਸਫ਼ਰ ਕਰਦੀਆਂ ਵੀ ਦਿਖਾਈ ਦਿੱਤੀਆਂ। ਬੱਸਾਂ ਦੀ ਸ਼ਾਰਟੇਜ ਕਾਰਨ ਲੋਕਾਂ ਨੂੰ ਕਈ-ਕਈ ਘੰਟੇ ਬੱਸਾਂ ਦੀ ਉਡੀਕ ਕਰਨੀ ਪੈ ਰਹੀ ਹੈ। ਰਾਜਪੁਰਾ ਵਿਖੇ ਅੱਜ ਸਰਕਾਰੀ ਬੱਸਾਂ ਦੀ ਹੜਤਾਲ ਹੋਣ ਕਾਰਨ ਗਗਨ ਚੌਂਕ ਅਤੇ ਮਾਡਰਨ ਬੱਸ ਸਟੈਂਡ ’ਤੇ ਯਾਤਰੀਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਜ ਸੋਮਵਾਰ ਦਾ ਦਿਨ ਹੋਣ ਕਰਕੇ ਡਿਊਟੀ ’ਤੇ ਜਾਣ ਵਾਲੇ ਕਰਮਚਾਰੀਆਂ ਅਤੇ ਹੋਰ ਆਮ ਲੋਕਾਂ ਦੀ ਭਾਰੀ ਭੀੜ ਸੜਕਾਂ ’ਤੇ ਦੇਖਣ ਨੂੰ ਮਿਲ ਰਹੀ ਹੈ। ਲੋਕ ਘੰਟਿਆਂ ਬੱਧੀ ਬੱਸਾਂ ਦੀ ਉਡੀਕ ਕਰ ਰਹੇ ਹਨ, ਪਰ ਬੱਸਾਂ ਨਾ ਮਿਲਣ ਕਾਰਨ ਖੱਜਲ-ਖੁਆਰ ਹੋ ਰਹੇ ਹਨ। ਜੇਕਰ ਕੋਈ ਇੱਕਾ-ਦੁੱਕਾ ਬੱਸ ਆਉਂਦੀ ਵੀ ਹੈ, ਤਾਂ ਉਹ ਪਹਿਲਾਂ ਹੀ ਨੱਕੋ-ਨੱਕ ਭਰੀ ਹੁੰਦੀ ਹੈ। ਇਸ ਦੌਰਾਨ ਟਰੈਫਿਕ ਪੁਲਿਸ ਵੱਲੋਂ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਸ ਸਬੰਧੀ ਗੁਰਬਚਨ ਸਿੰਘ ਟਰੈਫਿਕ ਇੰਚਾਰਜ, ਰਾਜਪੁਰਾ ਨੇ ਕਿਹਾ ਕਿ ਸਰਕਾਰੀ ਬੱਸਾਂ ਦੀ ਹੜਤਾਲ ਕਾਰਨ ਅਤੇ ਅੱਜ ਸੋਮਵਾਰ ਹੋਣ ਕਰਕੇ ਗਗਨ ਚੌਂਕ ’ਤੇ ਮੁਸਾਫ਼ਰਾਂ ਦੀ ਭਾਰੀ ਭੀੜ ਹੈ। ਸਾਡੀ ਟਰੈਫਿਕ ਟੀਮ ਵੱਲੋਂ ਚਾਰੇ ਪਾਸੇ ਆਵਾਜਾਈ ਨੂੰ ਸੁਚਾਰੂ ਰੂਪ ਨਾਲ ਚਲਾਉਣ ਲਈ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ। ਬੱਸ ਦੀ ਉਡੀਕ ਕਰ ਰਹੇ ਮੁਸਾਫਿਰਾਂ ਨੇ ਦੱਸਿਆ ਕਿ ਉਹ ਪਰਿਵਾਰ ਅਤੇ ਬੱਚਿਆਂ ਨਾਲ ਮੋਹਾਲੀ ਜਾਣ ਲਈ ਕਾਫ਼ੀ ਸਮੇਂ ਤੋਂ ਬੱਸ ਦੀ ਉਡੀਕ ਕਰ ਰਹੇ ਹਨ। ਚੜ੍ਹਦੀ ਧੁੱਪ ਅਤੇ ਗਰਮੀ ਵਿੱਚ ਬੱਸਾਂ ਨਾ ਮਿਲਣ ਕਾਰਨ ਬੱਚੇ ਅਤੇ ਪਰਿਵਾਰ ਡਾਢੇ ਪਰੇਸ਼ਾਨ ਹੋ ਰਹੇ ਹਨ। ਵੱਡੀ ਗਿਣਤੀ ਵਿੱਚ ਸਵਾਰੀਆਂ ਸੜਕਾਂ ’ਤੇ ਖੜ੍ਹ ਕੇ ਬੱਸਾਂ ਇੰਤਜ਼ਾਰ ਕਰ ਰਹੀਆਂ ਸਨ।




## ‘ਕੋਈ ਵੀ ਬੇਲੋੜੀ ਇਸ਼ਿਤਹਾਰਬਾਜ਼ੀ ਨਹੀਂ.. ਡੀ. ਏ. ਕਰੋ ਜਾਰੀ’ HC ਦੀ ਪੰਜਾਬ ਸਰਕਾਰ ਨੂੰ ਚਿਤਾਵਨੀ; 15 ਦਿਨਾਂ ਦਾ ਦਿੱਤਾ ਸਮਾਂ

**ਚੰਡੀਗੜ੍ਹ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਲਗਭਗ 600,000 ਸਰਕਾਰੀ ਕਰਮਚਾਰੀਆਂ ਤੇ ਪੈਨਸ਼ਨਰਾਂ ਲਈ ਵੱਡੀ ਰਾਹਤ ਦੀ ਖਬਰ ਸਾਹਮਣੇ ਆਈ ਹੈ। ਦੱਸ ਦਈਏ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੂਬਾ ਸਰਕਾਰ ਦੀ ਐਲਪੀਏ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਹੈ ਅਤੇ ਪੰਜਾਬ ਸਰਕਾਰ ਨੂੰ ਇੱਕ ਮਹੀਨੇ ਦੇ ਅੰਦਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ (ਡੀਏ) ਦੇ ਬਕਾਏ ਜਾਰੀ ਕਰਨ ਦਾ ਹੁਕਮ ਦਿੱਤਾ ਹੈ। ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਇਸ ਫੈਸਲੇ ਨਾਲ ਪੰਜਾਬ ਸਰਕਾਰ ਨੂੰ ਵੱਡਾ ਝਟਕਾ ਲੱਗਿਆ ਹੈ। ਦੱਸ ਦਈਏ ਕਿ ਹਾਈ ਕੋਰਟ ਦੇ ਦੋਹਰੇ ਬੈਂਚ ਨੇ ਇਸ ਮਾਮਲੇ ਵਿੱਚ ਪਹਿਲਾਂ ਦੇ ਸਿੰਗਲ ਬੈਂਚ ਦੇ ਫੈਸਲੇ ਨੂੰ ਬਰਕਰਾਰ ਰੱਖਿਆ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਸਰਕਾਰ ਨੂੰ ਯੋਗ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਬਕਾਏ ਰੋਕਣ ਦਾ ਕੋਈ ਅਧਿਕਾਰ ਨਹੀਂ ਹੈ ਅਤੇ ਪੰਜਾਬ ਸਰਕਾਰ ਨੂੰ ਹਰ ਹਾਲਤ ਵਿੱਚ ਇਹ ਰਕਮ ਅਦਾ ਕਰਨੀ ਪਵੇਗੀ। ਆਪਣੇ ਹੁਕਮ ਵਿੱਚ ਹਾਈ ਕੋਰਟ ਨੇ ਪ੍ਰਕਿਰਿਆ ਨੂੰ ਸਖ਼ਤ ਕਰਦੇ ਹੋਏ ਕੁਝ ਮਹੱਤਵਪੂਰਨ ਨਿਰਦੇਸ਼ ਜਾਰੀ ਕੀਤੇ ਹਨ। ਹਾਈਕੋਰਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਸਕੱਤਰ ਨੂੰ ਭੁਗਤਾਨ ਪੂਰਾ ਹੋਣ ਤੋਂ ਬਾਅਦ ਅਦਾਲਤ ਵਿੱਚ ਪਾਲਣਾ ਹਲਫ਼ਨਾਮਾ ਦਾਇਰ ਕਰਨ ਦਾ ਹੁਕਮ ਦਿੱਤਾ ਗਿਆ ਹੈ। ਜੇਕਰ ਸਰਕਾਰ ਇੱਕ ਮਹੀਨੇ ਦੀ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਬਕਾਇਆ ਬਕਾਏ ਦਾ ਭੁਗਤਾਨ ਨਹੀਂ ਕਰਦੀ ਹੈ, ਤਾਂ ਬਕਾਇਆ ਰਕਮ ’ਤੇ 6 ਫੀਸਦ ਸਾਲਾਨਾ ਦੀ ਦਰ ਨਾਲ ਵਿਆਜ ਵੀ ਦੇਣਾ ਪਵੇਗਾ। ਕਾਰਜਕਾਰੀ ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਡਿਵੀਜ਼ਨ ਬੈਂਚ ਨੇ ਫੈਸਲਾ ਸੁਣਾਇਆ ਕਿ ਵਿੱਤੀ ਰੁਕਾਵਟਾਂ ਨੂੰ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਉਨ੍ਹਾਂ ਦੇ ਇਕੱਠੇ ਹੋਏ ਸੇਵਾ ਲਾਭਾਂ ਤੋਂ ਇਨਕਾਰ ਕਰਨ ਦੇ ਕਾਰਨ ਵਜੋਂ ਨਹੀਂ ਦਰਸਾਇਆ ਜਾ ਸਕਦਾ। ਬੈਂਚ ਨੇ ਕਿਹਾ ਕਿ ਜਦੋਂ ਤੱਕ ਅਜਿਹੇ ਸਾਰੇ ਬਕਾਏ ਅਦਾ ਨਹੀਂ ਕੀਤੇ ਜਾਂਦੇ, ਪੰਜਾਬ ਰਾਜ ਪ੍ਰਿੰਟ ਜਾਂ ਸੋਸ਼ਲ ਮੀਡੀਆ ਵਿੱਚ ਵੱਡੇ ਪੱਧਰ ’ਤੇ ਇਸ਼ਿਤਹਾਰਬਾਜ਼ੀ ਮੁਹਿੰਮਾਂ ਵਰਗੇ ਕਿਸੇ ਵੀ ਗੈਰ-ਉਤਪਾਦਕ ਖਰਚ ਦਾ ਸਹਾਰਾ ਨਹੀਂ ਲਵੇਗਾ ਕਿਉਂਕਿ ਇਹ ਖਰਚੇ ਰਾਜ ਦੇ ਕਰਮਚਾਰੀਆਂ ਨੂੰ ਦੇਣ ਵਾਲੇ ਬਕਾਏ ਤੋਂ ਇਨਕਾਰ ਨੂੰ ਜਾਇਜ਼ ਨਹੀਂ ਠਹਿਰਾ ਸਕਦੇ। ਕਾਬਿਲੇਗੌਰ ਹੈ ਕਿ ਇਸ ਅਦਾਲਤੀ ਫੈਸਲੇ ਤੋਂ ਬਾਅਦ ਪੰਜਾਬ ਦੀ ਰਾਜਨੀਤੀ ਵੀ ਤੇਜ਼ੀ ਨਾਲ ਉਥਲ-ਪੁਥਲ ਹੋ ਗਈ ਹੈ। ਕਾਂਗਰਸ ਵਿਧਾਇਕ ਪ੍ਰਗਟ ਸਿੰਘ ਨੇ ਇਸ ਫੈਸਲੇ ਦਾ ਸਵਾਗਤ ਕੀਤਾ, ਨਾਲ ਹੀ ਸਰਕਾਰ ਦੀਆਂ ਤਰਜੀਹਾਂ ’ਤੇ ਸਵਾਲ ਚੁੱਕੇ। ਨਾਲ ਹੀ ਸਵਾਲ ਪੁੱਛਿਆ ਕਿ ਜਦੋਂ ਹੋਰ ਯੋਜਨਾਵਾਂ ਦੇ ਲਈ ਫੰਡ ਮੌਜੂਦ ਹਨ ਤਾਂ ਕਰਮਚਾਰੀਆਂ ਦਾ ਹੱਕ ਕਿਉਂ ਰੋਕਿਆ ਗਿਆ ? ਇਹ ਫੈਸਲਾ ਲੰਬੇ ਸਮੇਂ ਤੋਂ ਇੰਤਜਾਰ ਕਰ ਰਹੇ ਕਰਮਚਾਰੀਆਂ ਦੀ ਵੱਡੀ ਜਿੱਤ ਹੈ। ਇਸੇ ਮਾਮਲੇ ’ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਵੀ ਸਰਕਾਰ ’ਤੇ ਨਿਸ਼ਾਨੇ ਸਾਧਦੇ ਹੋਏ ਕਿਹਾ ਕਿ ਗੁਰੂ ਦੋਖੀ ਭਗਵੰਤ ਮਾਨ ਸਰਕਾਰ ਨੂੰ ਮਾਣਯੋਗ ਹਾਈਕੋਰਟ ਦਾ 440 ਵੋਲਟ ਦੇ ਕਰੰਟ ਦਾ ਝਟਕਾ ਲੱਗਿਆ ਹੈ। ਮਹੀਨਿਆਂ ਤੋਂ ਡੀ. ਏ. ਰੋਕ ਕੇ ਮੁਲਾਜ਼ਮਾਂ ਨੂੰ ਤੰਗ ਕਰਨ ਵਾਲੀ AAP ਉਰਫ ਰੰਗੀਲੀ ਪਾਰਟੀ ਦੀ ਸਰਕਾਰ ਨੂੰ ਹਾਈ ਕੋਰਟ ਨੇ ਹੁਕਮ ਵਿਚ ਲਪੇਟ ਲਿਆ। ਉਨ੍ਹਾਂ ਅੱਗੇ ਕਿਹਾ ਕਿ ਹੁਕਮ ਹੈ ਕਿ 15 ਦਿਨਾਂ ’ਚ ਡੀ. ਏ. ਦਿਓ, ਨਹੀਂ ਤਾਂ ਇਸ਼ਿਤਹਾਰਾਂ ’ਤੇ ਤਾਲਾ ਲੱਗ ਜਾਵੇਗਾ।



## ਸਿੱਖੀ ਦੇ ਪ੍ਰਚਾਰ ਅਤੇ ਗੁਰੂ ਘਰ ਦੀ ਮਰਯਾਦਾ ’ਤੇ ਸਵਾਲ ਚੁੱਕਣ ਵਾਲੀ ਸੋਚ ਤੋਂ ਕੌਮ ਰਹੇ ਸੁਚੇਤ- ਗਿਆਨੀ ਕੁਲਦੀਪ ਸਿੰਘ ਗੜਗੱਜ

**ਸ੍ਰੀ ਮੁਕਤਸਰ ਸਾਹਿਬ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੀਰੀ-ਪੀਰੀ ਖ਼ਾਲਸਾ ਮਾਰਚ ਕੋਈ ਸਿਆਸੀ ਰੋਡ ਸ਼ੋ ਨਹੀਂ, ਸਗੋਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਸਿਧਾਂਤ ਅਤੇ ਪੰਥਕ ਪਰੰਪਰਾਵਾਂ ਦਾ ਪ੍ਰਗਟਾਵਾ ਹੈ। ਇਤਿਹਾਸ ਗਵਾਹ ਹੈ ਕਿ ਸਿੱਖ ਕੌਮ ਉੱਤੇ ਆਏ ਚਨੌਤੀ ਭਰੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਮਹਾਨ ਨਗਰ ਕੀਰਤਨ ਅਤੇ ਪੰਥਕ ਮੋਰਚੇ ਆਰੰਭ ਹੋਏ, ਜਿਨ੍ਹਾਂ ਨੇ ਕੌਮ ਨੂੰ ਇਕਜੁੱਟ ਕੀਤਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਥੇਹੜੀ ਸਾਹਿਬ ਤੋਂ ਮੀਰੀ ਪੀਰੀ ਖਾਲਸਾ ਮਾਰਚ ਦੀ ਆਰੰਭਤਾ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਲੋਕਾਂ ਦੁਆਰਾ ਚੁਣੇ ਹੋਏ ਨੁਮਾਇੰਦੇ ਵੱਲੋਂ ਮੀਰੀ-ਪੀਰੀ ਖ਼ਾਲਸਾ ਮਾਰਚ ਨੂੰ ਰੋਡ ਸ਼ੋ ਕਹਿਣਾ ਨਾ ਸਿਰਫ਼ ਸਿੱਖ ਪਰੰਪਰਾਵਾਂ ਦੀ ਅਣਜਾਣਤਾ ਹੈ, ਸਗੋਂ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਠੇਸ ਪਹੁੰਚਾਉਣ ਵਾਲਾ ਵੀ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸੰਗਤਾਂ ਨੂੰ ਅਜਿਹੇ ਬਿਆਨਾਂ ਦਾ ਸਮੇਂ ਸਿਰ ਜਵਾਬ ਦੇਣਾ ਚਾਹੀਦਾ ਹੈ ਤਾਂ ਜੋ ਗੁਰੂ ਘਰਾਂ ਦੀ ਮਰਿਆਦਾ ਅਤੇ ਪੰਥਕ ਪਰੰਪਰਾਵਾਂ ਦਾ ਸਨਮਾਨ ਕਾਇਮ ਰਹੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਹਮੇਸ਼ਾ ਸਰਬੱਤ ਦੇ ਭਲੇ, ਨਿਆਂ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਖੜ੍ਹਾ ਰਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਜਨਮ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ-ਛਾਇਆ ਹੇਠ ਹੋਇਆ ਅਤੇ ਇਹ ਸੰਸਥਾਵਾਂ ਹਮੇਸ਼ਾ ਪੰਥਕ ਸੇਵਾ ਲਈ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਜੈਤੋ ਮੋਰਚੇ ਤੋਂ ਲੈ ਕੇ 1995 ਦੇ ਔਖੇ ਦੌਰ ਸਮੇਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਥ ਨੂੰ ਹਮੇਸ਼ਾ ਸੇਧ ਦਿੱਤੀ ਹੈ। ਐਮਰਜੈਂਸੀ ਦੇ ਦੌਰਾਨ ਵੀ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਕੌਮ ਨੂੰ ਜਾਗਰੂਕ ਕਰਨ ਅਤੇ ਗੁਰਮਤਿ ਨਾਲ ਜੋੜਨ ਲਈ ਲਗਭਗ 37 ਮਹਾਨ ਨਗਰ ਕੀਰਤਨ ਕੱਢੇ। ਇਸੇ ਤਰ੍ਹਾਂ ਸਿੰਘ ਸਾਹਿਬ ਗਿਆਨੀ ਮਨਜੀਤ ਸਿੰਘ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਨਗਰ ਕੀਰਤਨ ਕੱਢ ਕੇ ਮੀਰੀ-ਪੀਰੀ ਦੇ ਸਿਧਾਂਤ ਅਤੇ ਸੰਤ-ਸਿਪਾਹੀ ਦੀ ਵਿਚਾਰਧਾਰਾ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਗਿਆ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।


**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੜ੍ਹੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV


ੴ ਸਤਿਗੁਰ ਪ੍ਰਸਾਦਿ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਜ਼ਿਲ੍ਹਾ ਬਠਿੰਡਾ)
ਵਿਖੇ ਮਹਾਨ ਗੁਰਮਤਿ ਸਮਾਗਮ
ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ
ਅਤੇ
ਦਮਦਮੀ ਟਕਸਾਲ ਦੇ 320 ਸਾਲਾਂ
ਸਥਾਪਨਾ ਦਿਵਸ
ਆਵਾਜ਼ਿ ਕੌਮ AWAZE QAUM International Newspaper & WEB TV
ਦਸ਼ਦਮੀ ਟਕਸਾਲ ਜੰਥਾ ਭਿੰਡਰਾ ਮਹਿਤਾ ਵੱਲੋਂ ਮਨਾਇਆ ਜਾ ਰਿਹਾ ਹੈ
ਸਮਾਗਮ ਦਾ ਵੇਰਵਾ
1 ਅਗਸਤ ਤੋਂ 7 ਅਗਸਤ ਤੱਕ
ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈਂ।
7 ਅਗਸਤ ਦਿਨ ਸ਼ੁੱਕਰਵਾਰ
ਸਾਰਾ ਦਿਨ ਧਾਰਮਿਕ ਦੀਵਾਨ ਸਜ਼ਾਏ ਜਾਣਗੇ।
7 ਅਗਸਤ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ
ਸ਼੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖ਼ਾਲਸਾ
ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ
ਕਥਾ ਵਿਚਾਰ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।
ਆਪ ਸਾਰਿਆਂ ਸੰਗਤਾਂ ਨੂੰ ਹੱਥ ਜੋੜ ਕੇ ਨਿਮਰਤਾ ਸਹਿਤ ਬੇਨਤੀ ਕੀ
ਸਾਰੀ ਸੰਗਤ ਹੁਮ ਹੁਮਾ ਕੇ ਸਮਾਗਮਾਂ ਵਿੱਚ ਪਹੁੰਚ ਦੀ ਕਿਰਪਾ ਕਰਨੀ।
ਗੁਰੂ ਪੰਥ ਦਾ ਦਾਸ
ਸ਼੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਸੀ ਖ਼ਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ

### ਪਿੰਡ ਲਹਿਰੀ ਵਿੱਚ ਨਸ਼ਿਆਂ ਦੇ ਖਾਤਮੇ ਲਈ ਪਿੰਡ ਵਾਸੀਆਂ ਦਾ ਵੱਡਾ ਇਕੱਠ

# ਨਸ਼ਾ ਰੋਕੂ ਐਕਸ਼ਨ ਕਮੇਟੀ ਦਾ ਗਠਨ






**ਤਲਵੰਡੀ ਸਾਬੋ, 3 ਅਗਸਤ (ਗੁਰਜੰਟ ਸਿੰਘ ਨਥੇਹਾ)** - ਪਿੰਡ ਲਹਿਰੀ ਵਿੱਚ ਵੱਧ ਰਹੇ ਨਸ਼ਿਆਂ ਦੇ ਪ੍ਰਕੋਪ ਨੂੰ ਰੋਕਣ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਲਾਹਨਤ ਤੋਂ ਬਚਾਉਣ ਲਈ ਗ੍ਰਾਮ ਪੰਚਾਇਤ ਅਤੇ ਸਰਪੰਚ ਹਰਮੰਦਰ ਸਿੰਘ ਬਰਾੜ ਦੀ ਅਗਵਾਈ ਹੇਠ ਪਿੰਡ ਵਾਸੀਆਂ ਦਾ ਵਿਸ਼ਾਲ ਇਕੱਠ ਕਰਵਾਇਆ ਗਿਆ। ਇਸ ਮੌਕੇ ਚੌਂਕੀ ਇੰਚਾਰਜ ਸੀਂਗੋ ਸ੍ਰ. ਰਵਨੀਤ ਸਿੰਘ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ। ਇਕੱਠ ਨੂੰ ਸੰਬੋਧਨ ਕਰਦਿਆਂ ਚੌਂਕੀ ਇੰਚਾਰਜ ਰਵਨੀਤ ਸਿੰਘ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਪੁਲਿਸ ਅਤੇ ਲੋਕਾਂ ਦਾ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਾ ਵੇਚਣ ਵਾਲਿਆਂ ਜਾਂ ਤਸਕਰਾਂ ਬਾਰੇ ਜਾਣਕਾਰੀ ਬਿਨਾਂ ਕਿਸੇ ਡਰ ਦੇ ਪੁਲਿਸ ਨੂੰ ਦਿੱਤੀ ਜਾਵੇ ਤਾਂ ਜੋ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੀ “ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਤਹਿਤ ਪੁਲਿਸ ਵੱਲੋਂ ਲਗਾਤਾਰ ਕਾਰਵਾਈ ਕਰਕੇ ਵੱਡੀ ਗਿਣਤੀ ਵਿੱਚ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ। ਨਾਲ ਹੀ ਨਸ਼ਾ ਛੱਡਣ ਦੇ ਇੱਛੁਕ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲ ਕਰਵਾ ਕੇ ਇਲਾਜ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਗ੍ਰਾਮ ਪੰਚਾਇਤ ਵੱਲੋਂ ਪਿੰਡ ਨੂੰ ਨਸ਼ਾ-ਮੁਕਤ ਬਣਾਉਣ ਲਈ ਨਸ਼ਾ ਰੋਕੂ ਐਕਸ਼ਨ ਕਮੇਟੀ ਦਾ ਗਠਨ ਕੀਤਾ ਗਿਆ। ਇਸ ਤੋਂ ਇਲਾਵਾ ਨਸ਼ਾ ਕਰਨ ਵਾਲੇ ਵਿਅਕਤੀਆਂ ਦੀ ਸੂਚੀ ਤਿਆਰ ਕਰਕੇ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਣ ਦਾ ਵੀ ਫ਼ੈਸਲਾ ਲਿਆ ਗਿਆ। ਸਰਪੰਚ ਹਰਮੰਦਰ ਸਿੰਘ ਬਰਾੜ ਨੇ ਕਿਹਾ ਕਿ ਪਿੰਡ ਨੂੰ ਨਸ਼ਾ-ਮੁਕਤ ਬਣਾਉਣ ਲਈ ਪੰਚਾਇਤ ਹਰ ਸੰਭਵ ਯਤਨ ਕਰੇਗੀ। ਉਨ੍ਹਾਂ ਦੱਸਿਆ ਕਿ ਅੱਜ ਦੇ ਇਕੱਠ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਜੇਕਰ ਕੋਈ ਵਿਅਕਤੀ ਪਿੰਡ ਵਿੱਚ ਨਸ਼ਾ ਵੇਚਦਾ ਜਾਂ ਨਸ਼ਾ ਕਰਦਾ ਫੜਿਆ ਜਾਂਦਾ ਹੈ ਤਾਂ ਉਸ ਦੀ ਸਿਫ਼ਾਰਸ਼ ਜਾਂ ਛੁਟਕਾਰਾ ਕਰਵਾਉਣ ਲਈ ਨਾ ਤਾਂ ਪੰਚਾਇਤ ਅਤੇ ਨਾ ਹੀ ਕੋਈ ਪਿੰਡ ਵਾਸੀ ਪੁਲਿਸ ਕੋਲ ਜਾਵੇਗਾ, ਸਗੋਂ ਕਾਨੂੰਨੀ ਕਾਰਵਾਈ ਵਿੱਚ ਪੂਰਾ ਸਹਿਯੋਗ ਦਿੱਤਾ ਜਾਵੇਗਾ। ਪਿੰਡ ਵਾਸੀਆਂ ਨੇ ਵੀ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫ਼ਲ ਬਣਾਉਣ ਅਤੇ ਪਿੰਡ ਨੂੰ ਨਸ਼ਾ-ਮੁਕਤ ਬਣਾਉਣ ਲਈ ਪੁਲਿਸ ਪ੍ਰਸ਼ਾਸਨ ਅਤੇ ਗ੍ਰਾਮ ਪੰਚਾਇਤ ਨਾਲ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਭੋਲਾ ਸਿੰਘ, ਖੁਸ਼ਪ੍ਰੀਤ ਸਿੰਘ, ਸੁਖਦੇਵ ਸਿੰਘ, ਬੇਅੰਤ ਸਿੰਘ, ਜਸਵੀਰ ਸਿੰਘ (ਸਾਰੇ ਪੰਚਾਇਤ ਮੈਂਬਰ), ਪ੍ਰਿਤਪਾਲ ਸਿੰਘ, ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ, ਦਲਜੀਤ ਸਿੰਘ ਨੰਬਰਦਾਰ, ਜਸਬੀਰ ਕੌਰ (ਮੈਂਬਰ), ਸੁਖਮੰਦਰ ਸਿੰਘ, ਡਾ. ਜਗਸੀਰ ਸਿੰਘ, ਅਮਰੀਕ ਸਿੰਘ, ਗੋਰਾ ਸਿੰਘ, ਨਛੱਤਰ ਸਿੰਘ ਪ੍ਰਧਾਨ, ਗੁਰਦੁਆਰਾ ਪ੍ਰਬੰਧਕ ਕਮੇਟੀ, ਸੁਖਬੀਰ ਚੱਕੀ ਵਾਲਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਜ ਸਭਾ ’ਚ ਚੁਣੇ ਜਾਂਦੇ ਖਾਸ ਸਮਾਜਿਕ ਚਿਹਰਿਆਂ ਵਰਗਾ

# ਰੁਤਬਾ ਤੇ ਮਾਨਸਿਕਤਾ ਰੱਖਣ ਵਾਲੀ ਬੁਲੰਦ ਆਵਾਜ਼-ਰੁਸਤਮ ਮੋਰਿੰਡਾ



☛ ਖੁਦ ਕਿਸਾਨ ਨਾ ਹੁੰਦਿਆਂ ਵੀ ਲੋਕ-ਮੁੱਦਿਆਂ ’ਤੇ ਸਦਨ ਵਾਂਗ ਆਵਾਜ਼ ਚੁੱਕਣ ਵਾਲੇ ਜਰਨੈਲ

☛ ਮਜ਼ਦੂਰਾਂ, ਸਫ਼ਾਈ ਕਰਮਚਾਰੀਆਂ ਤੇ ਹਰ ਲੋੜਵੰਦ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹਨ ਵਾਲੇ ‘ਰੁਸਤਮ ਮੋਰਿੰਡਾ’

**ਜੀਰਕਪੁਰ / ਪੰਜਾਬ** : ਜਦੋਂ ਵੀ ਸਮਾਜ ਵਿੱਚ ਇਨਸਾਫ਼ ਦੀ ਗੱਲ ਹੁੰਦੀ ਹੈ, ਜਦੋਂ ਵੀ ਸਿਸਟਮ ਜਾਂ ਪ੍ਰਸ਼ਾਸਨ ਦੀਆਂ ਧੱਕੇਸ਼ਾਹੀਆਂ ਖ਼ਿਲਾਫ਼ ਆਵਾਜ਼ ਚੁੱਕਣ ਦੀ ਲੋੜ ਪੈਂਦੀ ਹੈ, ਤਾਂ ਸਭ ਤੋਂ ਅੱਗੇ ਖੜ੍ਹਨ ਵਾਲਾ ਨਾਂਅ ਰੁਸਤਮ ਮੋਰਿੰਡਾ (ਸੀਨੀਅਰ ਮੀਤ ਪ੍ਰਧਾਨ, ਭਾਰਤੀ ਕਿਸਾਨ ਯੂਨੀਅਨ ਪੁਆਧ) ਵਜੋਂ ਸਾਹਮਣੇ ਆਉਂਦਾ ਹੈ ।ਰੁਸਤਮ ਮੋਰਿੰਡਾ ਸਿਰਫ਼ ਇੱਕ ਜਥੇਬੰਦਕ ਅਹੁਦੇਦਾਰ ਹੀ ਨਹੀਂ, ਬਲਕਿ ਸੰਘਰਸ਼, ਹਮਦਰਦੀ ਅਤੇ ਨਿਰਪੱਖਤਾ ਦਾ ਅਜਿਹਾ ਪ੍ਰਤੀਕ ਹਨ, ਜਿਨ੍ਹਾਂ ਦਾ ਜੀਵਨ ਲੋਕ-ਸੇਵਾ ਅਤੇ ਹੱਕਾਂ ਦੀ ਲੜਾਈ ਲੜਨ ਲਈ ਸਮਰਪਿਤ ਹੈ । ਜਿਵੇਂ ਰਾਜ ਸਭਾ ਦੇ ਵਿੱਚ ਸਰਕਾਰ ਵੱਲੋਂ ਉਨ੍ਹਾਂ ਸ਼ਖ਼ਸੀਅਤਾਂ ਨੂੰ ਚੁਣਿਆ ਜਾਂਦਾ ਹੈ ਜਿਨ੍ਹਾਂ ਦਾ ਸਮਾਜ ਵਿੱਚ ਬਹੁਤ ਵੱਡਾ ਅਤੇ ਵਿਸ਼ੇਸ਼ ਯੋਗਦਾਨ ਹੁੰਦਾ ਹੈ, ਬਿਲਕੁਲ ਉਸੇ ਉੱਚੀ ਮਾਨਸਿਕ ਸੋਚ, ਰੁਤਬੇ ਅਤੇ ਗੰਭੀਰਤਾ ਦੇ ਮਾਲਕ ਹਨ ਰੁਸਤਮ ਮੋਰਿੰਡਾ । ਇੱਕ ਸਾਧਾਰਨ ਪਰਿਵਾਰ ਵਿੱਚ ਜਨਮ ਲੈਣ ਦੇ ਬਾਵਜੂਦ, ਲੋਕਾਂ ਦੇ ਮੁੱਦਿਆਂ ਨੂੰ ਪ੍ਰਸ਼ਾਸਨ ਅੱਗੇ ਅਜਿਹੇ ਵਜ਼ਨਦਾਰ ਤਰੀਕੇ ਨਾਲ ਚੁੱਕਦੇ ਹਨ ਜਿਵੇਂ ਕੋਈ ਸੁਲਝਿਆ ਹੋਇਆ ਬੁਲਾਰਾ ਰਾਜ ਸਭਾ ਵਰਗੇ ਉੱਚ-ਸਦਨ ਵਿੱਚ ਆਵਾਜ਼ ਬੁਲੰਦ ਕਰ ਰਿਹਾ ਹੋਵੇ । ਹਾਲਾਂਕਿ ਰੁਸਤਮ ਮੋਰਿੰਡਾ ਖੁਦ ਖੇਤੀਬਾੜੀ ਨਹੀਂ ਕਰਦੇ ਅਤੇ ਨਾ ਹੀ ਉਹ ਖੁਦ ਕਿਸਾਨ ਹਨ, ਪਰ ਇਸ ਦੇ ਬਾਵਜੂਦ ਕਿਸਾਨੀ ਅੰਦੋਲਨਾਂ ਅਤੇ ਕਿਸਾਨੀ ਮੁੱਦਿਆਂ ਪ੍ਰਤੀ ਉਨ੍ਹਾਂ ਦਾ ਸਮਰਪਣ ਬੇਮਿਸਾਲ ਹੈ। ਜਦੋਂ ਵੀ ਕਿਸੇ ਕਿਸਾਨੀ ਅੰਦੋਲਨ ਜਾਂ ਮੋਰਚੇ ਦਾ ਐਲਾਨ ਹੁੰਦਾ ਹੈ, ਉਹ ਆਪਣੀ ਨਿੱਜੀ ਜ਼ਿੰਦਗੀ ਨੂੰ ਪਾਸੇ ਰੱਖ ਕੇ ਸਭ ਤੋਂ ਅੱਗੇ ਡਟੇ ਨਜ਼ਰ ਆਉਂਦੇ ਹਨ। ਉਨ੍ਹਾਂ ਲਈ ਅੰਨਦਾਤੇ ਦੇ ਹੱਕਾਂ ਦੀ ਰਾਖੀ ਕਰਨਾ ਇੱਕ ਪਵਿੱਤਰ ਫ਼ਰਜ਼ ਹੈ। ਅੰਦੋਲਨ ਚਾਹੇ ਕਿਸੇ ਵੀ ਸੂਰਤ ਦਾ ਹੋਵੇ—ਚਾਹੇ ਉਹ ਕਿਸਾਨਾਂ ਦਾ ਹੋਵੇ, ਮਜ਼ਦੂਰਾਂ ਦੀਆਂ ਹੱਕੀ ਮੰਗਾਂ ਦਾ ਹੋਵੇ, ਜਾਂ ਫਿਰ ਸਫ਼ਾਈ ਕਰਮਚਾਰੀਆਂ ਦੇ ਅਧਿਕਾਰਾਂ ਦਾ। ਜਦੋਂ ਵੀ ਸਿਸਟਮ ਅਤੇ ਪ੍ਰਸ਼ਾਸਨ ਅੱਗੇ ਕਿਸੇ ਆਮ ਨਾਗਰਿਕ ਨੂੰ ਆਪਣੀ ਜ਼ਿੰਦਗੀ ਅਤੇ ਵਜੂਦ ਦੀ ਲੜਾਈ ਲੜਨੀ ਪੈਂਦੀ ਹੈ, ਤਾਂ ਰੁਸਤਮ ਮੋਰਿੰਡਾ ਬਿਨਾਂ ਕਿਸੇ ਭੇਦਭਾਵ ਦੇ ਉਨ੍ਹਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹੁੰਦੇ ਹਨ। ਹਰ ਦੱਬੇ-ਕੁਚਲੇ ਅਤੇ ਹੱਕ-ਸੱਚ ਦੀ ਲੜਾਈ ਲੜ ਰਹੇ ਇਨਸਾਨ ਦੀ ਢਾਲ ਬਣਨਾ ਉਨ੍ਹਾਂ ਦੀ ਅਸਲ ਪਛਾਣ ਹੈ। ਅੱਜ ਦੇ ਦੌਰ ਵਿੱਚ, ਜਿੱਥੇ ਆਗੂ ਅਹੁਦਿਆਂ ਦੇ ਪਿੱਛੇ ਭੱਜਦੇ ਹਨ, ਉੱਥੇ ਹੀ ਰੁਸਤਮ ਮੋਰਿੰਡਾ ਵਰਗੇ ਨਿਸ਼ਕਾਮ, ਗੰਭੀਰ ਅਤੇ ਜਜ਼ਬਾਤੀ ਯੋਧੇ ਸਮਾਜ ਲਈ ਇੱਕ ਮਿਸਾਲ ਹਨ । ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਵਜੋਂ ਉਹ ਨਾ ਸਿਰਫ਼ ਸੰਗਠਨ ਦੀ ਸ਼ਾਨ ਹਨ, ਬਲਕਿ ਹਰ ਉਸ ਵਿਅਕਤੀ ਦੀ ਉਮੀਦ ਹਨ ਜਿਸ ਨੂੰ ਸਿਸਟਮ ਤੋਂ ਇਨਸਾਫ਼ ਦੀ ਲੋੜ ਹੁੰਦੀ ਹੈ ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਸਿੱਖੀ ਜੀਵਨ ਤੋਂ ਵਿਛੁੜਦੀ ਨੌਜਵਾਨੀ, ਪੰਥ ਲਈ ਸਭ ਤੋਂ ਵੱਡੀ ਚਿੰਤਾ ਦਾ ਵਿਸ਼ਾ— ਭਾਈ ਗੁਰਕੀਰਤ ਸਿੰਘ

### ਨੌਜਵਾਨੀ ਗੁਰੂ ਨਾਲ ਜੁੜੀ ਰਹੀ ਤਾਂ ਪੰਥ ਦਾ ਭਵਿੱਖ ਸੁਰੱਖਿਅਤ ਹੈ, ਜ਼ੇਕਰ ਗੁਰੂ ਤੋਂ ਵਿਛੁੜੀ ਤਾਂ ਨੁਕਸਾਨ ਸਾਰੀ ਕੌਮ ਦਾ ਹੈ

**ਨਵੀਂ ਦਿੱਲੀ 3 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਅੱਜ ਜਦੋਂ ਅਸੀਂ ਆਪਣੇ ਆਲੇ-ਦੁਆਲੇ ਨਜ਼ਰ ਮਾਰਦੇ ਹਾਂ ਤਾਂ ਦਿਲ ਦੁਖਦਾ ਹੈ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ਿਆ ਵਿਲੱਖਣ ਸਰੂਪ, ਗੁਰਬਾਣੀ ਨਾਲ ਪਿਆਰ ਅਤੇ ਗੁਰਸਿੱਖੀ ਦਾ ਜੀਵਨ ਬਹੁਤ ਸਾਰੇ ਨੌਜਵਾਨਾਂ ਦੇ ਜੀਵਨ ਵਿੱਚੋਂ ਹੌਲੀ-ਹੌਲੀ ਓਝਲ ਹੁੰਦਾ ਜਾ ਰਿਹਾ ਹੈ। ਕੇਸ, ਜੋ ਗੁਰੂ ਗੋਬਿੰਦ ਸਿੰਘ ਜੀ ਦੀ ਮੋਹਰ ਹਨ, ਉਹ ਅੱਜ ਫੈਸ਼ਨ ਦੇ ਨਾਂ ’ਤੇ ਛੱਡੇ ਜਾ ਰਹੇ ਹਨ। ਨਸ਼ੇ, ਮੋਬਾਈਲ ਦੀ ਲਤ, ਅਸ਼ਲੀਲਤਾ ਅਤੇ ਪੱਛਮੀ ਚਮਕ-ਦਮਕ ਨੇ ਮਨੁੱਖ ਦਾ ਮਨ ਇਸ ਤਰ੍ਹਾਂ ਬੰਨ੍ਹ ਲਿਆ ਹੈ ਕਿ ਉਸ ਨੂੰ ਆਪਣੇ ਗੁਰੂ ਦੀ ਬਖ਼ਸ਼ੀ ਦੌਲਤ ਦੀ ਕੀਮਤ ਹੀ ਭੁੱਲਦੀ ਜਾ ਰਹੀ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਭਾਈ ਗੁਰਕੀਰਤ ਸਿੰਘ, ਹਜ਼ੂਰੀ ਰਾਗੀ, ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਕਿਹਾ ਕਿ ਗੁਰੂ ਸਾਹਿਬ ਸਾਨੂੰ ਚੇਤਾਵਨੀ ਦਿੰਦੇ ਹਨ, “ਰੇ ਮਨ ਐਸੋ ਕਰਿ ਸਨਿਆਸਾ॥ ਬਨ ਸੇ ਸਦਨ ਸਭੈ ਕਰਿ ਸਮਝਹੁ ਮਨ ਹੀ ਮਾਹਿ ਉਦਾਸਾ॥” ਗੁਰਬਾਣੀ ਸਾਨੂੰ ਦੁਨੀਆ ਛੱਡਣ ਲਈ ਨਹੀਂ, ਸਗੋਂ ਦੁਨੀਆ ਵਿੱਚ ਰਹਿੰਦੇ ਹੋਏ ਵੀ ਵਿਕਾਰਾਂ ਤੋਂ ਬਚ ਕੇ ਗੁਰੂ ਨਾਲ ਜੁੜਨ ਦਾ ਉਪਦੇਸ਼ ਦਿੰਦੀ ਹੈ। ਜੇ ਮਨ ਗੁਰੂ ਨਾਲ ਜੁੜ ਗਿਆ ਤਾਂ ਕੋਈ ਵੀ ਨਸ਼ਾ, ਕੋਈ ਵੀ ਮੋਹ ਅਤੇ ਕੋਈ ਵੀ ਭਟਕਾਵਾ ਸਿੱਖ ਨੂੰ ਡੋਲ੍ਹਾ ਨਹੀਂ ਸਕਦਾ। ਭਾਈ ਗੁਰਕੀਰਤ ਸਿੰਘ ਨੇ ਦਸਿਆ ਕਿ ਸਾਡਾ ਇਤਿਹਾਸ ਸਿਰਫ਼ ਪੜ੍ਹਨ ਲਈ ਨਹੀਂ, ਜੀਵਨ ਵਿੱਚ ਉਤਾਰਨ ਲਈ ਹੈ। ਭਾਈ ਤਾਰੂ ਸਿੰਘ ਜੀ ਨੇ ਕੇਸਾਂ ਦੀ ਖ਼ਾਤਰ ਆਪਣੀ ਖੋਪੜੀ ਲੁਹਾ ਦਿੱਤੀ, ਭਾਈ ਸਤੀ ਦਾਸ ਜੀ ਨੂੰ ਰੂੰ ਵਿੱਚ ਲਪੇਟ ਕੇ ਜਿਊਂਦੇ ਸਾੜ ਦਿੱਤਾ ਗਿਆ, ਭਾਈ ਮਤੀ ਦਾਸ ਜੀ ਨੂੰ ਆਰੇ ਨਾਲ ਚੀਰ ਦਿੱਤਾ ਗਿਆ, ਪਰ ਕਿਸੇ ਨੇ ਵੀ ਗੁਰੂ ਨਾਲੋਂ ਆਪਣਾ ਰਿਸ਼ਤਾ ਨਹੀਂ ਤੋੜਿਆ। ਚਾਲੀ ਮੁਕਤਿਆਂ ਨੇ ਵੀ ਗੁਰੂ ਦੇ ਚਰਨਾਂ ਵਿੱਚ ਵਾਪਸ ਆ ਕੇ ਆਪਣਾ ਜੀਵਨ ਕਾਮਯਾਬ ਕੀਤਾ। ਜੇ ਉਹ ਮਹਾਨ ਰੂਹਾਂ ਜ਼ੁਲਮ ਦੇ ਸਾਹਮਣੇ ਅਡੋਲ ਰਹਿ ਸਕਦੀਆਂ ਸਨ ਤਾਂ ਅੱਜ ਅਸੀਂ ਫੈਸ਼ਨ, ਦੋਸਤਾਂ ਦੇ ਦਬਾਅ ਜਾਂ ਸੋਸ਼ਲ ਮੀਡੀਆ ਦੀ ਚਮਕ ਅੱਗੇ ਕਿਉਂ ਹਾਰ ਰਹੇ ਹਾਂ? ਗੁਰੂ ਸਾਹਿਬ ਦਾ ਬਚਨ ਹੈ, “ਕਬੀਰ ਮਨੁ ਜਾਨੈ ਸਭ ਬਾਤ ਜਾਨਤ ਹੀ ਅਉਗਨੁ ਕਰੈ॥” ਓਨ੍ਹਾ ਕਿਹਾ ਅਸੀਂ ਜਾਣਦੇ ਹਾਂ ਕਿ ਨਸ਼ਾ ਬਰਬਾਦੀ ਹੈ, ਕੇਸ ਗੁਰੂ ਦੀ ਬਖ਼ਸ਼ਿਸ਼ ਹਨ ਅਤੇ ਗੁਰਬਾਣੀ ਹੀ ਜੀਵਨ ਦਾ ਸਹਾਰਾ ਹੈ, ਫਿਰ ਵੀ ਜੇ ਅਸੀਂ ਜਾਣ-ਬੁੱਝ ਕੇ ਗੁਰੂ ਤੋਂ ਮੂੰਹ ਮੋੜੀਏ ਤਾਂ ਇਸ ਤੋਂ ਵੱਡੀ ਬਦਕਿਸਮਤੀ ਹੋਰ ਕੀ ਹੋ ਸਕਦੀ ਹੈ? ਓਨ੍ਹਾ ਕਿਹਾ ਅੱਜ ਲੋੜ ਸਿਰਫ਼ ਸਮਾਗਮਾਂ ਦੀ ਨਹੀਂ, ਸਗੋਂ ਘਰ-ਘਰ ਗੁਰਬਾਣੀ ਦੀ ਆਵਾਜ਼ ਗੂੰਜਣ ਦੀ ਹੈ। ਮਾਪੇ ਆਪਣੇ ਬੱਚਿਆਂ ਨੂੰ ਮਹਿੰਗੇ ਫ਼ੋਨ ਦੇਣ ਤੋਂ ਪਹਿਲਾਂ ਗੁਰੂ ਨਾਲ ਜੋੜਨ, ਗੁਰਦੁਆਰੇ ਨੌਜਵਾਨਾਂ ਲਈ ਗੁਰਮਤਿ ਦੀਆਂ ਪਾਠਸ਼ਾਲਾਵਾਂ ਬਣਨ ਅਤੇ ਹਰ ਗੁਰਸਿੱਖ ਆਪਣੇ ਜੀਵਨ ਨਾਲ ਸਿੱਖੀ ਦੀ ਮਿਸਾਲ ਪੇਸ਼ ਕਰੇ। ਯਾਦ ਰੱਖੀਏ, ਜੇਕਰ ਸਾਡੀ ਨੌਜਵਾਨੀ ਗੁਰੂ ਨਾਲ ਜੁੜ ਗਈ ਤਾਂ ਪੰਥ ਦਾ ਭਵਿੱਖ ਸੁਰੱਖਿਅਤ ਹੈ, ਪਰ ਜੇ ਨੌਜਵਾਨੀ ਗੁਰੂ ਤੋਂ ਦੂਰ ਹੋ ਗਈ ਤਾਂ ਇਹ ਨੁਕਸਾਨ ਕਿਸੇ ਇੱਕ ਪਰਿਵਾਰ ਦਾ ਨਹੀਂ, ਸਾਰੀ ਕੌਮ ਦਾ ਹੋਵੇਗਾ। ਇਸ ਲਈ ਆਓ, ਸ਼ਹੀਦਾਂ ਦੀ ਅਮਾਨਤ ਨੂੰ ਸੰਭਾਲੀਏ, ਗੁਰੂ ਦੇ ਬਖ਼ਸ਼ੇ ਸਰੂਪ ਨੂੰ ਮਾਣ ਨਾਲ ਜੀਵੀਏ ਅਤੇ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰੂ ਨਾਨਕ ਤੋਂ ਗੁਰੂ ਗੋਬਿੰਦ ਸਿੰਘ ਜੀ ਤੱਕ ਦੀ ਇਸ ਅਨਮੋਲ ਵਿਰਾਸਤ ਨਾਲ ਜੋੜੀਏ। ਇਹੀ ਸਿੱਖ ਦੀ ਜਿੱਤ ਹੈ, ਇਹੀ ਪੰਥ ਦੀ ਤਾਕਤ ਹੈ ਅਤੇ ਇਹੀ ਸਾਡੇ ਜੀਵਨ ਦਾ ਅਸਲ ਮਕਸਦ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਦੀ ਨਿਯੁਕਤੀ ਦੇ ਮੁੱਦੇ ਤੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਖੜ੍ਹੇ ਕੀਤੇ ਤਿੱਖੇ ਸਵਾਲ ਪ੍ਰੈਸ ਕਾਨਫਰੰਸ ਚ ਕੀਤਾ ਖੁਲਾਸਾ



**ਜੰਡਿਆਲਾ ਗੁਰੂ 3 ਅਗਸਤ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਹਲਕਾ ਜੰਡਿਆਲਾ ਗੁਰੂ ਤੋਂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਇਕ ਪ੍ਰੈਸ ਕਾਨਫਰੰਸ ਦੌਰਾਨ ਖੁਲਾਸਾ ਕੀਤਾ ਕਿ ਆਮ ਆਦਮੀ ਪਾਰਟੀ ਆਗੂ ਗੁਰਵਿੰਦਰ ਸਿੰਘ ਰੰਧਾਵਾ ਨੂੰ ਸਰਕਲ ਮਹਿਤਾ ਤੋਂ ਕਿਸਦੀ ਇਜਾਜਤ ਨਾਲ ਜੂਨ 2023 ਵਿਚ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਸੀ ਜਦੋਂ ਕਿ ਉਹ ਕੇਂਦਰ ਸਰਕਾਰ ਦੇ ਡਾਕਘਰ ਵਿਚ ਪੋਸਟਲ ਵਿਭਾਗ ਵਿਚ ਸਰਕਾਰੀ ਅਹੁਦੇ ਤੇ ਤਾਇਨਾਤ ਸਨ । ਡੈਨੀ ਬੰਡਾਲਾ ਨੇ ਦਸਿਆ ਕਿ ਇਹ ਮਾਮਲਾ ਉਸ ਸਮੇਂ ਸਾਹਮਣੇ ਆਇਆ ਜਦੋਂ ਐਡਵੋਕੇਟ ਨੀਰਜ ਸ਼ਰਮਾ ਵਲੋਂ ਇਸਦੀ ਜਾਣਕਾਰੀ ਆਰ ਟੀ ਆਈ ਰਾਹੀਂ ਪ੍ਰਾਪਤ ਕੀਤੀ ਗਈ ਅਤੇ ਇਹ ਘੁਟਾਲਾ ਸਾਹਮਣੇ ਆਉਣ ਤੋਂ ਬਾਅਦ ਕਰੀਬ 14 ਮਹੀਨੇ ਦੋਹਾਂ ਅਹੁਦਿਆਂ ਤੋਂ ਫਾਇਦਾ ਲੈਣ ਤੋਂ ਬਾਅਦ ਗੁਰਵਿੰਦਰ ਸਿੰਘ ਵਲੋਂ 2024 ਵਿਚ ਸਰਕਾਰੀ ਨੌਕਰੀ ਤੋਂ ਅਸਤੀਫ਼ਾ ਦੇ ਦਿੱਤਾ ਗਿਆ । ਓਹਨਾਂ ਨੇ ਦਸਿਆ ਕਿ ਮੌਜੂਦਾ ਹਲਕਾ ਵਿਧਾਇਕ ਹਰਭਜਨ ਸਿੰਘ ਈਟੀਓ ਵਲੋਂ ਵੀ ਸਿਆਸਤ ਵਿੱਚ ਸ਼ਾਮਿਲ ਹੋਣ ਲਈ ਚੋਣਾਂ ਵਿਚ ਹਿੱਸਾ ਲੈਣ ਤੋਂ ਪਹਿਲਾਂ ਸਰਕਾਰੀ ਨੌਕਰੀ ਤੋਂ ਅਸਤੀਫ਼ਾ ਦਿੱਤਾ ਗਿਆ ਸੀ ਪਰ ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ ਦੀ ਚੇਅਰਮੈਨ ਦੀ ਤਾਜਪੋਸ਼ੀ ਮੌਕੇ ਓਹਨਾਂ ਦੀ ਸਰਕਾਰੀ ਨੌਕਰੀ ਕਿਉਂ ਨਹੀਂ ਛੁਡਾਈ ਗਈ ? ਜੋ ਕਿ ਸਵਾਲਾਂ ਦੇ ਘੇਰੇ ਵਿਚ ਆਉਂਦੀ ਹੈ ਅਤੇ ਇਹ ਸਿੱਧਾ ਸਿੱਧਾ ਕਾਨੂੰਨ ਦੀਆਂ ਅੱਖਾਂ ਵਿਚ ਘੱਟਾ ਪਾਉਣ ਵਾਲਾ ਕੰਮ ਹੈ । ਡੈਨੀ ਬੰਡਾਲਾ ਨੇ ਕਿਹਾ ਕਿ ਇਹ ਸਰਾਸਰ ਧੋਖਾਧੜੀ ਦਾ ਮਾਮਲਾ ਹੈ ਅਤੇ ਇਸ ਬਾਬਤ ਮਾਮਲਾ ਦਰਜ ਹੋਣਾ ਚਾਹੀਦਾ ਹੈ । ਓਹਨਾਂ ਕਿਹਾ ਕਿ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਦੀ ਨਿਯੁਕਤੀ ਦਾ ਮੁੱਦਾ ਬਹੁਤ ਗੰਭੀਰ ਹੈ ਕੇਂਦਰ ਸਰਕਾਰ ਦੇ ਪੋਸਟਲ ਵਿਭਾਗ ਵਿੱਚ ਨੌਕਰੀ ਕਰ ਰਿਹਾ ਵਿਅਕਤੀ ਦੂਸਰਾ ਸੰਵਿਧਾਨਕ ਅਹੁਦਾ ਕਿਵੇ ਪ੍ਰਾਪਤ ਕਰ ਸਕਦਾ ਹੈ ਅਤੇ ਇਸ ਸਬੰਧੀ ਸਰਕਾਰੀ ਧਿਰ ਨੂੰ ਕੀ ਦਬਾਅ ਸੀ ਕਿ ਸਰਕਾਰੀ ਨੌਕਰੀ ਛੱਡੇ ਬਿਨਾਂ ਚੇਅਰਮੈਨ ਥਾਪ ਦਿੱਤਾ ਗਿਆ ਅਤੇ ਕਿਵੇਂ ਦੋ ਤਨਖ਼ਾਹਾਂ ਲੈਂਦਾ ਰਿਹਾ ? ਓਹਨਾਂ ਦਸਿਆ ਕਿ ਇਸਤੋਂ ਇਲਾਵਾ 51 ਦਿਨ ਛੁੱਟੀਆਂ ਦੇ ਪੈਸੇ ਵੀ ਨੌਕਰੀ ਦੌਰਾਨ ਸਰਕਾਰੀ ਖਾਤੇ ਵਿੱਚੋ ਲਏ ਗਏ ਸਨ । ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਇਸ ਤੇ ਸਖ਼ਤ ਕਨੂੰਨੀ ਅਤੇ ਵਿਭਾਗੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ । ਇਸ ਸਬੰਧੀ ਜਦ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ ਦਾ ਪਤਰਕਾਰ ਵਲੋਂ ਫੋਨ ਤੇ ਪੱਖ ਲਿਆ ਗਿਆ ਤਾਂ ਉਹਨਾਂ ਨੇ ਕੋਈ ਸਪਸ਼ਟ ਜਵਾਬ ਨਾ ਦਿੰਦੇ ਹੋਏ ਕਿਹਾ ਕਿ ਮੈਂ ਹੁਣ ਕੋਈ ਸਰਕਾਰੀ ਨੌਕਰੀ ਨਹੀਂ ਕਰਦਾ ਅਤੇ ਨਾ ਹੀ ਚੇਅਰਮੈਨ ਦੀ ਕੋਈ ਤਨਖਾਹ ਹੁੰਦੀ ਹੈ । ਪ੍ਰੈਸ ਕਾਨਫਰੰਸ ਦੌਰਾਨ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਨਾਟੀ ਸ਼ਹਿਰੀ ਪ੍ਰਧਾਨ ਕਾਂਗਰਸ ਕਮੇਟੀ ਜੰਡਿਆਲਾ ਗੁਰੂ, ਸਾਬਕਾ ਸਰਪੰਚ ਜਗਜੀਤ ਸਿੰਘ ਜੋਗੀ, ਮਲਕੀਤ ਸਿੰਘ ਸਰਜਾ ਸਾਬਕਾ ਸਰਪੰਚ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਵੱਡਾ ਝਟਕਾ

# ਸਾਬਕਾ ਵਿਧਾਇਕ ਡਾ. ਦਲਬੀਰ ਸਿੰਘ ਵੇਰਕਾ ਅਤੇ ਐਸਜੀਪੀਸੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਲ







**ਅੰਮ੍ਰਿਤਸਰ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਹੋਈ ਇੱਕ ਅਹਿਮ ਪ੍ਰੈਸ ਕਾਨਫ਼ਰੰਸ ਦੌਰਾਨ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਸਾਬਕਾ ਵਿਧਾਇਕ ਡਾ. ਦਲਬੀਰ ਸਿੰਘ ਵੇਰਕਾ ਅਤੇ ਮੌਜੂਦਾ ਐਸਜੀਪੀਸੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ ਆਪਣੇ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋ ਗਏ। ਇਹ ਸ਼ਮੂਲੀਅਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਤੇ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਯਾ ਸਿੰਘ, ਬਾਬਾ ਬਿਬੇਕ ਸਿੰਘ ਜੀ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਮਹਿੰਦਰਪਾਲ ਸਿੰਘ ਤੁੰਗ, ਸੁਖਨੰਦਨ ਸਿੰਘ ਮੈਹਣੀਆ ਚੇਅਰਮੈਨ ਵਾਟਰ ਸਪਲਾਈ ਯੂਨੀਅਨ ਪੰਜਾਬ, ਮਨਜੀਤ ਸਿੰਘ ਰਾਅਪੁਰ , ਮਹਿਲ ਸਿੰਘ ਸਾਬਕਾ ਸਰਪੰਚ ਛਾਪਾ, ਮਨਧੀਰ ਸਿੰਘ ਰਸੂਲਪੁਰ ਸਾਬਕਾ ਬਲਾਕ ਸੰਮਤੀ ਮੈਂਬਰ, ਭਾਈ ਗੁਰਦੀਪ ਸਿੰਘ ਮੱਖਣਵਿੰਡੀ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਭਾਈ ਜਸਪਾਲ ਸਿੰਘ ਸਾਹਬੀ, ਭਾਈ ਗੁਰਜੀਤ ਸਿੰਘ ਖਾਲਸਾ, ਭਾਈ ਮਨਿੰਦਰ ਸਿੰਘ ਬੰਡਾਲਾ, ਟੋਨੀ ਭਿੰਡਰ, ਸ੍ਰ ਸੱਜਣ ਸਿੰਘ, ਸ੍ਰ ਬਲਵਿੰਦਰ ਸਿੰਘ, ਸ੍ਰ ਸਤਨਾਮ ਸਿੰਘ, ਸ੍ਰ ਹਰਦੇਵ ਸਿੰਘ, ਸ੍ਰ ਜੋਗਿੰਦਰ ਸਿੰਘ, ਸ੍ਰ ਸੁਪਨਦੀਪ ਸਿੰਘ, ਸ੍ਰ ਲਖਬੀਰ ਸਿੰਘ, ਸ੍ਰ ਅੰਗਰੇਜ ਸਿੰਘ, ਸ੍ਰ ਅਮਰਜੀਤ ਸਿੰਘ ਰਾਜ, ਸ੍ਰ ਜਗਦੀਪ ਸਿੰਘ ਜੱਗੀ ਸਮੇਤ ਸ਼ਾਮਿਲ ਹੋਏ ਆਗੂਆਂ ਦੇ ਸੈਂਕੜੇ ਸਾਥੀ ਮੌਜੂਦ ਸਨ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਜਿਹੜੇ ਲੋਕ ਪੰਜਾਬ ਦੇ ਹਿੱਤਾਂ, ਪੰਥਕ ਸਿਧਾਂਤਾਂ ਅਤੇ ਲੋਕਾਂ ਦੀ ਆਵਾਜ਼ ਲਈ ਇਮਾਨਦਾਰੀ ਨਾਲ ਸੰਘਰਸ਼ ਕਰਨਾ ਚਾਹੁੰਦੇ ਹਨ, ਪਾਰਟੀ ਦੇ ਦਰਵਾਜ਼ੇ ਉਨ੍ਹਾਂ ਲਈ ਹਮੇਸ਼ਾ ਖੁੱਲ੍ਹੇ ਹਨ।ਉਹਨਾਂ ਕਿਹਾ ਕਿ ਡਾ. ਦਲਬੀਰ ਸਿੰਘ ਵੇਰਕਾ ਅਤੇ ਬਿਕਰਮਜੀਤ ਸਿੰਘ ਕੋਟਲਾ ਵਰਗੇ ਤਜਰਬੇਕਾਰ ਆਗੂਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਨਵੀਂ ਮਜ਼ਬੂਤੀ ਮਿਲੇਗੀ ਅਤੇ ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਕਈ ਇਮਾਨਦਾਰ, ਪੰਥ ਦਰਦੀ 'ਤੇ ਪੰਜਾਬ ਪੱਖੀ ਆਗੂ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜਣਗੇ, ਜਿਸ ਨਾਲ ਪੰਜਾਬ ਦੇ ਹੱਕਾਂ ਦੀ ਲੜਾਈ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਡਾ. ਦਲਬੀਰ ਸਿੰਘ ਵੇਰਕਾ ਅਤੇ ਬਿਕਰਮਜੀਤ ਸਿੰਘ ਕੋਟਲਾ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਅਤੇ ਪੰਥ ਦੇ ਹਿੱਤਾਂ ਨੂੰ ਪਹਿਲ ਦੇਣ ਦੇ ਮੰਤਵ ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਸਿਧਾਂਤਾਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਪੰਜਾਬ ਦੇ ਹੱਕਾਂ ਲਈ ਹਰ ਸੰਘਰਸ਼ ਵਿੱਚ ਮੋਹਰੀ ਭੂਮਿਕਾ ਨਿਭਾਉਣਗੇ। ਪ੍ਰੈਸ ਕਾਨਫ਼ਰੰਸ ਦੌਰਾਨ ਪਾਰਟੀ ਆਗੂਆਂ ਵਰਕਰਾਂ ਵੱਲੋਂ ਨਵੇਂ ਸ਼ਾਮਲ ਹੋਏ ਆਗੂਆਂ ਦਾ ਨਿੱਘਾ ਸਵਾਗਤ ਕਰਦਿਆਂ ਇਸ ਸ਼ਮੂਲੀਅਤ ਨੂੰ ਪਾਰਟੀ ਲਈ ਇੱਕ ਅਹਿਮ ਅਤੇ ਇਤਿਹਾਸਕ ਕਦਮ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਭਰ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਹੋਰ ਵੱਡਾ ਜਨ ਸਮਰਥਨ ਮਿਲੇਗਾ ਅਤੇ ਪਾਰਟੀ ਦੀ ਜਥੇਬੰਦਕ ਤਾਕਤ ਵਿੱਚ ਹੋਰ ਵਾਧਾ ਹੋਵੇਗਾ।

**ਬਾਪੂ ਤਰਸੇਮ ਸਿੰਘ ਦੀ ਅਗਵਾਈ ਹੇਠ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਸੈਂਕੜੇ ਸਾਥੀਆਂ ਸਮੇਤ ਹੋਈ ਸ਼ਮੂਲੀਅਤ**

ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਦੀ

# ਫੁੱਟਬਾਲ ਟੀਮ ਨੇ ਤਰਸਿੱਕਾ ਵਿੱਖੇ ਜਿੱਤ ਪ੍ਰਾਪਤ ਕੀਤੀ

**ਚੌਕ ਮਹਿਤਾ, 3 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀਆਂ ਨਾਮਵਰ ਵਿਦਿਅਕ ਸੰਸਥਾਵਾਂ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ, ਚੂੰਗ ਦੀ ਫੁੱਟਬਾਲ ਟੀਮ ਨੇ ਤਰਸਿੱਕਾ ਵਿੱਚ ਹੋਣ ਵਾਲੇ ਜੋਨਲ ਅਤੇ ਜਿਲ੍ਹਾ ਪੱਧਰੀ ਹੋਣ ਵਾਲੇ ਸਕੂਲ ਟੂਰਨਾਮੈਂਟ ਵਿੱਚ ਰਿਕਾਰਡ ਤੋੜ ਜਿੱਤ ਪ੍ਰਾਪਤ ਕੀਤੀ ਹੈ। ਸਕੂਲ ਦੀ ਟੀਮ ਵੱਲੋਂ ਹੋਣ ਵਾਲੇ ਚਾਰ ਮੈਚਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਗਈ। ਟੀਮ ਨੇ ਪਹਿਲਾ ਮੈਚ 1-0 ਨਾਲ, ਦੂਸਰਾ ਮੈਚ 3-0 ਨਾਲ, ਤੀਸਰਾ ਮੈਚ 1-0 ਦੇ ਨਾਲ ਅਤੇ ਫਾਈਨਲ ਮੈਚ 4-0 ਨਾਲ ਲਗਾਤਾਰ ਜਿੱਤ ਕੇ ਰਿਕਾਰਡ ਤੋੜ ਜਿੱਤ ਪ੍ਰਾਪਤ ਕੀਤੀ। ਰਣਵਿਜੇ ਸਿੰਘ, ਅਭੀਜੋਤ ਸਿੰਘ, ਹਰਮਨਜੀਤ ਸਿੰਘ, ਏਕਮਜੋਤ ਸਿੰਘ, ਕਰਮਪ੍ਰੀਤ ਸਿੰਘ, ਮਨਬੀਰ ਸਿੰਘ, ਰੋਹਿਤਪ੍ਰੀਤ ਸਿੰਘ, ਅੰਸ਼ਵੀਰ ਸਿੰਘ, ਹਰਪ੍ਰੀਤ ਸਿੰਘ ਸਮਰਪ੍ਰਤਾਪ ਸਿੰਘ ਅਤੇ ਏਕਮ ਸਿੰਘ ਨੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਂ ਚਮਕਾਇਆ। ਸਕੂਲ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਅਤੇ ਡਾਇਰੈਕਟਰ ਸ਼੍ ਤੇਜਬੀਰ ਸਿੰਘ ਸੋਹਲ ਨੇ ਵਿਦਿਆਰਥੀਆਂ ਨੂੰ ਅਤੇ ਉਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ। ਉਹਨਾਂ ਨੇ ਕਿਹਾ ਕਿ ਇਹ ਕੋਚ ਜਤਿੰਦਰ ਸਿੰਘ ਖੱਬੇ ਰਾਜਪੂਤਾਂ, ਡੀਪੀ ਹਰਮਿੰਦਰ ਕੌਰ ਅਤੇ ਡੀਪੀ ਹਰਪ੍ਰੀਤ ਕੌਰ ਦੀਆਂ ਅਣਥੱਕ ਕੋਸ਼ਿਸ਼ਾਂ ਦਾ ਨਤੀਜਾ ਹੈ। ਹੁਣ ਇਹ ਟੀਮ ਅਗਲੇਰੇ ਆਉਣ ਵਾਲੇ ਟੂਰਨਾਮੈਂਟ ਦੀ ਤਿਆਰੀ ਵਿੱਚ ਜੁਟ ਜਾਵੇਗੀ।



# ਮਾਤਾ ਸੁਦੇਸ਼ ਰਾਣੀ ਦੀ ਯਾਦਗਾਰੀ ਨੂੰ ਸਮਰਪਿਤ ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ



**ਤਲਵੰਡੀ ਸਾਬੋ, 3 ਅਗਸਤ (ਗੁਰਜੰਟ ਸਿੰਘ ਨਥੇਹਾ)**- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵਿਖੇ ਮਾਤਾ ਸੁਦੇਸ਼ ਰਾਣੀ ਦੀ ਯਾਦਗਾਰੀ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ, ਜਿਨ੍ਹਾਂ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਦੀ ਅਗਵਾਈ ਹੇਠ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸ਼ਰਧਾ ਨਾਲ ਹਾਜ਼ਰੀ ਭਰੀ।ਸਵੇਰ ਤੋਂ ਹੀ ਸਕੂਲ ਦਾ ਮਾਹੌਲ ਧਾਰਮਿਕ ਰੰਗ ਵਿੱਚ ਰੰਗਿਆ ਹੋਇਆ ਸੀ।ਇਸ ਧਾਰਮਿਕ ਸਮਾਗਮ ਦੀ ਸ਼ੁਰੂਆਤ ਕਰਦਿਆਂ ਮਾਤਾ ਸੁਦੇਸ਼ ਰਾਣੀ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ ।ਸਮਾਗਮ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਪਾਠ ਕਰਕੇ ਗੁਰਬਾਣੀ ਸਰਵਣ ਕੀਤੀ ਅਤੇ ਆਤਮਿਕ ਸ਼ਾਂਤੀ ਦਾ ਅਨੁਭਵ ਕੀਤਾ। ਸਮਾਗਮ ਦੇ ਅੰਤ ਵਿੱਚ ਸਮੂਹ ਅਧਿਆਪਕ ਅਤੇ ਵਿਦਿਆਰਥੀ ਅਰਦਾਸ 'ਚ ਸ਼ਾਮਲ ਹੋਏ।ਅਰਦਾਸ ਤੋਂ ਬਾਅਦ ਸਾਰਿਆਂ ਨੇ ਕੜਾਹ ਪ੍ਰਸ਼ਾਦ ਛਕਿਆ। ਵਿਦਿਆਰਥੀਆਂ ਨੇ ਬਹੁਤ ਹੀ ਅਨੁਸ਼ਾਸਨ ਵਿੱਚ ਰਹਿ ਕੇ ਪਾਠ ਸੁਣਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ, ਸੀਨੀਅਰ ਸਕੂਲ ਕੋਆਰਡੀਨੇਟਰ ਮੈਡਮ ਬੇਅੰਤ ਕੌਰ, ਜੂਨੀਅਰ ਕੋਆਰਡੀਨੇਟਰ ਮੈਡਮ ਕਿਰਨਦੀਪ ਕੌਰ, ਮੈਡਮ ਪਰਮਿੰਦਰ ਕੌਰ ਅਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਪੰਜਾਬ ਰਾਜ ਖੁਰਾਕ ਕਮਿਸ਼ਨ ਮੈਂਬਰ ਵਿਜੇ ਦੱਤ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚ ਅਚਨਚੇਤ ਨਿਰੀਖਣ





ਜੰਡਿਆਲਾਗੁਰੂ 3 ਅਗਸਤ( ਕੁਲਵੰਤ ਸਿੰਘ ਵਿਰਦੀ ) ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਸ੍ਰੀ ਵਿਜੇ ਦੱਤ ਨੇ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੇ ਜੰਡਿਆਲਾ ਬਲਾਕ ਦੇ ਮਾਨਾਵਾਲਾ ਖੇਤਰ ਅਤੇ ਤਲਵੰਡੀ ਡੋਗਰਾ ਪਿੰਡ ਵਿੱਚ ਵੱਖ-ਵੱਖ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਅਚਨਚੇਤ ਨਿਰੀਖਣ ਕੀਤਾ। ਨਿਰੀਖਣ ਦੌਰਾਨ, ਉਨ੍ਹਾਂ ਨੇ 'ਰਾਸ਼ਟਰੀ ਖੁਰਾਕ ਸੁਰੱਖਿਆ ਐਕਟ (NFSA), 2013' ਤਹਿਤ ਲਾਗੂ ਕੀਤੀਆਂ ਜਾ ਰਹੀਆਂ ਸਕੀਮਾਂ ਦੇ ਜ਼ਮੀਨੀ ਪੱਧਰ 'ਤੇ ਅਮਲ ਦਾ ਜਾਇਜ਼ਾ ਲਿਆ।ਨਿਰੀਖਣ ਦੌਰਾਨ, ਸ੍ਰੀ ਵਿਜੇ ਦੱਤ ਨੇ ਮਿਡ-ਡੇ-ਮੀਲ ਸਕੀਮ, ਬੱਚਿਆਂ ਨੂੰ ਪਰੋਸੇ ਜਾਣ ਵਾਲੇ ਭੋਜਨ ਦੀ ਗੁਣਵੱਤਾ, ਸਫਾਈ, ਰਸੋਈ ਦੇ ਪ੍ਰਬੰਧਾਂ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਉਪਲਬਧਤਾ ਦੀ ਬਾਰੀਕੀ ਨਾਲ ਜਾਂਚ ਕੀਤੀ।ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਸਟਾਫ ਨੂੰ ਹਦਾਇਤ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਬੱਚਿਆਂ ਨੂੰ ਸਾਫ਼, ਪੌਸ਼ਿਟਕ ਅਤੇ ਵਧੀਆ ਗੁਣਵੱਤਾ ਵਾਲਾ ਭੋਜਨ ਮਿਲੇ ਅਤੇ ਨਿਰਧਾਰਤ ਨਿਯਮਾਂ ਤੇ ਦਿਸ਼ਾ-ਨਿਰਦੇਸ਼ਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ।ਉਨ੍ਹਾਂ ਨੇ ਮਿਡ-ਡੇ-ਮੀਲ ਤਿਆਰ ਕਰਨ ਵਾਲੀਆਂ ਮਹਿਲਾ ਰਸੋਈਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਭੋਜਨ ਤਿਆਰ ਕਰਨ ਵੇਲੇ ਸਹੀ ਸਫਾਈ ਬਣਾਈ ਰੱਖਣ ਅਤੇ ਸਿਹਤ ਤੇ ਸੁਰੱਖਿਆ ਦੇ ਸਾਰੇ ਮਾਪਦੰਡਾਂ ਦੀ ਸਖਤੀ ਨਾਲ ਪਾਲਣਾ ਕਰਨ।ਸ੍ਰੀ ਵਿਜੇ ਦੱਤ ਨੇ ਸਕੂਲ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਕਿ ਉਹ ਪੀਣ ਵਾਲੇ ਪਾਣੀ ਦੀ ਸਮੇਂ-ਸਮੇਂ 'ਤੇ ਟੀ.ਡੀ.ਐਸ. ਜਾਂਚ ਯਕੀਨੀ ਬਣਾਉਣ ਅਤੇ 'ਭੋਜਨ ਦੇ ਸੁਆਦ ਸਬੰਧੀ ਰਜਿਸਟਰ' ਨੂੰ ਨਿਯਮਤ ਤੌਰ 'ਤੇ ਬਣਾਈ ਰੱਖਣ। ਉਨ੍ਹਾਂ ਨੇ ਬੱਚਿਆਂ ਅਤੇ ਮਿਡ-ਡੇ-ਮੀਲ ਰਸੋਈਆਂ ਦੋਵਾਂ ਦੀ ਨਿਯਮਤ ਸਿਹਤ ਜਾਂਚ ਕਰਵਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।ਨਿਰੀਖਣ ਦੌਰਾਨ, ਸਕੂਲ ਪ੍ਰਬੰਧਕਾਂ ਨੇ ਸ੍ਰੀ ਵਿਜੇ ਦੱਤ ਦੇ ਧਿਆਨ ਵਿੱਚ ਇੱਕ ਅਹਿਮ ਮਾਮਲਾ ਵੀ ਲਿਆਂਦਾ। ਉਨ੍ਹਾਂ ਨੇ ਦੱਸਿਆ ਕਿ ਸਥਾਨਕ ਇੰਡੇਨ ਗੈਸ ਏਜੰਸੀ ਵੱਲੋਂ ਐਲ.ਪੀ.ਜੀ. ਸਿਲੰਡਰਾਂ ਦੀ ਸਪਲਾਈ ਨਿਯਮਤ ਅਤੇ ਸਮੇਂ ਸਿਰ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਸਕੂਲ ਨੂੰ ਕਈ ਵਾਰ ਬਾਲਣ (ਲੱਕੜਾਂ) ਦੀ ਵਰਤੋਂ ਕਰਕੇ ਮਿਡ-ਡੇ-ਮੀਲ ਤਿਆਰ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ, ਸ੍ਰੀ ਵਿਜੇ ਦੱਤ ਨੇ ਭਰੋਸਾ ਦਿਵਾਇਆ ਕਿ ਉਹ ਇਸ ਮਸਲੇ ਦੇ ਜਲਦੀ ਹੱਲ ਲਈ ਸਬੰਧਤ ਅਧਿਕਾਰੀਆਂ ਅਤੇ ਗੈਸ ਏਜੰਸੀ ਨਾਲ ਤੁਰੰਤ ਗੱਲਬਾਤ ਕਰਨਗੇ। ਉਨ੍ਹਾਂ ਕਿਹਾ ਕਿ ਕਿਸੇ ਵੀ ਹਾਲਤ ਵਿੱਚ ਬੱਚਿਆਂ ਲਈ ਖਾਣਾ ਤਿਆਰ ਕਰਨ ਦੇ ਕੰਮ ਵਿੱਚ ਵਿਘਨ ਨਹੀਂ ਪੈਣਾ ਚਾਹੀਦਾ ਅਤੇ ਭਵਿੱਖ ਵਿੱਚ ਅਜਿਹੀਆਂ ਮੁਸ਼ਕਲਾਂ ਨੂੰ ਰੋਕਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।ਉਨ੍ਹਾਂ ਨੇ ਸਪੱਸ਼ਟ ਚੇਤਾਵਨੀ ਦਿੱਤੀ ਕਿ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ, 2013 ਅਤੇ ਇਸ ਦੇ ਅਧੀਨ ਚੱਲ ਰਹੀਆਂ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਲਾਪਰਵਾਹੀ ਦੇ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਨੇ ਅੱਗੇ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ, 2013 ਜਾਂ ਇਸ ਦੇ ਤਹਿਤ ਲਾਗੂ ਕੀਤੀ ਗਈ ਕਿਸੇ ਵੀ ਯੋਜਨਾ ਬਾਰੇ ਕੋਈ ਸ਼ਿਕਾਇਤ ਜਾਂ ਗਿਲਾ-ਸ਼ਿਕਵਾ ਹੈ, ਤਾਂ ਉਹ ਹੈਲਪਲਾਈਨ ਨੰਬਰ: 98767-64545 'ਤੇ ਕਾਲ ਕਰਕੇ ਪੰਜਾਬ ਰਾਜ ਖੁਰਾਕ ਕਮਿਸ਼ਨ ਕੋਲ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ।

### ਪੰਜਾਬ ਸਰਕਾਰ ਨੇ ਸਾਢੇ ਚਾਰ ਸਾਲਾਂ ਵਿੱਚ

# ਹਰ ਵਰਗ ਦੇ ਵਿਕਾਸ ਲਈ ਕੀਤੇ ਇਤਿਹਾਸਕ ਕੰਮ- ਪ੍ਰੋ. ਬਲਜਿੰਦਰ ਕੌਰ








**ਤਲਵੰਡੀ ਸਾਬੋ, 3 ਅਗਸਤ (ਗੁਰਜੰਟ ਸਿੰਘ ਨਥੇਹਾ)**- ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰਾਪਤ ਪ੍ਰੋ. ਬਲਜਿੰਦਰ ਕੌਰ ਨੇ ਅੱਜ ਪਿੰਡ ਨੰਗਲਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪੰਜਾਬ ਸਰਕਾਰ ਦੇ ਸਾਢੇ ਚਾਰ ਸਾਲਾਂ ਦਾ ਰਿਪੋਰਟ ਕਾਰਡ ਪੇਸ਼ ਕਰਦਿਆਂ ਸਰਕਾਰ ਵੱਲੋਂ ਕੀਤੇ ਵਾਅਦਿਆਂ, ਲੋਕ ਭਲਾਈ ਯੋਜਨਾਵਾਂ ਅਤੇ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੱਤਾ ਸੰਭਾਲਣ ਤੋਂ ਬਾਅਦ ਹਰ ਵਰਗ ਦੀ ਭਲਾਈ ਨੂੰ ਪਹਿਲ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਰੋਜ਼ਗਾਰ, ਬਿਜਲੀ, ਕਿਸਾਨੀ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਇਤਿਹਾਸਕ ਫ਼ੈਸਲੇ ਲਏ ਗਏ ਹਨ, ਜਿਨ੍ਹਾਂ ਦਾ ਲਾਭ ਆਮ ਲੋਕਾਂ ਨੂੰ ਸਿੱਧੇ ਤੌਰ 'ਤੇ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਹੈ ਅਤੇ ਵਿਕਾਸ ਦੇ ਕੰਮ ਬਿਨਾਂ ਕਿਸੇ ਭੇਦਭਾਵ ਦੇ ਸੂਬੇ ਦੇ ਹਰ ਖੇਤਰ ਵਿੱਚ ਕਰਵਾਏ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਵੀ ਕੀਤੀ। ਉਹਨਾਂ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਸਾਰੀਆਂ ਮਹਿਲਾਵਾਂ ਨੂੰ ਇਹ ਮਦਦ ਹਰ ਹਾਲਤ ਰਹੇਗੀ ਬਸ਼ਰਤੇ ਕਿ ਫਾਰਮ ਹੋਣਾ ਚਾਹੀਦਾ ਹੈ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵੀ ਹਾਰ ਪਿੰਡ ਵਿਚੋਂ ਬਜ਼ੁਰਗਾਂ ਨੂੰ ਤੀਰਥ ਅਸਥਾਨਾਂ ਦੀ ਯਾਤਰਾ ਕਰਵਾਈ ਜਾ ਰਹੀ ਜਿਸ ਤੋਂ ਬਜ਼ੁਰਗ ਬਹੁਤ ਖੁਸ਼ ਹਨ। ਲੋਕ ਮਿਲਣੀ ਦੌਰਾਨ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਵੀ ਧਿਆਨ ਨਾਲ ਸੁਣੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਕਾ ਪ੍ਰਧਾਨ ਬਿੱਕਰ ਸਿੰਘ ਨਥੇਹਾ, ਨਵਦੀਪ ਸਿੰਘ ਗੋਲੇਵਾਲਾ ਬਲਾਕ ਪ੍ਰਧਾਨ ਯੂਥ, ਸਰਪੰਚ ਰਾਜਿੰਦਰ ਕੌਰ ਨੰਗਲਾ, ਰਾਜ ਸਿੰਘ ਨੰਬਰਦਾਰ, ਉੱਗਰ ਸਿੰਘ, ਗੁਰਮੇਲ ਸਿੰਘ ਆਦਿ ਹਾਜ਼ਰ ਸਨ।

### ਭਾਜਪਾ ਵਿੱਚ ਵਿਰਾਸਤ ਨਹੀਂ

# ਯੋਗਤਾ ਅਤੇ ਸਮਰਪਣ ਦੇ ਆਧਾਰ 'ਤੇ ਮਿਲਦੀਆਂ ਹਨ ਜ਼ਿੰਮੇਵਾਰੀਆਂ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਸ਼੍ਰੀ ਨਿਤਿਨ ਨਬੀਨ ਦੀ ਮਨਜ਼ੂਰੀ ਨਾਲ ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਵੱਲੋਂ ਪੰਜਾਬ ਭਾਜਪਾ ਦੇ ਸੂਬਾ ਅਹੁਦੇਦਾਰਾਂ ਅਤੇ ਕੁਝ ਜ਼ਿਲ੍ਹਾ ਪ੍ਰਧਾਨਾਂ ਦੀਆਂ ਨਵੀਆਂ ਨਿਯੁਕਤੀਆਂ ਅਤੇ ਸੰਗਠਨ ਫੇਰਬਦਲ ਦਾ ਸਵਾਗਤ ਕਰਦਿਆਂ ਨਵੀਆਂ ਜ਼ਿੰਮੇਵਾਰੀਆਂ ਸੰਭਾਲਣ ਵਾਲੇ ਸਮੂਹ ਅਹੁਦੇਦਾਰਾਂ ਨੂੰ ਦਿਲੋਂ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਵੀਂ ਟੀਮ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਅਤੇ ਸੰਗਠਨ ਮੰਤਰੀ ਸ਼੍ਰੀ ਮੰਥਰੀ ਸ੍ਰੀਨਿਵਾਸਲੂ ਦੀ ਅਗਵਾਈ ਹੇਠ ਸੰਗਠਨ ਨੂੰ ਹੋਰ ਮਜ਼ਬੂਤ ਕਰਦਿਆਂ ਪੰਜਾਬ ਵਿੱਚ ਭਾਜਪਾ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਵੇਗੀ।

ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਪਰਿਵਾਰਵਾਦੀ ਜਾਂ ਵਿਅਕਤੀ-ਕੇਂਦਰਿਤ ਪਾਰਟੀ ਨਹੀਂ ਹੈ। ਇੱਥੇ ਅਹੁਦੇ ਕਿਸੇ ਪਰਿਵਾਰ ਜਾਂ ਵਿਰਾਸਤ ਦੇ ਆਧਾਰ 'ਤੇ ਨਹੀਂ, ਸਗੋਂ ਯੋਗਤਾ, ਮਿਹਨਤ, ਸਮਰਪਣ ਅਤੇ ਸੰਗਠਨ ਪ੍ਰਤੀ ਵਚਨਬੱਧਤਾ ਦੇ ਆਧਾਰ 'ਤੇ ਦਿੱਤੇ ਜਾਂਦੇ ਹਨ। ਇਸੇ ਲਈ ਪਾਰਟੀ ਵਿੱਚ ਆਮ ਤੌਰ 'ਤੇ ਹਰ ਤਿੰਨ ਸਾਲਾਂ ਬਾਅਦ ਸੰਗਠਨਕ ਜ਼ਿੰਮੇਵਾਰੀਆਂ ਦਾ ਮੁਲਾਂਕਣ ਕਰਕੇ ਨਵੀਆਂ ਨਿਯੁਕਤੀਆਂ ਅਤੇ ਤਬਦੀਲੀਆਂ ਕੀਤੀਆਂ ਜਾਂਦੀਆਂ ਹਨ, ਤਾਂ ਜੋ ਨਵੀਂ ਊਰਜਾ, ਨਵੀਂ ਸੋਚ ਅਤੇ ਨਵੀਂ ਅਗਵਾਈ ਨੂੰ ਮੌਕਾ ਮਿਲ ਸਕੇ। ਇਹੀ ਭਾਜਪਾ ਦੇ ਅੰਦਰੂਨੀ ਲੋਕਤੰਤਰ ਅਤੇ ਮਜ਼ਬੂਤ ਸੰਗਠਨਕ ਪਰੰਪਰਾ ਦੀ ਵਿਲੱਖਣ ਪਛਾਣ ਹੈ। ਪ੍ਰੋ. ਖਿਆਲਾ ਨੇ ਪੰਜਾਬ ਭਾਜਪਾ ਦੇ ਸੰਗਠਨ ਮੰਤਰੀ ਸ਼੍ਰੀ ਮੰਥਰੀ ਸ੍ਰੀਨਿਵਾਸਲੂ ਨੂੰ ਨਿਸ਼ਾਨਾ ਬਣਾਉਣ ਵਾਲੇ ਅਸੰਤੁਸ਼ਟ ਕਾਰਕੁਨਾਂ ਨੂੰ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਅਜਿਹੇ ਬਿਆਨ ਨਾ ਸਿਰਫ਼ ਸੰਗਠਨਕ ਮਰਿਆਦਾ ਦੇ ਵਿਰੁੱਧ ਹਨ, ਸਗੋਂ ਵਿਰੋਧੀਆਂ ਨੂੰ ਵੀ ਬਿਨਾਂ ਵਜ੍ਹਾ ਬੋਲਣ ਦਾ ਸਿਆਸੀ ਮੌਕਾ ਦਿੰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਪਾਰਟੀ ਅਨੁਸ਼ਾਸਨ ਨੂੰ ਹਰ ਹਾਲ ਵਿੱਚ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਆਲੋਚਨਾ ਦਾ ਸਵਾਗਤ ਹੈ, ਪਰ ਉਹ ਤੱਥਾਂ, ਤਰਕ ਅਤੇ ਸੰਗਠਨਕ ਮਰਿਆਦਾ ਦੇ ਦਾਇਰੇ ਵਿੱਚ ਹੀ ਹੋਣੀ ਚਾਹੀਦੀ ਹੈ।

**ਸੰਗਠਨ ਮੰਤਰੀ ਸ਼੍ਰੀ ਮੰਥਰੀ ਸ੍ਰੀਨਿਵਾਸਲੂ ਨੂੰ ਨਿਸ਼ਾਨਾ ਬਣਾਉਣ ਵਾਲੇ ਆਪਣੀ ਕਾਰਗੁਜ਼ਾਰੀ ਦਾ ਹਿਸਾਬ ਦੇਣ**


ਪ੍ਰੋ. ਖਿਆਲਾ ਨੇ ਕਿਹਾ ਕਿ ਸੰਗਠਨ ਮੰਤਰੀ 'ਤੇ ਉਂਗਲ ਚੁੱਕਣ ਵਾਲਿਆਂ ਨੂੰ ਪਹਿਲਾਂ ਪਾਰਟੀ ਪ੍ਰਤੀ ਆਪਣੀ ਕਾਰਗੁਜ਼ਾਰੀ ਦਾ ਹਿਸਾਬ ਦੇਣਾ ਚਾਹੀਦਾ ਹੈ। ਉਹ ਦੱਸਣ ਕਿ ਉਨ੍ਹਾਂ ਨੇ ਕਿੰਨੇ ਬੂਥ ਸਰਗਰਮ ਕੀਤੇ, ਮੰਡਲਾਂ ਅਤੇ ਜ਼ਿਲ੍ਹਿਆਂ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਲਈ ਕੀ ਯੋਗਦਾਨ ਦਿੱਤਾ, ਕਿੰਨੇ ਨਵੇਂ ਕਾਰਕੁਨ ਜੋੜੇ ਅਤੇ ਪਾਰਟੀ ਦੇ ਵਿਸਥਾਰ ਲਈ ਖ਼ੁਦ ਕਿੰਨਾ ਸਮਾਂ ਮੈਦਾਨ ਵਿੱਚ ਲਗਾਇਆ। ਉਨ੍ਹਾਂ ਕਿਹਾ ਕਿ ਸ਼੍ਰੀ ਮੰਥਰੀ ਸ੍ਰੀਨਿਵਾਸਲੂ ਨੇ ਪੰਜਾਬ ਭਰ ਵਿੱਚ ਬੂਥਾਂ ਨੂੰ ਮਜ਼ਬੂਤ ਕਰਨ, ਸੰਗਠਨ ਦਾ ਪੇਂਡੂ ਖੇਤਰਾਂ ਤੱਕ ਵਿਸਥਾਰ ਕਰਨ, ਨਵੇਂ ਕਾਰਕੁਨਾਂ ਨੂੰ ਜੋੜਨ ਅਤੇ ਸੰਗਠਨ ਨੂੰ ਸਰਗਰਮ ਰੱਖਣ ਲਈ ਅਣਥੱਕ ਮਿਹਨਤ ਕੀਤੀ ਹੈ। 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਪਾਰਟੀ ਦੇ ਜਨ ਆਧਾਰ ਵਿੱਚ ਹੋਏ ਵਾਧੇ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪਾਰਟੀ ਦੇ ਵੋਟ ਸ਼ੇਅਰ ਨੂੰ ਲਗਭਗ 19 ਫ਼ੀਸਦੀ ਤੱਕ ਪਹੁੰਚਾਉਣ ਵਿੱਚ ਸੰਗਠਨ ਦੀ ਲਗਾਤਾਰ ਮਿਹਨਤ ਅਤੇ ਸੰਗਠਨ ਮੰਤਰੀ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਰਹੀ ਹੈ। ਉਨ੍ਹਾਂ ਨੇ ਬੂਥ ਤੋਂ ਲੈ ਕੇ ਸੂਬਾ ਪੱਧਰ ਤੱਕ ਸੰਗਠਨਕ ਢਾਂਚੇ ਨੂੰ ਮਜ਼ਬੂਤ ਕੀਤਾ, ਕਾਰਕੁਨਾਂ ਨੂੰ ਸਿਖਲਾਈ ਦਿੱਤੀ, ਅਨੁਸ਼ਾਸਨ ਕਾਇਮ ਰੱਖਿਆ ਅਤੇ ਪਾਰਟੀ ਨੂੰ ਚੋਣਾਵੀਂ ਪੱਖੋਂ ਪੂਰੀ ਤਰ੍ਹਾਂ ਸਮਰੱਥ ਬਣਾਉਣ ਲਈ ਦਿਨ-ਰਾਤ ਕੰਮ ਕੀਤਾ। ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਦੀ ਅਸਲ ਤਾਕਤ ਉਸ ਦੇ ਸਮਰਪਿਤ ਕਾਰਕੁਨ ਹਨ ਅਤੇ ਸੰਗਠਨ ਮੰਤਰੀ ਇਸ ਸਮੂਹਕ ਤਾਕਤ ਨੂੰ ਦਿਸ਼ਾ ਅਤੇ ਤਾਲਮੇਲ ਦੇਣ ਵਾਲਾ ਇੱਕ ਅਹਿਮ ਸੂਤਰਧਾਰ ਹੁੰਦਾ ਹੈ। ਉਸ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ ਹਰ ਕਾਰਕੁਨ ਨੂੰ ਆਪਣੇ-ਆਪਣੇ ਖੇਤਰ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵਿੱਚ ਅਹੁਦਿਆਂ ਨਾਲੋਂ ਸੰਗਠਨ ਨੂੰ ਅਹਿਮੀਅਤ ਹਾਸਲ ਹੈ। ਪਾਰਟੀ ਨੂੰ ਮਜ਼ਬੂਤ ਕਰਨ ਵਾਲਿਆਂ ਖ਼ਿਲਾਫ਼ ਸਿਆਸਤ ਤੋਂ ਪ੍ਰੇਰਿਤ ਅਤੇ ਨਿਰਾਧਾਰ ਟਿੱਪਣੀਆਂ ਤੁਰੰਤ ਬੰਦ ਹੋਣੀਆਂ ਚਾਹੀਦੀਆਂ ਹਨ। ਬਿਨਾਂ ਤੱਥਾਂ ਦੇ ਸੰਗਠਨ ਮੰਤਰੀ 'ਤੇ ਦੋਸ਼ ਲਗਾਉਣਾ ਉਨ੍ਹਾਂ ਹਜ਼ਾਰਾਂ ਨਿਸ਼ਕਾਮ ਕਾਰਕੁਨਾਂ ਦੀ ਮਿਹਨਤ ਦਾ ਵੀ ਅਪਮਾਨ ਹੈ, ਜੋ ਦਿਨ-ਰਾਤ ਪਾਰਟੀ ਲਈ ਕੰਮ ਕਰ ਰਹੇ ਹਨ। ਅੰਤ ਵਿੱਚ ਪ੍ਰੋ. ਖਿਆਲਾ ਨੇ ਭਾਜਪਾ ਦੇ ਕੌਮੀ ਪ੍ਰਧਾਨ ਸ਼੍ਰੀ ਨਿਤਿਨ ਨਬੀਨ, ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਅਤੇ ਸੰਗਠਨ ਮੰਤਰੀ ਸ਼੍ਰੀ ਮੰਥਰੀ ਸ੍ਰੀਨਿਵਾਸਲੂ ਦਾ ਧੰਨਵਾਦ ਕਰਦਿਆਂ ਸਮੂਹ ਭਾਜਪਾ ਕਾਰਕੁਨਾਂ ਨੂੰ ਅਪੀਲ ਕੀਤੀ ਕਿ ਉਹ ਏਕਤਾ, ਅਨੁਸ਼ਾਸਨ ਅਤੇ ਸਮਰਪਣ ਨਾਲ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ, ਤਾਂ ਜੋ ਪੰਜਾਬ ਵਿੱਚ ਭਾਜਪਾ ਲੋਕਾਂ ਦੀ ਪਹਿਲੀ ਪਸੰਦ ਬਣੇ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਡਬਲ ਇੰਜਣ ਦੀ ਸਰਕਾਰ ਬਣਾਉਣ ਦਾ ਟੀਚਾ ਸਾਕਾਰ ਕੀਤਾ ਜਾ ਸਕੇ।

# ਚੜ੍ਹਦੀਕਲਾ ਵੈਲਫੇਅਰ ਕਲੱਬ ਵੱਲੋਂ ਏਐਸਆਈ ਹੰਸਾ ਸਿੰਘ ਨੂੰ ਸੇਵਾਮੁਕਤੀ ਮੌਕੇ ਕੀਤਾ ਸਨਮਾਨਿਤ



ਤਲਵੰਡੀ ਸਾਬੋ, 03 ਅਗਸਤ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਦੇ ਨੇੜਲੇ ਪਿੰਡ ਜਗਾਰਾਮ ਤੀਰਥ ਦੇ ਜੰਮਪਲ ਅਤੇ ਪੰਜਾਬ ਪੁਲਿਸ ਦੇ ਇਮਾਨਦਾਰ, ਮਿਹਨਤੀ ਤੇ ਨੇਕ ਸੁਭਾਅ ਦੇ ਪੁਲਿਸ ਅਧਿਕਾਰੀ ਏਐਸਆਈ ਹੰਸਾ ਸਿੰਘ ਆਪਣੀ ਲੰਬੀ ਅਤੇ ਸ਼ਾਨਦਾਰ ਸੇਵਾ ਤੋਂ ਬਾਅਦ ਸੇਵਾਮੁਕਤ ਹੋ ਗਏ। ਉਨ੍ਹਾਂ ਨੇ ਆਪਣੇ ਸੇਵਾਕਾਲ ਦੌਰਾਨ ਪੂਰੀ ਇਮਾਨਦਾਰੀ, ਲਗਨ ਤੇ ਫ਼ਰਜ਼ ਪ੍ਰਤੀ ਸਮਰਪਣ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ, ਜਿਸ ਕਾਰਨ ਉਹ ਸਹਿਕਰਮੀਆਂ ਅਤੇ ਇਲਾਕੇ ਦੇ ਲੋਕਾਂ ਵਿੱਚ ਵਿਸ਼ੇਸ਼ ਸਤਿਕਾਰ ਦੇ ਪਾਤਰ ਰਹੇ। ਉਨ੍ਹਾਂ ਦੀ ਸੇਵਾਮੁਕਤੀ ਮੌਕੇ ਪੁਲਿਸ ਵਿਭਾਗ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਚੜ੍ਹਦੀਕਲਾ ਵੈਲਫੇਅਰ ਕਲੱਬ ਵੱਲੋਂ ਵੀ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਅਤੇ ਇਮਾਨਦਾਰੀ ਦੀ ਕਦਰ ਕਰਦਿਆਂ ਸਿਰੋਪਾਓ ਅਤੇ ਯਾਦਗਾਰੀ ਸ਼ੀਲਡ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ ਨੇ ਕਿਹਾ ਕਿ ਹੰਸਾ ਸਿੰਘ ਨੇ ਆਪਣੀ ਨਿਰਪੱਖ ਕਾਰਜਸ਼ੈਲੀ ਅਤੇ ਇਮਾਨਦਾਰੀ ਨਾਲ ਸਮਾਜ ਲਈ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਅਧਿਕਾਰੀਆਂ ਦਾ ਸਨਮਾਨ ਕਰਨਾ ਸਮਾਜ ਦਾ ਫ਼ਰਜ਼ ਹੈ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਵੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਸੇਵਾ ਕਰਨ ਦੀ ਪ੍ਰੇਰਣਾ ਮਿਲੇ। ਇਸ ਮੌਕੇ ਕਲੱਬ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਬਿੱਟੂ, ਮਾਸਟਰ ਬਲਦੇਵ ਸਿੰਘ, ਰਾਜਪਾਲ ਸਿੰਘ, ਬੋਬੀ ਸਿੰਘ, ਡਾ. ਗੁਰਮੀਤ ਸਿੰਘ, ਗਰਜੰਟ ਸਿੰਘ, ਮਾਸਟਰ ਭਗਵਾਨ ਸਿੰਘ, ਮਾਸਟਰ ਦਰਸ਼ਨ ਸਿੰਘ, ਮਿੱਠੂ ਸਿੰਘ ਸਾਬਕਾ ਸਰਪੰਚ, ਭੋਲਾ ਸਿੰਘ ਨੰਬਰਦਾਰ, ਬੂਟਾ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਭਵਿੱਖ ਦੀ ਉਡਾਣ ਪੁਸਤਕ ਵਿਦਿਆਰਥੀਆਂ ਦੀ ਬਣੀ ਪਸੰਦ : ਡਾ. ਨਿਰਮਲ ਸਿੰਘ



ਜੰਡਿਆਲਾ ਗੁਰੂ 3 ਅਗਸਤ ( ਕੁਲਵੰਤ ਸਿੰਘ ਵਿਰਦੀ ) ਨੌਜਵਾਨ ਪੀੜੀ ਵੱਲੋ ਮੇਰੀ ਲਿਖੀ ਪੁਸਤਕ ਭਵਿੱਖ ਦੀ ਉਡਾਣ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ । ਇਹ ਸ਼ਬਦ ਬੀਜੇਪੀ ਆਗੂ ਡਾ. ਨਿਰਮਲ ਸਿੰਘ ਨੇ ਪਿੰਡ ਤਰਸਿੱਕਾ, ਜੱਬੋਵਾਲ, ਰਾਣਾ ਕਾਲਾ, ਦੇਵੀਦਾਸਪੁਰ ਅਤੇ ਡੇਰੀਵਾਲਾ ਪਿੰਡਾਂ ਦਾ ਦੌਰਾ ਕਰਕੇ ਹੋਣਹਾਰ ਵਿਦਿਆਰਥੀਆਂ ਅਤੇ ਨੌਜਵਾਨਾਂ ਨਾਲ ਮਿਲਣ ਮੌਕੇ ਗੱਲਬਾਤ ਕਰਦਿਆਂ ਕੀਤਾ। ਉਂਨਾਂ ਕਿਹਾ ਕਿ ਉਨ੍ਹਾਂ ਦੀ ਪੁਸਤਕ "ਭਵਿੱਖ ਦੀ ਉਡਾਣ" ਵਿੱਦਿਆਰਥੀਆਂ ਨੂੰ ਭੇਂਟ ਕੀਤੀ ਜਾ ਰਹੀ ਹੈ। ਜਿਸ ਵਿੱਚ ਉਨ੍ਹਾਂ ਨਾਲ ਉਨ੍ਹਾਂ ਦੇ ਕੈਰੀਅਰ, ਉੱਚ ਸਿੱਖਿਆ, ਪ੍ਰਤੀਯੋਗੀ ਪ੍ਰੀਖਿਆਵਾਂ ਅਤੇ ਜੀਵਨ ਦੇ ਟੀਚਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਹੈ। ਹਰ ਬੱਚਾ ਮਾਰਗਦਰਸ਼ਨ ਦਾ ਹੱਕਦਾਰ ਹੈ, ਨਕਾਰੇ ਜਾਣ ਦਾ ਨਹੀਂ ।ਹਰ ਨੌਜਵਾਨ ਮਨ ਉਮੀਦ ਦਾ ਹੱਕਦਾਰ ਹੈ, ਮਾਯੂਸੀ ਦਾ ਨਹੀਂ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦਾ ਇਹ ਸੰਦੇਸ਼ ਸਾਨੂੰ ਯਾਦ ਕਰਵਾਉਂਦਾ ਹੈ ਕਿ ਦੇਸ਼ ਦਾ ਭਵਿੱਖ ਸਿਰਫ਼ ਸਰਕਾਰਾਂ ਨਹੀਂ ਬਣਾਉਂਦੀਆਂ, ਸਗੋਂ ਉਹ ਨੌਜਵਾਨ ਬਣਾਉਂਦੇ ਹਨ ।ਜਿਨ੍ਹਾਂ ਨੂੰ ਸਹੀ ਦਿਸ਼ਾ, ਮੌਕੇ ਅਤੇ ਭਰੋਸਾ ਮਿਲਦਾ ਹੈ। ਭਵਿੱਖ ਦੀ ਉਡਾਣ ਲਿਖਣ ਦਾ ਮੇਰਾ ਮਕਸਦ ਵੀ ਇਹੀ ਹੈ। ਪਿੰਡਾਂ ਦੇ ਨੌਜਵਾਨਾਂ ਵਿੱਚ ਵੱਡੇ ਸੁਪਨੇ ਦੇਖਣ ਦਾ ਵਿਸ਼ਵਾਸ ਜਗਾਉਣਾ, ਗੁਣਵੱਤਾ ਭਰਪੂਰ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨਾ, ਪ੍ਰੀਖਿਆਵਾਂ ਦੀ ਤਿਆਰੀ ਵੱਲ ਉਤਸ਼ਾਹਿਤ ਕਰਨਾ, ਨਸ਼ਿਆਂ ਅਤੇ ਨਕਾਰਾਤਮਕ ਸੋਚ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਨੂੰ ਸਮਾਜ ਤੇ ਰਾਸ਼ਟਰ ਪ੍ਰਤੀ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਨਾ। ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਦਾ ਹਰ ਪਿੰਡ ਪ੍ਰਤਿਭਾ ਨਾਲ ਭਰਪੂਰ ਹੈ। ਲੋੜ ਸਿਰਫ਼ ਉਸ ਪ੍ਰਤਿਭਾ ਨੂੰ ਸਹੀ ਮਾਰਗਦਰਸ਼ਨ, ਉਚਿਤ ਮੌਕੇ ਅਤੇ ਆਤਮ-ਵਿਸ਼ਵਾਸ ਦੇਣ ਦੀ ਹੈ। ਜਦੋਂ ਸਾਡੇ ਪਿੰਡਾਂ ਦੇ ਨੌਜਵਾਨ ਅੱਗੇ ਵਧਣਗੇ, ਤਦੋਂ ਹੀ ਪੰਜਾਬ ਵਿਕਾਸ ਦੀ ਨਵੀਂ ਉਡਾਣ ਭਰੇਗਾ।

ਭਾਰਤੀ ਜਨਤਾ ਪਾਰਟੀ ਦਾ ਵੀ ਇਹੀ ਵਿਸ਼ਵਾਸ ਹੈ ਕਿ ਸਿੱਖਿਆ, ਹੁਨਰ ਵਿਕਾਸ, ਰੋਜ਼ਗਾਰ ਦੇ ਮੌਕੇ, ਚੰਗਾ ਸ਼ਾਸਨ ਅਤੇ ਸਸ਼ਕਤ ਨੌਜਵਾਨ ਹੀ ਵਿਕਸਿਤ ਪੰਜਾਬ ਅਤੇ ਵਿਕਸਿਤ ਭਾਰਤ ਦੀ ਮਜ਼ਬੂਤ ਨੀਂਹ ਹਨ। ਆਓ, ਮਿਲ ਕੇ ਅਜਿਹਾ ਜੰਡਿਆਲਾ ਗੁਰੂ ਬਣਾਈਏ ਜਿੱਥੇ ਹਰ ਬੱਚੇ ਨੂੰ ਸਿੱਖਿਆ, ਹਰ ਨੌਜਵਾਨ ਨੂੰ ਮੌਕਾ ਅਤੇ ਹਰ ਪਰਿਵਾਰ ਨੂੰ ਤਰੱਕੀ ਦੀ ਉਮੀਦ ਮਿਲੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM
International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖਾਲਸਾ ਕਾਲਜ ਮਹਿਤਾ ਦੇ ਬੀ ਏ, ਅਤੇ ਬੀ.ਕਾਮ ਦਾ ਸ਼ਾਨਦਾਰ ਨਤੀਜਾ

# ਵਿਦਿਆਰਥੀਆਂ ਨੇ ਕੀਤਾ ਕਾਲਜ ਦਾ ਨਾਮ ਰੌਸ਼ਨ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ



**ਚੌਕ ਮਹਿਤਾ, 3 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ.ਏ ਅਤੇ ਬੀ.ਕਾਮ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ ।ਵਿਦਿਆਰਥੀਆਂ ਨੇ ਉੱਚ ਅੰਕ ਪ੍ਰਾਪਤ ਕਰਕੇ ਆਪਣੀ ਮਿਹਨਤ, ਲਗਨ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਦਾ ਸਬੂਤ ਦਿੱਤਾ। ਬੀ.ਏ ਦੇ ਰੋਬਿਨ ਸਿੰਘ ਤੇ ਸਰਬਜੀਤ ਕੌਰ 80% ਸਤਿੰਦਰ ਕੌਰ ਤੇ ਜੋਬਨਪ੍ਰੀਤ ਕੌਰ 79% ਜਸਮੀਤ ਕੌਰ ਤੇ ਜੈਸਮੀਨ ਕੌਰ 76% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਕਮਰਸ ਵਿਭਾਗ ਸੁਖਮਨਦੀਪ ਕੌਰ ਤੇ ਮਨਦੀਪ ਕੌਰ 82% ਜਗਪ੍ਰੀਤ ਕੌਰ ਤੇ ਹਰਪ੍ਰੀਤ ਕੌਰ 79% ਸੁਖਮਨਦੀਪ ਕੌਰ 76% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ ,ਦੂਜਾ ਤੇ ਤੀਸਰਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਜੋਬਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਬਿਕਰਮਜੀਤ ਸਿੰਘ, ਜਸ਼ਨਦੀਪ ਸਿੰਘ, ਸੁੱਖਜਸ਼ਨ ਸਿੰਘ ਆਦਿ ਨੇ ਵਧੀਆ ਅੰਕ ਪ੍ਰਾਪਤ ਕੀਤੇ।

ਕਾਲਜ ਦੇ ਪ੍ਰਿੰਸੀਪਲ ਡਾ. ਗੁਰਦੀਪ ਸਿੰਘ ਨੇ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੀ ਨਿਰੰਤਰ ਮਾਰਗਦਰਸ਼ਨ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਕਾਲਜ ਹਮੇਸ਼ਾ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣ ਅਤੇ ਹਰ ਖੇਤਰ ਵਿੱਚ ਉੱਤਮ ਪ੍ਰਦਰਸ਼ਨ ਲਈ ਪ੍ਰੇਰਿਤ ਕਰਦਾ ਆ ਰਿਹਾ ਹੈ।

ਬੀ.ਏ ਅਤੇ ਬੀ.ਕਾਮ ਦੇ ਮੁਖੀ ਅਤੇ ਸਮੂਹ ਫੈਕਲਟੀ ਮੈਂਬਰਾਂ ਨੇ ਵੀ ਸਫਲ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਉਪਲਬਧੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ।

ਇਸ ਮੌਕੇ ਸਫਲ ਵਿਦਿਆਰਥੀਆਂ ਨੇ ਆਪਣੀ ਸਫਲਤਾ ਦਾ ਸਿਹਰਾ ਕਾਲਜ ਦੇ ਅਧਿਆਪਕਾਂ, ਮਾਪਿਆਂ ਅਤੇ ਕਾਲਜ ਵੱਲੋਂ ਮਿਲੇ ਉਚਿਤ ਅਕਾਦਮਿਕ ਮਾਹੌਲ ਨੂੰ ਦਿੱਤਾ। ਇਸ ਸੁਨਹਿਰੀ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ.ਜਤਿੰਦਰ ਸ਼ਰਮਾ , ਕੁਲਦੀਪ ਕੌਰ , ਸੁਖਦੇਵ ਸਿੰਘ, ਮਨਜੀਤ ਕੌਰ,ਗੁਰਵਿੰਦਰ ਕੌਰ , ਰੁਪਿੰਦਰ ਕੌਰ , ਨਵਨੀਤ ਕੌਰ, ਸੰਦੀਪ ਕੌਰ ,ਸੁਪ੍ਰੀਤ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪਵਨਪ੍ਰੀਤ ਕੌਰ, ਅਮਨਦੀਪ ਕੌਰ, ਬਲਜੀਤ ਕੌਰ, ਮਨਦੀਪ ਕੌਰ, ਪੂਰਤੀ ਸ਼ਰਮਾ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

### ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਵਿੱਚ ਮੁੱਖ ਮੰਤਰੀ ਨੇ

# ਪੰਜਾਬ ਨੂੰ ਪਹਿਲੇ ਨੰਬਰ 'ਤੇ ਲਿਆਂਦਾ : ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿੱਚ ਸਿੱਖਿਆ ਕ੍ਰਾਂਤੀ ਦੇ ਮਿਆਰ ਨੂੰ ਉੱਚਾ ਚੁੱਕਣ ਦੇ ਲਈ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸਕੂਲਾਂ ਦੇ ਲਈ ਬੱਚਿਆਂ ਨੂੰ ਬੈਗ ਮੁਹੱਈਆ ਕਰਵਾਏ ਗਏ। ਜਿਸ ਦੇ ਤਹਿਤ ਪੀਐਮ ਸ੍ਰੀ ਸਰਕਾਰੀ ਹਾਈ ਸਕੂਲ ਬਰੜਵਾਲ ਅਤੇ ਸਰਕਾਰੀ ਮਿਡਲ ਸਕੂਲ ਮਾਨਵਾਲਾ ਵਿਖੇ ਸਕੂਲੀ ਬੱਚਿਆਂ ਨੂੰ ਬੈਗ ਵੰਡੇ ਗਏ। ਬੈਗ ਵੰਡਣ ਦੀ ਰਸਮ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜ਼ਿਲਾ ਪਰਿਸ਼ਦ ਡਾਇਰੈਕਟਰ ਵੇਰਕਾ ਪਲਾਂਟ ਸੰਗਰੂਰ ,ਬਲਾਕ ਪ੍ਰਧਾਨ ਗੁਰਚਰਨ ਸਿੰਘ ਕਾਲਾ, ਮੈਂਬਰ ਬਲਾਕ ਸੰਮਤੀ ਕੁਲਵਿੰਦਰ ਸਿੰਘ ਬੇਨੜਾ ਵੱਲੋਂ ਕੀਤੀ ਗਈ। ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਸ ਤਰਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਿੱਖਿਆ ਕ੍ਰਾਂਤੀ ਦੇ ਮਿਆਰ ਨੂੰ ਉੱਚਾ ਚੁੱਕਣ ਵਿੱਚ ਲੱਗੇ ਹੋਏ ਹਨ, ਬੱਚਿਆਂ ਨੂੰ ਵੀ ਚਾਹੀਦਾ ਹੈ ਕਿ ਬੱਚੇ ਵੀ ਚੰਗੀਆਂ ਪੁਜੀਸ਼ਨਾਂ ਲੈ ਕੇ ਆਪਣੇ ਮਾਤਾ ਪਿਤਾ ਅਤੇ ਅਧਿਆਪਕਾਂ ਦਾ ਨਾਮ ਉੱਚਾ ਕਰਨ। ਇਸ ਮੌਕੇ ਸਰਪੰਚ ਰਾਜ ਸਿੰਘ, ਸਰਪੰਚ ਰਾਜੂ ਬਰੜਵਾਲ, ਪਰਮਵੀਰ ਸ਼ਰਮਾ,ਮਨਜੀਤ ਕੌਰ, ਜਸਪ੍ਰੀਤ ਕੌਰ, ਮੀਨਾਕਸ਼ੀ ਰਾਣੀ, ਵਸ਼ੀਮ ਅਕਰਮ, ਪ੍ਰਸਪਿੰਦਰ ਅੱਤਰੀ ਪੰਚ ਅਮਨਦੀਪ ਸਿੰਘ ਪੰਚ ਹਾਜ਼ਰ ਸਨ।


# ਪੇਪਰ ਲੀਕ ਦੇ ਰੋਸ ਅਤੇ ਵਿਦਿਆਰਥੀਆਂ 'ਤੇ ਪੁਲਿਸ ਜ਼ੁਲਮ ਨੇ ਭਾਜਪਾ ਨੂੰ ਪਾਇਆ ਮਹਿੰਗਾ, ਉਪਚੋਣਾਂ 'ਚ ਮਿਲਿਆ ਸਿਆਸੀ ਝਟਕਾ

ਨਵੀਂ ਦਿੱਲੀ, 3 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਮੱਧ ਪ੍ਰਦੇਸ਼ ਦੀ ਦਤੀਆ ਵਿਧਾਨ ਸਭਾ ਉਪਚੋਣ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਕਰਾਰਾ ਸਿਆਸੀ ਝਟਕਾ ਲੱਗਾ ਹੈ। ਕਾਂਗਰਸ ਦੇ ਉਮੀਦਵਾਰ ਘਨਸ਼ਿਆਮ ਸਿੰਘ ਨੇ 6,025 ਵੋਟਾਂ ਦੇ ਫਰਕ ਨਾਲ ਭਾਜਪਾ ਦੇ ਆਸ਼ੁਤੋਸ਼ ਤਿਵਾਰੀ ਨੂੰ ਹਰਾ ਕੇ ਜਿੱਤ ਦਰਜ ਕੀਤੀ। ਇਹ ਹਾਰ ਉਸ ਵੇਲੇ ਆਈ ਹੈ ਜਦੋਂ ਦੇਸ਼ ਭਰ ਵਿੱਚ ਪੇਪਰ ਲੀਕ ਦੇ ਮਾਮਲਿਆਂ ਨੂੰ ਲੈ ਕੇ ਨੌਜਵਾਨਾਂ ਵਿੱਚ ਭਾਰੀ ਰੋਸ ਅਤੇ ਸਰਕਾਰ ਵਿਰੁੱਧ ਨਾਰਾਜ਼ਗੀ ਦਾ ਮਾਹੌਲ ਬਣਿਆ ਹੋਇਆ ਹੈ। ਸਿਆਸੀ ਹਲਕਿਆਂ ਵਿੱਚ ਚਰਚਾ ਹੈ ਕਿ ਪੇਪਰ



ਲੀਕ ਦੇ ਵਿਰੋਧ ਵਿੱਚ ਸੀਜੇਪੀ ਵੱਲੋਂ ਚਲਾਏ ਗਏ ਅੰਦੋਲਨ ਅਤੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਉੱਤੇ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ ਅਤੇ ਸਖ਼ਤ ਕਾਰਵਾਈ ਨੇ ਨੌਜਵਾਨ ਵੋਟਰਾਂ ਨੂੰ ਗਹਿਰਾਈ ਨਾਲ ਪ੍ਰਭਾਵਿਤ ਕੀਤਾ। ਇਸ ਨਾਰਾਜ਼ਗੀ ਦਾ ਅਸਰ ਦਤੀਆ ਦੇ ਨਤੀਜਿਆਂ ਵਿੱਚ ਸਾਫ਼ ਨਜ਼ਰ ਆਇਆ, ਜਿੱਥੇ ਭਾਜਪਾ ਆਪਣਾ ਗੜ੍ਹ ਵੀ ਨਹੀਂ ਬਚਾ ਸਕੀ। ਇੱਥੋਂ ਤੱਕ ਕਿ ਭਾਜਪਾ ਉਮੀਦਵਾਰ ਆਸ਼ੁਤੋਸ਼ ਤਿਵਾਰੀ ਆਪਣੇ ਪੋਲਿੰਗ ਬੂਥ ਤੋਂ ਵੀ ਪਿੱਛੇ ਰਹੇ। ਦੂਜੇ ਪਾਸੇ ਬਿਹਾਰ ਦੀ ਬਾਂਕੀਪੁਰ ਸੀਟ 'ਤੇ ਜਨਸੁਰਾਜ ਪਾਰਟੀ ਦੇ ਸੰਸਥਾਪਕ ਪ੍ਰਸ਼ਾਂਤ ਕਿਸ਼ੋਰ ਨੇ ਭਾਜਪਾ ਨੂੰ 18,953 ਵੋਟਾਂ ਨਾਲ ਹਰਾਇਆ। ਇਹ ਸੀਟ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਦਾ ਰਵਾਇਤੀ ਗੜ੍ਹ ਮੰਨੀ ਜਾਂਦੀ ਸੀ। ਹਾਲਾਂਕਿ ਗੁਜਰਾਤ ਦੀ ਮੰਜਲਪੁਰ ਸੀਟ 'ਤੇ ਭਾਜਪਾ ਨੇ ਵੱਡੇ ਫਰਕ ਨਾਲ ਜਿੱਤ ਦਰਜ ਕੀਤੀ, ਪਰ ਦਤੀਆ ਅਤੇ ਬਾਂਕੀਪੁਰ ਦੇ ਨਤੀਜਿਆਂ ਨੇ ਇਹ ਸੰਦੇਸ਼ ਜ਼ਰੂਰ ਦਿੱਤਾ ਹੈ ਕਿ ਨੌਜਵਾਨਾਂ ਨਾਲ ਜੁੜੇ ਮੁੱਦਿਆਂ, ਖ਼ਾਸ ਕਰਕੇ ਪੇਪਰ ਲੀਕ ਅਤੇ ਪ੍ਰਦਰਸ਼ਨਕਾਰੀਆਂ ਨਾਲ ਕੀਤੇ ਗਏ ਸਲੂਕ, ਨੂੰ ਵੋਟਰਾਂ ਨੇ ਗੰਭੀਰਤਾ ਨਾਲ ਲਿਆ ਹੈ ਅਤੇ ਇਸ ਦਾ ਸਿਆਸੀ ਅਸਰ ਵੀ ਦਿਖਣਾ ਸ਼ੁਰੂ ਹੋ ਗਿਆ ਹੈ।

# ਕੁਰਸੀ ਦੀ ਦੌੜ ਵਿੱਚ ਆਏ ਪੰਜ ਸਾਲਾਂ ਬਾਅਦ ਮੌਸਮ ਦੀਆਂ ਰੁੱਤਾਂ ਵਾਂਗ ਰੁੱਤ ਦਲ ਬਦਲੂਆਂ ਦੀ ਆਉਂਦੀ



ਜੰਡਿਆਲਾ ਗੁਰੂ 3 ਅਗਸਤ ( ਕੁਲਵੰਤ ਸਿੰਘ ਵਿਰਦੀ ) ਜਿਵੇਂ ਕੁਦਰਤ ਦੇ ਬਣਾਏ ਨਿਯਮ ਵਿੱਚ ਮੌਸਮ ਦੀਆਂ ਰੁੱਤਾਂ ਬਦਲਦੀਆਂ ਹਨ ਇਸੇ ਤਰਾਂ ਹਰੇਕ ਪੰਜ ਸਾਲ ਬਾਅਦ ਸਰਕਾਰਾਂ ਵੀ ਬਦਲਦੀਆਂ ਹਨ ,ਲੋਕ ਆਪਣੇ ਪਸੰਦੀ ਦੇ ਲੀਡਰ ਨੂੰ ਵੋਟ ਪਾਉਂਦੇ ਹਨ ਅਤੇ ਜਤਾਉਂਦੇ ਹਨ।, ਪੰਜਾਂ ਸਾਲਾਂ ਵਿੱਚ ਲੀਡਰ ਸਿਰਫ ਤਿੰਨ ਚਾਰ ਮਹੀਨੇ ਹੀ ਲੋਕਾਂ ਵੱਲ ਵੇਖਦੇ ਹਨ ਬਾਕੀ ਸਾਰਾ ਸਮਾਂ ਲੋਕਾਂ ਨੂੰ ਹੀ ਲੀਡਰਾ ਵੱਲ ਵੇਖਣਾ ਪੈਂਦਾ। ਕਿਉਂਕਿ ਜਨਤਾ ਨੇ ਆਪਣਾ ਕੀਮਤੀ ਵੋਟ ਪਾ ਕੇ ਇਹਨਾਂ ਲੀਡਰਾਂ ਨੂੰ ਜਿਤਾਇਆ ਹੁੰਦਾ ਹੈ।, ਜ਼ੇਕਰ ਰਾਜਨੀਤੀ ਦੀ ਗੱਲ ਕਰੀਏ ਤਾਂ ਰਾਜਨੀਤੀ ਇੱਕ ਐਸੀ ਸਤਰੰਜ ਦੀ ਚਾਲ ਹੈ ਕਿ ਜਿਸ ਨੂੰ ਸਮਝਣਾ ਬਹੁਤ ਹੀ ਮੁਸ਼ਿਕਲ ਹੈ।, ਅਤੇ ਕੁਰਸੀ ਦੀ ਦੌੜ ਵਿੱਚ ਕੋਈ ਪਤਾ ਨਹੀਂ ਲੱਗਦਾ ਕਿ ਕੌਣ ਕਦੋਂ ਤੇ ਕਿਸ ਨੂੰ ਠਿੱਬੀ ਲਗਾ ਜਾਵੇ , ਅਤੇ ਇੱਕ ਪਾਰਟੀ ਤੋਂ ਛੜੱਪਾ ਮਾਰ ਕੇ ਦੂਜੀ ਪਾਰਟੀ ਵਿੱਚ ਚਲਾ ਜਾਵੇ।, ਪੂਰੇ ਪੰਜਾਂ ਸਾਲਾਂ ਵਿੱਚੋਂ ਜਿਹੜੇ ਅਖੀਰਲੇ ਛੇ ਸੱਤ ਮਹੀਨੇ ਹੁੰਦੇ ਹਨ ਬਸ ਉਹ ਛੜੱਪੇ ਮਾਰਨ ਦੇ ਹੀ ਮਹੀਨੇ ਹੁੰਦੇ ਹਨ, ਅਤੇ ਉਹ ਰੁੱਤ ਵੀ ਦਲ ਬਦਲੂਆਂ ਦੀ ਹੁੰਦੀ ਹੈ।, ਬੜੇ ਹੀ ਆਸਾਂ ਅਤੇ ਚਾਵਾਂ ਨਾਲ ਜਿਤਾਏ ਆਪਣੇ ਨੁਮਾਇੰਦੇ ਨੂੰ ਉਸਦੇ ਵੋਟਰ ਸਪੋਰਟ ਹੱਥੀ ਛਾਵਾਂ ਕਰਦੇ ਹਨ ਅਤੇ ਉਸ ਨਾਲ ਰਹਿ ਕੇ ਸੱਤਾਂ ਦਾ ਨਿੱਘ ਮਾਣਦੇ ਹਨ।ਪਰ ਹੈਰਾਨੀ ਵਾਲੀ ਗੱਲ ਉਦੋਂ ਵੇਖਣ ਨੂੰ ਮਿਲਦੀ ਹੈ ਕਿ, ਜਦੋ ਸਾਢੇ ਚਾਰ ਸਾਲ ਆਪਣੀ ਹੀ ਸਰਕਾਰ ਦਾ ਨਿੱਘ ਮਾਨਣ ਤੋਂ ਬਾਅਦ, ਪਿਛਲੇ ਚਾਰ ਪੰਜ ਮਹੀਨੇ ਵਿੱਚ ਪਤਾ ਨਹੀਂ ਐਸੀ ਕਿਹੜੀ ਗਿੱਦੜਸਿੰਗੀ ਸੁੰਘ ਲੈਂਦੇ ਹਨ ਕਿ, ਆਪਣੀ ਹੀ ਸਰਕਾਰ ਤੇ ਪਲਟਵਾਰ ਕਰਕੇ, ਆਪਣੇ ਹੀ ਵੋਟਰਾਂ ਸਪੋਟਰਾਂ ਨਾਲ ਧੋਖਾ ਕਰਕੇ, ਉਹਨਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਕੇ ਉਨਾਂ ਦੀਆਂ ਆਸਾਂ ਤੇ ਪਾਣੀ ਫੇਰ ਕੇ, ਆਪਣੀ ਪਾਰਟੀ ਨਾਲ ਗਦਾਰੀ ਕਰਕੇ, ਛੜੱਪਾ ਮਾਰ ਕੇ ਦਲ ਬਦਲੂਆਂ ਦੀ ਰੁੱਤ ਵਿੱਚ ਜਾ ਸਾਮਲ ਹੋ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਮਾਜ ਸੇਵੀ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਦੀ

# 6ਵੀਂ ਸਲਾਨਾ ਬਰਸੀ ਮਨਾਈ











**ਜਗਰਾਉਂ , (ਵਰਿਆਮ ਹਠੂਰ)**-ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਰਹਿ ਚੁੱਕੇ ਸਮਾਜ ਸੇਵੀ ਮਰਹੂਮ ਸ੍ਰੀ ਰਾਜ ਕੁਮਾਰ ਗੋਇਲ ਦੀ 6ਵੀਂ ਸਲਾਨਾ ਬਰਸੀ ਜਿਲ੍ਹਾ ਲੁਧਿਆਣਾ ਦੇ ਪਿੰਡ ਮਾਣੂੰਕੇ ਸੰਧੂ ਵਿਖੇ ਸ਼ਸੋਭਿਤ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਸਤਿਕਾਰ ਸਹਿਤ ਮਨਾਈ ਗਈ ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਵੱਖ-ਵੱਖ ਧਾਰਮਿਕ, ਸਮਾਜਿਕ, ਰਾਜਨੀਤਕ ਸਖ਼ਸੀਅਤਾਂ, ਕਲੱਬਾਂ, ਪੰਚਾਇਤਾਂ, ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾ ਨੇ ਆਪਣੀ ਹਾਜਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਅਤੇ ਸ਼ਬਦ ਅਦਬ ਸਹਿਤ ਸਭਾ ਮਾਣੂੰਕੇ, ਸਮੇਤ ਗੋਇਲ ਪਰਿਵਾਰ ਅਤੇ ਗ੍ਰਾਮ ਪੰਚਾਇਤ ਨੇ ਬਰਸੀ ਸਮਾਗਮ ਵਿੱਚ ਪਹੁੰਚੀਆ ਸੰਗਤਾਂ ਨੂੰ ਜੀ ਆਇਆਂ ਆਖਿਆ, ਭਾਈ ਪਿੰਦਰਪਾਲ ਸਿੰਘ ਦੇਹੜਕੇ ਵਾਲਿਆਂ ਦੇ ਕੀਰਤਨੀ ਜੱਥੇ ਨੇ ਸ਼ਬਦ ਕੀਰਤਨ ਰਾਹੀਂ ਗੁਰਸੰਗਤਾਂ ਦਾ ਦਿਲ ਮੋਹ ਲਿਆ, ਗੁਰੂ ਘਰ ਦੇ ਵਜੀਰ ਬਾਬਾ ਗੁਰਦੀਪ ਸਿੰਘ ਦੀਪਾ ਨੇ ਅਰਦਾਸ ਬੇਨਤੀ ਕੀਤੀ ਤੇ ਅਰਦਾਸ ਉਪਰੰਤ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐੱਸ ਆਰ ਕਲੇਰ, ਸੀਨੀਅਰ ਕਾਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਪ੍ਰੋਫੈਸਰ ਸੁਖਵਿੰਦਰ ਸਿੰਘ, ਯੂਥ ਆਗੂ ਜਗਰਾਜ ਸਿੰਘ ਰਾਜਾ ਮਾਣੂੰਕੇ ਨੇ ਗੁਰਸੰਗਤਾਂ ਨਾਲ ਆਪਣੇ ਆਪਣੇ ਵੀਚਾਰਾਂ ਦੀ ਸਾਂਝ ਪਾਈ, ਤੇ ਇਸ ਮੌਕੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਗ੍ਰਾਮ ਪੰਚਾਇਤ ਪਿੰਡ ਮਾਣੂੰਕੇ ਅਤੇ ਨਗਰ ਨਿਵਾਸੀਆ ਵੱਲੋ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਦੇ ਬੇਟੇ ਸਮਾਜ ਸੇਵੀ ਜੀਵਨ ਕੁਮਾਰ ਗੋਲਡੀ ਅਤੇ ਨਵਦੀਪ ਬੱਬੂ ਗੋਇਲ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਾਬਕਾ ਐੱਮ ਐੱਲ ਏ, ਐੱਸ. ਆਰ ਕਲੇਰ ਅਤੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਨੇ ਕਿਹਾ ਕਿ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਜਿੱਥੇ ਇੱਕ ਵਧੀਆ ਸਖ਼ਸੀਅਤ ਦੇ ਮਾਲਕ ਸਨ। ਤੇ ਹਰ ਇੱਕ ਨਾਲ ਅੱਛਾ ਰਸੂਖ ਰੱਖਣ ਵਾਲੇ ਇਨਸਾਨ ਸਨ। ਉੱਥੇ ਉਨ੍ਹਾਂ ਦਾ ਪਰਿਵਾਰ ਸਮਾਜ ਸੇਵੀ ਪਰਿਵਾਰ ਹੈ। ਜਿੰਨ੍ਹਾਂ ਵੱਲੋਂ ਪਿੰਡ ਮਾਣੂੰਕੇ ਵਿੱਚ ਜਿੱਥੇ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਯਾਦਗਾਰੀ ਲਾਇਬ੍ਰੇਰੀ ਸਫਲਤਾ ਪੂਰਵਕ ਚਲਾਈ ਜਾ ਰਹੀ ਹੈ। ਉੱਥੇ ਬੱਚੀਆਂ ਲਈ ਸਿਲਾਈ ਕਢਾਈ ਸੈਂਟਰ ਵੀ ਚੱਲ ਰਹੇ ਹਨ। ਜੋ ਸਲਾਘਯੋਗ ਕਦਮ ਹੈ। ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਜੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ, ਅੰਤ ਵਿੱਚ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਤੋ ਮੁੱਖ ਪ੍ਰਬੰਧਕ ਜੀਵਨ ਕੁਮਾਰ ਗੋਲਡੀ, ਮਾਤਾ ਪ੍ਰੇਮ ਲਤਾ ਗੋਇਲ, ਨਵਦੀਪ ਬੱਬੂ ਗੋਇਲ ਨੇ ਸਮੂਹ ਗੁਰਸੰਗਤਾਂ ਦਾ ਹਾਜਰੀਆਂ ਭਰਨ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਸਟੇਜ ਸੈਕਟਰੀ ਦੀ ਭੂਮਿਕਾ ਜਗਰਾਜ ਸਿੰਘ ਰਾਜਾ ਮਾਣੂੰਕੇ ਨੇ ਸਚੁੱਜੇ ਢੰਗ ਨਾਲ ਨਿਭਾਈ, ਬਰਸੀ ਸਮਾਗਮ ਵਿੱਚ ਜਿੱਥੇ ਵੱਖ ਵੱਖ ਪਕਵਾਨਾ ਦੇ ਲੰਗਰ ਲੰਗਰ ਅਤੁੱਟ ਵਰਤੇ ਉੱਥੇ ਠੰਡੇ ਮਿੱਠੇ ਜਲ ਦੀ ਛਬੀਲ ਸੇਵਾਵਾਂ ਵੀ ਚੱਲਦੀਆਂ ਰਹੀਆਂ, ਇਸ ਮੌਕੇ ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕਲਵੰਤ ਸਿੰਘ ਜੀ ਲੱਖਾ ਸਾਬਕਾ ਐੱਮ ਐੱਲ ਏ ਸ੍ਰੀ ਐੱਸ.ਆਰ.ਕਲੇਰ, ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸੀਨੀਅਰ ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਸੀਨੀਅਰ ਕਾਂਗਰਸੀ ਆਗੂ ਰਜੇਸ਼ਿਇੰਦਰ ਸਿੰਘ ਸਿੱਧੂ ਜਗਰਾਉਂ, ਪ੍ਰਧਾਨ ਚੰਦ ਸਿੰਘ ਡੱਲਾ, ਪ੍ਰੋਫੈਸਰ ਸੁਖਵਿੰਦਰ ਸਿੰਘ, ਸੁਖਵਿੰਦਰ ਸਿੰਘ ਸਿੱਧੂ, ਪ੍ਰਧਾਨ ਬਾਈ ਰਛਪਾਲ ਸਿੰਘ ਚਕਰ, ਸਾਬਕਾ ਸਰਪੰਚ ਸਾਧੂ ਸਿੰਘ ਮਾਣੂੰਕੇ, ਦਲਜੀਤ ਸਿੰਘ ਨੀਟਾ, ਬਲਜੀਤ ਸਿੰਘ ਝੱਲੀ, ਸਾਬਕਾ ਸਰਪੰਚ ਮਲਕੀਤ ਸਿੰਘ ਹਠੂਰ, ਸਰਪੰਚ ਜਸ਼ਕਮਲਪ੍ਰੀਤ ਸਿੰਘ ਨਿੱਪਾ ਹਠੂਰ, ਪ੍ਰਿੰਸੀਪਲ ਬਲਵੰਤ ਸਿੰਘ ਸੰਧੂ ਚਕਰ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਹਠੂਰ, ਲਾਲੀ ਮਾਣੂੰਕੇ, ਪਿੰਦਰ ਮਾਣੂੰਕੇ, ਪੰਚ ਸਾਧੂ ਸਿੰਘ ਮਾਣੂੰਕੇ, ਨੰਬਰਦਾਰ ਜਸਵੀਰ ਸਿੰਘ ਦੇਹੜਕਾ, ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਪ੍ਰਧਾਨ ਰਜਿੰਦਰ ਸਿੰਘ ਹਠੂਰ, ਪ੍ਰਧਾਨ ਪ੍ਰਮਿੰਦਰ ਸਿੰਘ ਕੰਬੋ ਹਠੂਰ, ਰੀਅਲ ਮਿਕਸ ਨਿਊਜ ਦੀ ਟੀਮ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜਰੀ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਬੱਸਾਂ ਦੀ ਚੈਕਿੰਗ; ਨਿਯਮਾਂ ਦੀ ਉਲੰਘਣਾ ਕਰਨ 'ਤੇ 2 ਚਲਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੰਗਰੂਰ ਪਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਧੂਰੀ ਵਿਖੇ ਸਕੂਲ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ ਟ੍ਰੈਫਿਕ ਇੰਚਾਰਜ ਸੰਜੇ ਕੁਮਾਰ, ਸਿੱਖਿਆ ਵਿਭਾਗ ਤੋਂ ਇੰਦਰਜੀਤ ਸਿੰਘ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ, ਸੰਗਰੂਰ ਤੋਂ ਅਮਨਦੀਪ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੁੱਲ 08 ਸਕੂਲ ਬੱਸਾਂ ਦੀ ਜਾਂਚ ਕੀਤੀ ਗਈ। ਚੈਕਿੰਗ ਦੌਰਾਨ ਦੋ ਬੱਸਾਂ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਦੀ ਉਲੰਘਣਾ ਪਾਈ ਗਈ। ਇੱਕ ਬੱਸ ਵਿੱਚ ਫਸਟ ਏਡ (ਮੈਡੀਕਲ) ਕਿੱਟ ਦੀ ਘਾਟ ਅਤੇ ਦੂਜੀ ਬੱਸ ਵਿੱਚ ਡਰਾਈਵਰ ਵੱਲੋਂ ਨਿਰਧਾਰਿਤ ਵਰਦੀ ਨਾ ਪਹਿਨਣ ਦੀ ਕਮੀ ਪਾਈ ਗਈ। ਇਨ੍ਹਾਂ ਕਮੀਆਂ ਦੇ ਮੱਦੇਨਜ਼ਰ ਸਬੰਧਤ ਬੱਸਾਂ ਦੇ ਕੁੱਲ 2 ਚਲਾਨ ਕੀਤੇ ਗਏ। ਟੀਮ ਵੱਲੋਂ ਸਕੂਲ ਪ੍ਰਬੰਧਕਾਂ ਅਤੇ ਬੱਸ ਚਾਲਕਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਅਧੀਨ ਜਾਰੀ ਸਾਰੇ ਸੁਰੱਖਿਆ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਹਦਾਇਤ ਕੀਤੀ ਗਈ। ਉਨ੍ਹਾਂ ਨੂੰ ਕਿਹਾ ਗਿਆ ਕਿ ਬੱਸਾਂ ਵਿੱਚ ਫਸਟ ਏਡ ਕਿੱਟ, ਅੱਗ ਬੁਝਾਊ ਯੰਤਰ, ਲੋੜੀਂਦੇ ਦਸਤਾਵੇਜ਼ ਅਤੇ ਹੋਰ ਸੁਰੱਖਿਆ ਉਪਕਰਨ ਹਰ ਸਮੇਂ ਉਪਲਬਧ ਰੱਖੇ ਜਾਣ ਤਾਂ ਜੋ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਹਰ ਹਾਲਤ ਵਿੱਚ ਯਕੀਨੀ ਬਣਾਇਆ ਜਾ ਸਕੇ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਰਦੀਪ ਸਿੰਘ ਗਿੱਲ ਨੇ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸੇਫ ਸਕੂਲ ਵਾਹਨ ਪਾਲਿਸੀ ਦੀ ਪ੍ਰਭਾਵਸ਼ਾਲੀ ਪਾਲਣਾ ਯਕੀਨੀ ਬਣਾਉਣ ਲਈ ਅਜਿਹੀਆਂ ਚੈਕਿੰਗ ਮੁਹਿੰਮਾਂ ਨਿਰੰਤਰ ਜਾਰੀ ਰਹਿਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਰਾਜੌਰੀ ਗਾਰਡਨ ਵਿਖੇ ਮੈਡੀਏਸ਼ਨ ਸੈੱਲ ਦੀ ਸਥਾਪਨਾ, ਬਿਨਾਂ ਕਿਸੇ ਫੀਸ ਤੋਂ ਮਿਲੇਗੀ ਕਾਨੂੰਨੀ ਸਲਾਹ



ਨਵੀਂ ਦਿੱਲੀ, 3 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵਿਖੇ ਇੱਕ ਮੈਡੀਏਸ਼ਨ ਸੈੱਲ ਦੀ ਸਥਾਪਨਾ ਕੀਤੀ ਗਈ ਹੈ। ਇਸ ਸੈੱਲ ਰਾਹੀਂ ਵਕੀਲਾਂ ਵੱਲੋਂ ਲੋੜ ਪੈਣ 'ਤੇ ਸੰਗਤ ਨੂੰ ਬਿਨਾਂ ਕਿਸੇ ਫੀਸ ਦੇ ਕਾਨੂੰਨੀ ਸਲਾਹ ਦਿੱਤੀ ਜਾਵੇਗੀ ਅਤੇ ਪਰਿਵਾਰਕ ਝਗੜਿਆਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਵਾਉਣ ਲਈ ਮੱਧਸਥਤਾ (ਮੈਡੀਏਸ਼ਨ) ਕਰਵਾਈ ਜਾਵੇਗੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਨੇ ਦੱਸਿਆ ਕਿ ਸੰਗਤ ਵੱਲੋਂ ਲਗਾਤਾਰ ਇਹ ਮੰਗ ਕੀਤੀ ਜਾ ਰਹੀ ਸੀ ਕਿ ਅੱਜਕੱਲ੍ਹ ਪਰਿਵਾਰਾਂ ਵਿੱਚ ਛੋਟੀਆਂ-ਛੋਟੀਆਂ ਗੱਲਾਂ ਨੂੰ ਲੈ ਕੇ ਆਪਸੀ ਰਿਸ਼ਤਿਆਂ ਵਿੱਚ ਦੂਰੀਆਂ ਪੈਦਾ ਹੋ ਜਾਂਦੀਆਂ ਹਨ। ਅਜਿਹੇ ਮਾਮਲਿਆਂ ਵਿੱਚ ਮੱਧਸਥਤਾ ਰਾਹੀਂ ਰਿਸ਼ਤਿਆਂ ਨੂੰ ਦੁਬਾਰਾ ਜੋੜਨ ਲਈ ਇੱਕ ਮੈਡੀਏਸ਼ਨ ਸੈੱਲ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਇਸ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਸਮੁੱਚੀ ਕਮੇਟੀ ਨੇ ਗੁਰਦੁਆਰਾ ਸਾਹਿਬ ਵਿੱਚ ਮੈਡੀਏਸ਼ਨ ਸੈੱਲ ਸਥਾਪਤ ਕਰਨ ਦਾ ਫੈਸਲਾ ਲਿਆ। ਇਸ ਲਈ ਵਕੀਲਾਂ ਦਾ ਇੱਕ ਪੈਨਲ ਵੀ ਬਣਾਇਆ ਗਿਆ ਹੈ, ਜਿਸ ਵਿੱਚ ਐਡਵੋਕੇਟ ਰਸ਼ਮੀ ਗੁਲਾਟੀ, ਜਪਨੀਤ ਕੌਰ ਚਾਵਲਾ, ਸੁਸ਼ੀ ਸੂਦ, ਮਨਦੀਪ ਕੌਰ, ਹੇਮੰਤ ਗੁਲਾਟੀ, ਸਵਰਨਦੀਪ ਸਿੰਘ, ਅਮਿਤ ਮਜੂਮਦਾਰ, ਰਮਨੀਕ ਕੌਰ ਸਮੇਤ ਹੋਰ ਵਕੀਲਾਂ ਨੂੰ ਸ਼ਾਮਲ ਕੀਤਾ ਗਿਆ ਹੈ। ਇਹ ਸਾਰੇ ਵਕੀਲ ਬਿਨਾਂ ਕਿਸੇ ਫੀਸ ਦੇ ਲੋੜਵੰਦ ਸੰਗਤ ਨੂੰ ਕਾਨੂੰਨੀ ਪਰਾਮਰਸ਼ ਦੇਣਗੇ ਅਤੇ ਪਰਿਵਾਰਕ ਵਿਵਾਦਾਂ ਦਾ ਆਪਸੀ ਸਹਿਮਤੀ ਨਾਲ ਹੱਲ ਕਰਵਾਉਣ ਅਤੇ ਮੱਧਸਥਤਾ ਸਥਾਪਤ ਕਰਨ ਵਿੱਚ ਸਹਿਯੋਗ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਅੱਡਾ ਨਾਥ ਦੀ ਖੂਹੀ ਚੰਨਣਕੇ ਵਿਖੇ

# ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਜੰਮ ਕੇ ਨਾਅਰੇਬਾਜੀ



**ਚੌਕ ਮਹਿਤਾ, 3 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਅੱਡਾ ਨਾਥ ਦੀ ਖੂਹੀ ਚੰਨਣਕੇ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪੰਜਾਬ ਸਰਕਾਰ ਦੀ ਢਿੱਲੀ ਕਾਰਜ ਗੁਜਾਰੀ ਕਾਰਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਈਟੀਓ ਹਰਭਜਨ ਸਿੰਘ ਦਾ ਪੁਤਲਾ ਫੂਕਿਆ ਗਿਆ। ਜੋਨ ਪ੍ਰਧਾਨ ਰਣਧੀਰ ਸਿੰਘ ਬੁੱਟਰ, ਸਕੱਤਰ ਸ਼ਿਵਚਰਨ ਸਿੰਘ ਢਿੱਲੋ, ਸੀਨੀਅਰ ਮੀਤ ਪ੍ਰਧਾਨ ਸਵਰਨ ਸਿੰਘ ਉਦੋਨੰਗਲ ਅਤੇ ਵਿੱਤ ਸਕੱਤਰ ਮੁਖਤਾਰ ਸਿੰਘ ਅਰਜਨ ਮਾਂਗਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਐਸਡੀਐਮ ਬਾਬਾ ਬਕਾਲਾ ਦੇ ਗੈਰ ਜਿੰਮੇਵਾਰ ਰਵਈਏ ਕਾਰਨ ਤਹਿਸੀਲ ਬਾਬਾ ਬਕਾਲਾ ਦੇ ਵਸਨੀਕਾਂ ਨੂੰ ਆਉਂਦੀਆਂ ਭਾਰੀ ਮੁਸ਼ਿਕਲਾਂ ਕਾਰਨ ਰੋਸ ਪਾਇਆ ਜਾ ਰਿਹਾ ਹੈ। ਉਹਨਾਂ ਇਹ ਵੀ ਆਖਿਆ ਕਿ ਜਿੱਥੇ ਪੰਜਾਬ ਸਰਕਾਰ ਨੇ ਇੱਕ ਝੂਠਾ ਵਾਅਦਾ ਕੀਤਾ ਸੀ ਕਿ ਸਬੰਧਤ ਅਫਸਰ ਤੁਹਾਡੇ ਘਰਾਂ ਤੱਕ ਪਹੁੰਚ ਕੇ ਤੁਹਾਡੀਆਂ ਮੁਸ਼ਕਲਾਂ ਦਾ ਹੱਲ ਕਰਨਗੇ, ਪਰ ਤਹਿਸੀਲ ਦੇ ਵਿੱਚ ਪਹੁੰਚ ਕੇ ਵੀ ਅਫਸਰਾਂ ਵੱਲੋਂ ਲੋਕਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾਂਦੀ ਸਗੋਂ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ। ਜਥੇਬੰਦੀ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇ ਅਜਿਹੇ ਅਫਸਰਾਂ ਦਾ ਰਵਈਆ ਨਾ ਬਦਲਿਆ ਤਾਂ ਪੰਜਾਬ ਸਰਕਾਰ ਵਿਰੁੱਧ ਸੰਘਰਸ਼ ਤੇਜ਼ ਕੀਤਾ ਜਾਵੇਗਾ। ਕਿਸਾਨ ਜਥੇਬੰਦੀਆਂ ਨੇ ਸਰਕਾਰ ਦੇ ਇਹ ਵੀ ਧਿਆਨ ਚ ਲਿਆਂਦਾ ਕਿ ਪਿੰਡ ਚੰਨਣਕੇ ਤੋਂ ਭੋਏਵਾਲ ਦੀ ਸੜਕ ਦੀ ਜਗ੍ਹਾ ਜਗ੍ਹਾ ਪਏ ਡੂੰਘੇ ਖੱਡਿਆਂ ਕਾਰਨ ਰਾਹਗੀਰਾਂ ਨੂੰ ਭਾਰੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਤੇ ਕੀਮਤੀ ਸਾਧਨਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ ਦੋ ਪੀ ਡਬਲਯੂ ਡੀ ਮਹਿਕਮੇ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਵੀ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਇਸੇ ਤਰ੍ਹਾਂ ਕਿਸਾਨਾਂ ਨੇ ਇਹ ਵੀ ਦੱਸਿਆ ਕਿ ਖਾਦ ਦਵਾਈਆਂ ਦੇ ਮੇਨ ਡੀਲਰਾਂ ਵੱਲੋਂ ਖਾਦ ਦੇ ਨਾਲ ਬੇਲੋੜੀਆਂ ਵਸਤਾਂ ਦੇ ਕੇ ਕਿਸਾਨਾਂ ਦੀ ਆਰਥਿਕ ਲੁੱਟ ਕੀਤੀ ਜਾ ਰਹੀ ਹੈ

ਦੂਜੇ ਪਾਸੇ ਝੋਨੇ ਦੀ ਆਮਦ ਮੰਡੀਆਂ ਵਿੱਚ ਸ਼ੁਰੂ ਹੋਣ ਵਾਲੀ ਹੈ, ਪਿਛਲੀ ਵਾਰ ਹੋਈ ਲੁੱਟ ਦੀ ਸਰਕਾਰ ਵੱਲੋਂ ਕੋਈ ਇੰਨਕੁਆਇਰੀ ਨਹੀਂ ਕੀਤੀ ਗਈ ਤੇ ਹੁਣ ਮੰਡੀਆਂ ਵਿੱਚ ਯੋਗ ਪ੍ਰਬੰਧ ਨਹੀਂ ਕੀਤੇ ਗਏ ਝੋਨੇ ਦੇ ਭਾਅ ਅਤੇ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕਰਨ ਦੀ ਬਜਾਏ ਸਰਕਾਰ ਆਪਣੇ ਚੋਣ ਪ੍ਰਚਾਰ ਅਤੇ ਮਸ਼ਹੂਰੀਆਂ ਵਿੱਚ ਰੁੱਝੀ ਹੋਈ ਹੈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਲੋਕ ਮਸਲਿਆਂ ਅਤੇ ਬੁਨਿਆਦੀ ਸਹੂਲਤਾਂ ਵੱਲ ਧਿਆਨ ਦੇਵੇ ਕਿਸਾਨਾਂ ਨੇ ਸਰਕਾਰ ਤੇ ਤੰਜ ਕਸਦਿਆਂ ਕਿਹਾ ਕਿ ਜਮੀਨਾਂ ਅਤੇ ਪਲਾਟਾਂ ਦੀਆਂ ਈਜੀ ਰਜਿਸਟਰੀ ਕਰਵਾਉਣ ਸਬੰਧੀ ਭਗਵੰਤ ਮਾਨ ਸਰਕਾਰ ਵੱਲੋਂ ਕਰੋੜਾਂ ਰੁਪਏ ਦੇ ਇਸ਼ਿਤਆਰ ਤੇ ਹੋਡਿੰਗ ਬੋਰਡ ਲਗਾ ਕੇ ਖਜ਼ਾਨੇ ਤੇ ਵਾਧੂ ਬੋਝ ਪਾਇਆ ਹੈ ਅਸਲ ਜਮੀਨੀ ਹਕੀਕਤ ਰਜਿਸਟਰੀ ਕਰਵਾਉਣੀ ਪਹਿਲਾਂ ਨਾਲੋਂ ਹੋਰ ਵੀ ਮਹਿੰਗੀ ਅਤੇ ਔਖੀ ਹੋ ਗਈ ਹੈ। ਉਕਤ ਮੁੱਦਿਆਂ ਉੱਪਰ ਜੇ ਸਰਕਾਰ ਵੱਲੋਂ ਕੋਈ ਧਿਆਨ ਨਾ ਦਿੱਤਾ ਗਿਆ ਤਾਂ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਭਾਰੀ ਖਮਿਆਜਾ ਭੁਗਤਣਾ ਪੈ ਸਕਦਾ ਹੈ ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਕਾਰ ਸਿੰਘ ਮਹਿਸਮਪੁਰ, ਗੁਰਭੇਜ ਸਿੰਘ ਸੁਰੋਪੱਡਾ, ਗੁਰਵਿੰਦਰ ਸਿੰਘ ਗੋਪੀ ਚੰਨਣਕੇ, ਪ੍ਰਗਟ ਸਿੰਘ ਅਰਜਨ ਮਾਂਗਾ, ਪ੍ਰੇਮ ਕੁਮਾਰ ਸਿੰਘ ਮਹਿਤਾ, ਲਖਵਿੰਦਰ ਸਿੰਘ ਮਹਿਤਾ, ਗੁਰਮੁਖ ਸਿੰਘ ਮਹਿਮਪੁਰ, ਗੁਰਬਖਸ਼ ਸਿੰਘ ਨੰਗਲੀ ਤੋਂ ਇਲਾਵਾ ਸਤਨਾਮ ਸਿੰਘ ਭਲਾਈਪੁਰ ਅਤੇ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ। ਇਸੇ ਤਰ੍ਹਾਂ ਮਹਿਮਪੁਰ ਤੋਂ ਜਸਪਾਲ ਪਿੰਡ ਨੂੰ ਜਾਂਦੀ ਸੜਕ ਸਰਕਾਰ ਦੀਆਂ ਨਾਕਾਮੀਆਂ ਦਾ ਮੂੰਹ ਚੜਾ ਰਹੀ ਹੈ।

### ਪ੍ਰੋ, ਗੁਰਭਜਨ ਸਿੰਘ ਗਿੱਲ ,ਦਰਸ਼ਨ ਬੁੱਟਰ, ਡਾ. ਸ਼ਿੰਦਰਪਾਲ ਸਿੰਘ ਤੇ ਸੁਸ਼ੀਲ ਦੋਸਾਂਝ ਵੱਲੋਂ

# ਸ਼ੇਲਿੰਦਰਜੀਤ ਸਿੰਘ ਰਾਜਨ ਦਾ ਕਾਵਿ ਸੰਗ੍ਰਹਿ 'ਸਾਰੀ ਧਰਤੀ ਮੇਰੀ' ਲੋਕ ਅਰਪਿਤ



**ਚੌਕ ਮਹਿਤਾ,3 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਉੱਘੇ ਸ਼ਾਇਰ ਸ਼ੇਲਿੰਦਰਜੀਤ ਸਿੰਘ ਰਾਜਨ (ਬਾਬਾ ਬਕਾਲਾ ਸਾਹਿਬ ਵਾਸੀ )ਦਾ ਨਵਾਂ ਕਾਵਿ ਸੰਗ੍ਰਹਿ 'ਸਾਰੀ ਧਰਤੀ ਮੇਰੀ' ਪੰਜਾਬੀ ਜੁਬਾਨ ਦੇ ਨਾਮਵਰ ਲੇਖਕ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ: ਗੁਰਭਜਨ ਸਿੰਘ ਗਿੱਲ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਦੇ ਸਾਬਕਾ ਰਜਿਸਟਰਾਰ ਡਾ .ਸ਼ਿੰਦਰਪਾਲ ਸਿੰਘ ਨੇ ਸਾਥੀਆਂ ਸਮੇਤ ਲੋਕ ਅਰਪਿਤ ਕੀਤਾ।

ਇਸ ਮੌਕੇ ਬੋਲਦਿਆਂ ਪ੍ਰੋ: ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਸ਼ੇਲਿੰਦਰਜੀਤ ਸਿੰਘ 'ਰਾਜਨ' ਕੋਲ ਧਰਤੀ ਦੀ ਆਸਾਨ ਜ਼ੁਬਾਨ ਹੋਣ ਕਾਰਣ ਉਸਦੀ ਸ਼ਾਇਰੀ ਵਿੱਚ ਸੰਚਾਰ ਦੀ ਸਮੱਸਿਆ ਬਿਲਕੁਲ ਹੀ ਨਹੀਂ ਹੈ ।ਉਸਦੀ ਕਵਿਤਾ ਵਿੱਚ ਧਰਤੀ ਦੇ ਦੁੱਖ ਸੁੱਖ ਦੀ ਅਣਕਹੀ ਵਾਰਤਾ ਹੈ ।ਲੰਮ ਸਲੰਮੀ ਰਾਤ ਵਰਗੀ ਜ਼ਿੰਦਗੀ ਵਿੱਚ ਜੁਗਨੂੰਆਂ ਵਾਂਗੂੰ ਜਗਣ ਬੁਝਣ ਦੀ ਪ੍ਰਕਿਰਿਆ ਕਾਰਨ ਆਪਣੀ ਅੱਡਰੀ ਹਸਤੀ ਮੰਨਵਾਉਣ ਦੀ ਸਮਰੱਥਾ ਵੀ ਹੈ ।ਉਸਦੀ ਕਵਿਤਾ ਸਾਨੂੰ ਉਂਗਲੀ ਫੜਕੇ ਨਾਲੋ-ਨਾਲ ਤੋਰਦੀ ਹੈ, ਬਾਲ ਨਿਆਣੇ ਵਾਂਗ ਨਿੱਕੀਆਂ-ਨਿੱਕੀਆਂ ਗੱਲਾਂ ਕਰਦੀ, ਹੁੰਗਾਰੇ ਮੰਗਦੀ ਪ੍ਰਤੀਤ ਹੁੰਦੀ ਹੈ । ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਨੇ ਕਿਹਾ ਕਿ 'ਰਾਜਨ' ਅਕਸਰ ਸਾਹਿਤਕ ਸਮਾਗਮਾਂ ਦੀ ਮਿੱਠੀ ਛਬੀਲ ਲਗਾ ਕੇ ਰੱਖਦਾ ਹੈ ।ਹੁਣ ਉਹ ਆਪਣੀ ਮੌਲਿਕ ਕਾਵਿ-ਕਿਰਤਾਂ ਦੀ ਪੁਸਤਕ "ਸਾਰੀ ਧਰਤੀ ਮੇਰੀ" ਨਾਲ ਕਵਿਤਾ ਵਿੱਚ ਨਵੀਆਂ ਸੰਭਾਵਨਾਵਾਂ ਲੈ ਕੇ ਹਾਜ਼ਰ ਹੈ ।ਉਸਦੀ ਕਵਿਤਾ ਸਾਨੂੰ ਭਵਿੱਖ-ਮੁਖੀ ਸੰਕਟਾਂ ਪ੍ਰਤੀ ਵੀ ਸੁਚੇਤ ਕਰ ਰਹੀ ਹੈ ।ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਦਾ ਕਹਿਣਾ ਸੀ ਕਿ ਪੰਜਾਬੀ ਸਾਹਿਤ ਅਤੇ ਸਿਰਜਣਾ ਦੇ ਖੇਤਰ 'ਚ 'ਰਾਜਨ' ਨਿਰੰਤਰ ਜੁਟੇ ਰਹਿਣ ਵਾਲਾ ਗੱਭਰੂ ਕਾਮਾ ਹੈ । 'ਸਾਰੀ ਧਰਤੀ ਮੇਰੀ' ਪੁਸਤਕ ਪੰਜਾਬੀ ਕਵਿਤਾ ਦੀ ਧਰਤੀ ਨੂੰ ਹੋਰ ਜ਼ਰਖੇਜ਼ ਬਣਾਉਣ ਵਿੱਚ ਇੱਕ ਮੀਲ ਪੱਥਰ ਸਾਬਿਤ ਹੋਵੇਗੀ ।ਕੇਂਦਰੀ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਦੀ ਧਰਤੀ 'ਤੇ ਸਾਹਿਤਕ ਕਿਸ਼ਤੀ ਦੇ ਮਾਂਝੀ ਵਜੋਂ ਉਭਰੇ 'ਰਾਜਨ' ਆਪਣੀ ਲੇਖਣੀ 'ਚ ਵੀ ਆਮ ਲੋਕਾਂ ਵਿੱਚੋਂ ਵਿਸ਼ੇ ਲੈ ਕੇ ਗੱਲ ਕਰਦਾ ਹੈ ਤਾਂ ਲੋਕ ਭਾਵਨਾਵਾਂ ਦੀਆਂ ਅਧੂਰੀਆਂ ਇੱਛਾਵਾਂ ਨੂੰ ਨੇੜਿਉਂ ਫੜ੍ਹਦਾ ਹੈ । 'ਰਾਜਨ' ਕੋਲ ਬਦਲ ਰਹੇ ਸਮਾਜ ਦੀ ਬਦਲਦੀ ਸਮਾਜਿਕ ਅਤੇ ਆਰਥਿਕ ਅਰਥ-ਵਿਵਸਥਾ ਨੂੰ ਘੋਖਣ, ਪੜਤਾਲਣ ਤੇ ਚਿਤਰਨ ਦੀ ਸਾਹਿਤਕ ਭਾਸ਼ਾ ਹੈ, ਜਿਸਦੀ ਸਹਾਇਤਾ ਨਾਲ ਉਹ ਆਪਣੀ ਗੱਲ ਕਹਿੰਦਾ ਹੈ। ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਅਤੇ ਹੁਣ ਮੈਗਜ਼ੀਨ ਦੇ ਮੁੱਖ ਸੰਪਾਦਕ ਸੁਸ਼ੀਲ ਦੋਸਾਂਝ ਨੇ ਕਿਹਾ ਕਿ ਰਾਜਨ ਦੀ ਕਹੀ ਗੱਲ 'ਚ ਸਾਰਥਿਕ ਸੁਨੇਹਾ ਹੁੰਦਾ ਹੈ ।ਬਹੁਤੇ ਬੁਲਾਰਿਆ ਨੇ ਪੁਸਤਕ 'ਸਾਰੀ ਧਰਤੀ ਮੇਰੀ' ਨੂੰ ਜੀ ਆਇਆਂ ਕਿਹਾ ਕਿ 'ਰਾਜਨ' ਨੂੰ ਇਸ ਸਾਰਥਿਕ ਯਤਨ ਲਈ ਵਧਾਈ ਦਿੱਤੀ ।ਘਰ ਆਏ ਸਾਰੇ ਲੇਖਕਾਂ ਨੂੰ ਪ੍ਰੋ .ਗੁਰਭਜਨ ਸਿੰਘ ਗਿੱਲ ਨੇ ਆਪਣੀਆਂ ਲਿਖੀਆਂ ਕਾਵਿ ਪੁਸਤਕਾਂ ਭੇਟ ਕੀਤੀਆਂ। ਇਸ ਮੌਕੇ ਡਾ: ਸ਼ਿੰਦਰਪਾਲ ਸਿੰਘ ਬੁਲੰਦ ਸ਼ਾਇਰ ਮਨਜਿੰਦਰ ਧਨੋਆ, ਗੁਰਮੀਤ ਸਿੰਘ ਬਾਜਵਾ ਕਲਾਨੌਰ, ਮਾ: ਮਨਜੀਤ ਸਿੰਘ ਵੱਸੀ, ਸਾਹਿੱਤ ਸਭਾ ਸਮਰਾਲਾ ਦੇ ਪ੍ਰਤੀਨਿਧ ਯਤਿੰਦਰ ਕੌਰ ਮਾਹਲ, ਡਾ: ਲੇਖ ਰਾਜ ਸੁਜਾਨਪੁਰ, ਬੂਟਾ ਰਾਮ ਅਜ਼ਾਦ, ਜ਼ਿਲ੍ਹਾ ਭਾਸ਼ਾ ਅਫ਼ਸਰ ਹੋਸ਼ਿਆਰਪੁਰ ਡਾ. ਜਸਵੰਤ ਰਾਏ, ਸੁਰਿੰਦਰਜੀਤ ਚੌਹਾਨ ਅਤੇ ਹਰਪਲਿੰਦਰ ਸਿੰਘ ਬੱਬਨ ਸਮੇਤ ਕਈ ਸਮਰੱਥ ਲੇਖਕ ਹਾਜ਼ਰ ਸਨ।

## ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ, ਬਾਬਾ ਫ਼ਤਹਿ ਸਿੰਘ ਜੀ ਵਿਖ਼ੇ 7 ਅਗਸਤ ਨੂੰ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ





ਨਵੀਂ ਦਿੱਲੀ, 3 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ-ਬਾਬਾ ਫ਼ਤਹਿ ਸਿੰਘ ਜੀ, ਫ਼ਤਹਿ ਨਗਰ, ਜੇਲ੍ਹ ਰੋਡ, ਨਵੀਂ ਦਿੱਲੀ ਵਿਖੇ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ 7 ਅਗਸਤ 2026, ਦਿਨ ਸ਼ੁੱਕਰਵਾਰ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਇਆ ਜਾਵੇਗਾ। ਇਸ ਬਾਰੇ ਜਾਣਕਾਰੀ ਦੇਂਦਿਆ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਪ੍ਰੀਤਮ ਸਿੰਘ ਚੱਕਪਖੀ ਨੇ ਦਸਿਆ ਕਿ ਇਸ ਮੌਕੇ ਸਵੇਰੇ ਅਤੇ ਸ਼ਾਮ ਦੇ ਦੀਵਾਨਾਂ ਵਿੱਚ ਗੁਰਬਾਣੀ ਕੀਰਤਨ, ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਜਾਵੇਗਾ।ਓਨ੍ਹਾ ਕਿਹਾ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਭਾਈ ਹਰਵਿੰਦਰ ਸਿੰਘ, ਭਾਈ ਬਲਦੇਵ ਸਿੰਘ ਬੀੜ ਸਾਹਿਬ, ਭਾਈ ਜਰਨੈਲ ਸਿੰਘ (ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ) ਦੇ ਨਾਲ ਗੁਰਦੁਆਰਾ ਸਾਹਿਬ ਦੇ ਹਜੂਰੀ ਰਾਗੀ ਜੱਥੇ ਗੁਰਬਾਣੀ ਕੀਰਤਨ ਦੀ ਸੇਵਾ ਨਿਭਾਉਣਗੇ। ਓਨ੍ਹਾ ਕਿਹਾ ਇਸ ਮੌਕੇ ਅਖੰਡ ਪਾਠ ਸਾਹਿਬ 5 ਤਰੀਕ ਸਵੇਰੇ ਅੰਮ੍ਰਿਤਵੇਲੇ ਆਰੰਭ ਹੋਣਗੇ ਤੇ ਸਮਾਪਤੀ 7 ਤਰੀਕ ਸਵੇਰੇ ਅੰਮ੍ਰਿਤਵੇਲੇ ਹੋਵੇਗੀ ਜਿਸ ਉਪਰੰਤ ਕੀਰਤਨੀ ਦੀਵਾਨ ਸਜਾਏ ਜਾਣਗੇ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਗਮੋਹਨ ਸਿੰਘ ਆਨੰਦ, ਮੀਤ ਪ੍ਰਧਾਨ ਤਰਵਿੰਦਰ ਪਾਲ ਸਿੰਘ, ਜਨਰਲ ਸਕੱਤਰ ਮਨਮੋਹਨ ਸਿੰਘ, ਖਜ਼ਾਨਚੀ ਗੁਰਮੀਤ ਸਿੰਘ ਜੱਗੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਨਿਤਨੇਮ, ਗੁਰਮਤਿ ਕਲਾਸਾਂ, ਸਿੱਖ ਇਤਿਹਾਸ ਦੀ ਲੜੀਵਾਰ ਕਥਾ, ਲੰਗਰ ਦੀ ਨਿਰੰਤਰ ਸੇਵਾ ਅਤੇ ਲੋੜਵੰਦਾਂ ਦੀ ਸਹਾਇਤਾ ਵਰਗੀਆਂ ਧਾਰਮਿਕ ਅਤੇ ਸਮਾਜਿਕ ਸੇਵਾਵਾਂ ਲਗਾਤਾਰ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਸਿਰਫ਼ ਇਬਾਦਤ ਦਾ ਕੇਂਦਰ ਨਹੀਂ, ਸਗੋਂ ਗੁਰਸਿੱਖੀ, ਸੇਵਾ ਅਤੇ ਸੰਸਕਾਰਾਂ ਦੀ ਪ੍ਰੇਰਣਾ ਦੇਣ ਵਾਲਾ ਕੇਂਦਰ ਵੀ ਹੈ, ਜਿੱਥੇ ਹਰ ਉਮਰ ਵਰਗ ਦੀ ਸੰਗਤ ਨੂੰ ਗੁਰੂ ਘਰ ਨਾਲ ਜੋੜਨ ਲਈ ਨਿਰੰਤਰ ਉਪਰਾਲੇ ਕੀਤੇ ਜਾਂਦੇ ਹਨ। ਪ੍ਰਬੰਧਕਾਂ ਨੇ ਕਿਹਾ ਕਿ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਆਪਣੇ ਸੰਖੇਪ ਜੀਵਨ ਦੌਰਾਨ ਨਿਮਰਤਾ, ਦਇਆ, ਨਿਸ਼ਕਾਮ ਸੇਵਾ ਅਤੇ ਮਨੁੱਖਤਾ ਦੀ ਭਲਾਈ ਦਾ ਸੰਦੇਸ਼ ਦਿੱਤਾ। ਦਿੱਲੀ ਵਿੱਚ ਮਹਾਂਮਾਰੀ ਤੋਂ ਪੀੜਤ ਲੋਕਾਂ ਦੀ ਨਿਰਸਵਾਰਥ ਸੇਵਾ ਕਰਕੇ ਗੁਰੂ ਸਾਹਿਬ ਨੇ ਸਿਖਾਇਆ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡੀ ਭਗਤੀ ਹੈ। ਉਨ੍ਹਾਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਪਰਿਵਾਰਾਂ ਸਮੇਤ ਵੱਡੀ ਗਿਣਤੀ ਵਿੱਚ ਸਮਾਗਮ ਵਿੱਚ ਸ਼ਾਮਲ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕੀਤੀ।

## ਨਜ਼ਦੀਕੀ ਸਾਥੀ ਦੇ ਦੁੱਖ 'ਚ ਸ਼ਰੀਕ ਹੋਏ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ



ਤਲਵੰਡੀ ਸਾਬੋ, 03 ਅਗਸਤ (ਗੁਰਜੰਟ ਸਿੰਘ ਨਥੇਹਾ)-ਆਪਣੇ ਪੁਰਾਣੇ ਸਾਥੀ ਕੁਲਵਿੰਦਰ ਸਿੰਘ ਨਵਾਂ ਪਿੰਡ ਦੀ ਮਾਤਾ ਦੇ ਅਕਾਲ ਚਲਾਣੇ ਤੇ ਅਫਸੋਸ ਪ੍ਰਗਟ ਕਰਨ ਲਈ ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਉਨਾਂ ਦੇ ਘਰ ਪਿੰਡ ਫਤਹਿਗੜ੍ਹ ਨੌ ਆਬਾਦ ਵਿਖੇ ਪਹੁੰਚੇ ਅਤੇ ਪਰਿਵਾਰ ਦੇ ਦੁੱਖ 'ਚ ਸ਼ਰੀਕ ਹੁੰਦਿਆਂ ਮਾਤਾ ਦੇ ਅਕਾਲ ਚਲਾਣੇ ਨੂੰ ਪਰਿਵਾਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਬਾਅਦ 'ਚ ਇੱਥੇ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਸਿੱਧੂ ਨੇ ਇਥਨੋਲ ਯੁਕਤ ਪੈਟਰੋਲ ਵਿਕਰੀ ਤੇ ਕੇਂਦਰ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਉਕਤ ਪੈਟਰੋਲ ਨਾਲ ਦੇਸ਼ ਭਰ 'ਚੋਂ ਵਾਹਨਾਂ ਦੇ ਨੁਕਸਾਨ ਅਤੇ ਮਾਈਲੇਜ਼ ਘਟਨ ਦੀ ਖਬਰਾਂ ਸਾਹਮਣੇ ਆ ਰਹੀਆਂ ਹਨ ਪਰ ਲੋਕਾਂ ਦੇ ਹੋ ਰਹੇ ਨੁਕਸਾਨ ਤੇ ਕੇਂਦਰ ਸਰਕਾਰ ਨੇ ਬਿਲਕੁਲ ਚੁੱਪੀ ਧਾਰ ਰੱਖੀ ਹੈ ਜੋ ਗਲਤ ਹੈ ਉਨਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦੈ ਕਿ ਉਹ ਪਹਿਲਾਂ ਤੋਂ ਵਰਤੋਂ 'ਚ ਚੱਲ ਰਹੇ ਪੈਟਰੋਲ ਦੀ ਵਿਕਰੀ ਨਿਰੰਤਰ ਚਾਲੂ ਰੱਖੇ ਅਤੇ ਜੇਕਰ ਇਥਨੋਲ ਯੁਕਤ ਪੈਟਰੋਲ ਦੀ ਵਿਕਰੀ ਸਰਕਾਰ ਵਾਸਤੇ ਜ਼ਰੂਰੀ ਹੈ ਤਾਂ ਉਹ ਅਲੱਗ ਤੋਂ ਉਸਦੀ ਵਿਕਰੀ ਦੇ ਪ੍ਰਬੰਧ ਕਰਵਾਵੇ ਤਾਂ ਜੋ ਇਛੁੱਕ ਲੋਕ ਉਸਨੂੰ ਖਰੀਦ ਸਕਣ। ਉਨਾਂ ਮੰਗ ਕੀਤੀ ਕਿ ਇਥਨੋਲ ਯੁਕਤ ਪੈਟਰੋਲ ਦੀ ਵਿਕਰੀ ਲੋਕਾਂ ਤੇ ਥੋਪ ਕੇ ਉਨਾਂ ਦੀਆਂ ਜੇਬਾਂ 'ਤੇ ਭਾਰ ਨਾ ਪਾਇਆ ਜਾਵੇ। ਸਿੱਧੂ ਨਾਲ ਇਸ ਮੌਕੇ ਨਿੱਜੀ ਸਹਾਇਕ ਅਮਰਜੀਤ ਸਿੰਘ ਚੀਮਾ, ਜੱਟਮਹਾਂ ਸਭਾ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ, ਸੀ. ਕਾਂਗਰਸੀ ਆਗੂ ਕ੍ਰਿਸ਼ਨ ਯਾਦਵ, ਹੈਪੀ ਬਹਿਮਣ, ਗੁਰਾਦਿੱਤਾ ਸਿੰਘ ਸੀਂਗੋ, ਸੁਰਜੀਤ ਸ਼ਿੰਦੀ ਜਗਾ, ਦਰਸ਼ਨ ਗਿੱਲ, ਮਨਪ੍ਰੀਤ ਸ਼ੇਖਪੁਰਾ, ਜਸਪਾਲ ਸਿੰਘ ਭਗਵਾਨਪੁਰਾ ਆਦਿ ਮੌਜੂਦ ਸਨ।

ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ

# ਅਧਿਆਪਕ ਵਰਕਸ਼ਾਪ ਦਾ ਸ.ਫਲ ਆਯੋਜਨ





ਤਲਵੰਡੀ ਸਾਬੋ, 03 ਅਗਸਤ (ਗੁਰਜੰਟ ਸਿੰਘ ਨਥੇਹਾ)- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਖੇਤਰ ਤਲਵੰਡੀ ਸਾਬੋ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਵਿਖੇ ਵਿਦਿਆਰਥੀਆਂ ਵਿੱਚ ਨੈਤਿਕ ਸਿੱਖਿਆ ਦਾ ਪ੍ਰਚਾਰ ਅਤੇ ਪ੍ਰਸਾਰ ਵਿਸ਼ੇ ਤੇ ਇਕ ਰੋਜ਼ਾ ਅਧਿਆਪਕ ਵਰਕਸ਼ਾਪ ਦਾ ਸ.ਫਲ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਖੇਤਰ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਤੋਂ ਲਗਭਗ 50 ਅਧਿਆਪਕਾਂ ਨੇ ਭਾਗ ਲਿਆ। ਇਸ ਮੌਕੇ ਸ.ਹਰਬੰਸ ਸਿੰਘ ਰਿਟਾਇਰਡ ਡੀ.ਪੀ.ਆਈ (ਸਕੂਲਜ਼) ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਪ੍ਰੋ.ਗੁਰਜੀਤ ਸਿੰਘ ਮੁਖੀ ਭਾਈ ਮਰਦਾਨਾ ਜੀ ਚੇਅਰ ਗੁਰੂ ਕਾਸ਼ੀ ਯੂਨੀਵਰਸਿਟੀ, ਰਾਜ ਸਿੰਘ ਬਾਘਾ ਪ੍ਰਿੰਸੀਪਲ ਮਾਤਾ ਸੁੰਦਰੀ ਕਾਲਜ ਢੱਡੇ, ਸ.ਸੁਖਵਿੰਦਰ ਸਿੰਘ ਭਾਗੀਵਾਂਦਰ, ਸ੍ਰੀ ਰੇਵਤੀ ਪ੍ਰਸਾਦ ਜੀ ਰਾਸ਼ਟਰਪਤੀ ਅਵਾਰਡੀ ਅਤੇ ਬਲਵਿੰਦਰ ਸਿੰਘ ਨੰਬਰਦਾਰ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ। ਸਮਾਗਮ ਦੀ ਸ਼ੁਰੂਆਤ ਵਿਚ ਸੁਖਰਾਜ ਸਿੰਘ ਸੰਦੋਹਾ ਹੈਡ ਮਾਸਟਰ ਨੇ ਆਏ ਹੋਏ ਸਮੂਹ ਅਧਿਆਪਕ ਸਾਹਿਬਾਨਾਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆ ਆਖਿਆ। ਉਪਰੰਤ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਮੁੱਖ ਬੁਲਾਰੇ ਸ.ਨਰਿੰਦਰਪਾਲ ਸਿੰਘ ਗੁਰੂਹਰਸਹਾਏ ਅਤੇ ਸ. ਰਣਜੀਤ ਸਿੰਘ ਖੱਚੜਾਂ ਨੇ ਵਿਸ਼ੇਸ਼ ਤੌਰ ਤੇ ਸੰਬੋਧਨ ਕੀਤਾ। ਉਨ੍ਹਾਂ ਨੇ ਆਪਣੇ ਵਿਚਾਰਾਂ ਰਾਹੀਂ ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਚੰਗੇ ਚਰਿੱਤਰ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਬੁਲਾਰਿਆਂ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਨੈਤਿਕ ਸਿੱਖਿਆ ਬਹੁਤ ਜ਼ਰੂਰੀ ਹੈ ਅਤੇ ਅਧਿਆਪਕ ਇਸ ਦਿਸ਼ਾ ਵਿੱਚ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਵਰਕਸ਼ਾਪ ਦੌਰਾਨ ਅਧਿਆਪਕਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਨੈਤਿਕ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸੁਝਾਅ ਦਿੱਤੇ। ਸਮਾਗਮ ਦੇ ਅੰਤ ਵਿੱਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਪਹੁੰਚੇ ਹੋਏ ਬੁਲਾਰਿਆਂ ਤੇ ਸਾਰੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਗਿਆਨਵਰਧਕ ਵਰਕਸ਼ਾਪਾਂ ਕਰਵਾਉਣ ਦਾ ਸੰਕਲਪ ਪ੍ਰਗਟ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਗਰੀਬਾਂ ਨੂੰ ਗੰਦੀਆਂ ਬਸਤੀਆਂ ਅਤੇ

# ਤੰਗ ਘਰਾਂ ਤੋਂ ਨਿਜਾਤ ਦੇਵਾਵਾਂਗੇ-ਚੰਦਨਪ੍ਰੀਤ ਕੌਰ



ਫ਼ਿਰੋਜ਼ਪੁਰ, 03 ਅਗਸਤ (ਮਨੋਹਰ ਲਾਲ) :- ਅਧਿਕਾਰ ਸੰਘਰਸ਼ ਪਾਰਟੀ ਦੀ ਸੀਨੀਅਰ ਆਗੂ ਅਤੇ ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਦੇਸ਼ ਨੂੰ ਅਜ਼ਾਦ ਹੋਇਆਂ ਕਰੀਬ 80 ਸਾਲ ਹੋ ਗਏ ਹਨ, ਏਨਾਂ ਲੰਮਾ ਅਰਸਾ ਬੀਤ ਜਾਣ ਦੇ ਬਾਵਜੂਦ ਵੀ ਸੱਤਾ ਹੰਢਾ ਚੁੱਕੀਆਂ ਰਵਾਇਤੀ ਪਾਰਟੀਆਂ ਦੀਆਂ ਤਤਕਾਲੀ ਸਰਕਾਰਾਂ ਅਤੇ ਮੌਜੂਦਾ ਸਰਕਾਰ ਨੇ ਗੰਦੀਆਂ ਬਸਤੀਆਂ (ਸਲੱਮ ਖੇਤਰ) ਵਿੱਚ ਵੱਸਦੇ ਗ਼ਰੀਬ ਲੋਕਾਂ ਲਈ ਚੰਗੇ ਘਰਾਂ ਦਾ ਇੰਤਜ਼ਾਮ ਨਹੀਂ ਕੀਤਾ। ਅੱਜ ਵੀ ਬਹੁਗਿਣਤੀ ਗਰੀਬ ਲੋਕ ਗੰਦੀਆਂ ਨਾਲੀਆਂ ਅਤੇ ਨਾਲਿਆਂ ਦੇ ਕਿਨਾਰੇ ਗੰਦੇ ਅਤੇ ਤੰਗ ਘਰਾਂ ਵਿੱਚ ਦਿਨ ਗੁਜ਼ਰ ਕਰ ਰਹੇ ਹਨ। ਗੰਦਿਆਂ ਨਾਲਿਆਂ ਦੇ ਕੰਢੇ ਵੱਸਦੇ ਅਕਸਰ ਹੀ ਗ਼ਰੀਬ ਲੋਕ ਭਿਆਨਕ ਬੀਮਾਰੀਆਂ ਦੀ ਲਪੇਟ ਵਿਚ ਆ ਜਾਂਦੇ ਹਨ, ਆਰਥਿਕ ਮੰਦਹਾਲੀ ਹੋਣ ਕਾਰਨ ਅਤੇ ਸਰਕਾਰੀ ਬੀਮਾਰ ਹਸਪਤਾਲਾਂ ਕਰਕੇ ਗਰੀਬ ਆਪਣਾ ਇਲਾਜ ਕਰਵਾਉਣ ਲਈ ਵੀ ਬੇਵੱਸ ਹਨ। ਸਮੇਂ ਸਿਰ ਇਲਾਜ ਨਾ ਮਿਲਣ ਕਾਰਨ ਬਹੁਤੇ ਪੀੜਤ ਲੋਕ ਆਪਣੀ ਕੀਮਤੀ ਜਾਨਾਂ ਤੋਂ ਹੱਥ ਧੋ ਬੈਠਦੇ ਹਨ। ਵਿਧਾਨ ਸਭਾ ਹਲਕਾ ਜ਼ੀਰਾ ਦੇ ਪਿੰਡ ਮਣਕਿਆਂ ਵਾਲੀ ਵਿਖੇ ਇੱਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਸਲੱਮ ਬਸਤੀਆਂ ਅਤੇ ਤੰਗ ਘਰਾਂ ਵਿੱਚ ਵੱਸਦੇ ਗ਼ਰੀਬ ਲੋਕਾਂ ਲਈ ਖ਼ੂਬਸੂਰਤ ਘਰਾਂ ਦੀ ਉਸਾਰੀ ਕਰਕੇ ਉਨ੍ਹਾਂ ਨੂੰ ਨਵੇਂ ਮਾਲਕੀ ਘਰ ਤਕਸੀਮ ਕੀਤੇ ਜਾਣਗੇ। ਉਨਾਂ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਗਰੀਬ ਲੋਕਾਂ ਨੂੰ ਗੰਦੀਆਂ ਬਸਤੀਆਂ ਅਤੇ ਤੰਗ ਘਰਾਂ ਤੋਂ ਨਿਜਾਤ ਦੇਵਾਏਗੀ। ਮਿਸ ਅਲਕਾ ਨੇ ਕਿਹਾ ਕਿ ਆਰਥਿਕ ਤੌਰ ਤੇ ਪਛੜੇ ਵਰਗਾਂ ਦੀਆਂ 8ਵੀਂ, 10ਵੀਂ ਅਤੇ 12ਵੀਂ ਪਾਸ ਔਰਤਾਂ ਨੂੰ ਹਰ ਸਾਲ ਇਕ ਲੱਖ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ। ਇਸ ਮੀਟਿੰਗ ਵਿੱਚ ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ, ਉਨ੍ਹਾਂ ਕਿਹਾ ਕਿ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਸਿਹਤ ਅਤੇ ਸਿੱਖਿਆ ਸਹੂਲਤਾਂ ਗ਼ਰੀਬ ਲੋਕਾਂ ਨੂੰ ਮੁਫ਼ਤ ਉਪਲਬਧ ਕਰਵਾਈਆਂ ਜਾਣਗੀਆਂ। ਆਂਗਨਵਾੜੀ ਵਰਕਰਾਂ, ਆਸ਼ਾ ਵਰਕਰਾਂ, ਮਿਡ ਡੇ ਮੀਲ ਵਰਕਰਾਂ, ਫਸਿਲੀਟੇਟਰ ਵਰਕਰਾਂ, ਸਫ਼ਾਈ ਕਰਮਚਾਰੀਆਂ ਅਤੇ ਆਊਟਸੋਰਸ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਸੁਹਾਵਣੇ ਮਾਹੌਲ ਵਿੱਚ ਉਨ੍ਹਾਂ ਨਾਲ ਵਾਰਤਾਲਾਪ ਕਰਕੇ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਪ੍ਰਵਾਨ ਕੀਤੀਆਂ ਜਾਣਗੀਆਂ, ਸਰਕਾਰੀ ਅਤੇ ਕੱਚੇ ਮੁਲਾਜ਼ਮਾਂ ਨੂੰ ਧਰਨੇ ਮੁਜ਼ਾਹਰੇ ਕਰਨ ਦੀ ਕੋਈ ਲੋੜ ਮਹਿਸੂਸ ਨਹੀਂ ਪਵੇਗੀ। ਇੰਜ ਭਿੰਡਰ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਅਤੇ ਸੰਵਿਧਾਨ ਦਾ ਰਾਜ ਹੋਵੇਗਾ, ਕਿਸੇ ਵੀ ਵਿਅਕਤੀ ਨਾਲ ਜ਼ਿਆਦਤੀ ਨਹੀਂ ਹੋਣ ਦਿੱਤੀ ਜਾਵੇਗੀ, ਸਭ ਨੂੰ ਬਰਾਬਰ ਇਨਸਾਫ਼ ਮਿਲ਼ੇਗਾ, ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਵਿਚ ਸਭ ਲਈ ਬਰਾਬਰ ਮੌਕੇ ਅਤੇ ਸਭ ਲਈ ਬਰਾਬਰ ਦਾ ਸਤਿਕਾਰ ਹੋਵੇਗਾ। ਸੀਨੀਅਰ ਪਾਰਟੀ ਆਗੂ ਕਿੰਦਰ ਕੌਰ ਗਿੱਲ ਨੇ ਕਿਹਾ ਕਿ ਬਜ਼ੁਰਗਾਂ, ਵਿਧਵਾਵਾਂ ਅਤੇ ਅੰਗਹੀਣਾਂ ਨੂੰ 5100 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇਗੀ, ਮਨਰੇਗਾ ਅਤੇ ਮਜ਼ਦੂਰਾਂ ਨੂੰ 1000 ਰੁਪਏ ਪ੍ਰਤੀ ਦਿਨ ਦਿਹਾੜੀ ਦਿੱਤੀ ਜਾਵੇਗੀ। ਵਿਧਾਨ ਸਭਾ ਹਲਕਾ ਜ਼ੀਰਾ ਦੀ ਸਕੱਤਰ ਕਮਲਜੀਤ ਕੌਰ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਹਲਕੇ ਦੇ ਪਿੰਡਾਂ ਅਤੇ ਕਸਬਿਆਂ ਵਿੱਚ ਜਲਦ ਹੀ ਕੈਡਰ ਕੈਂਪ ਸ਼ੁਰੂ ਕੀਤੇ ਜਾ ਰਹੇ ਹਨ। ਮੀਟਿੰਗ ਵਿੱਚ ਚਰਨਜੀਤ ਕੌਰ, ਜਗਰੂਪ ਸਿੰਘ, ਤਰਸੇਮ ਸਿੰਘ, ਸਵਰਨਜੀਤ ਕੌਰ, ਕਿਰਨਜੀਤ ਕੌਰ, ਪਰਮਿੰਦਰ ਕੌਰ, ਸੁਖਜੀਤ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ, ਭੋਲਾ ਸਿੰਘ ਗਿੱਲ ਭੂਰੇ ਖੁਰਦ ਅਤੇ ਮਹਿੰਦਰ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਕੰਨਟੇਨਰ ਰਾਹੀ ਭੇਜੇ ਪਾਵਨ ਸਰੂਪ ਮਾਮਲੇ ਚ ਗਿਆਨੀ ਤੇਜਬੀਰ ਸਿੰਘ ਖ਼ਾਲਸਾ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਜੀ ਤੇ ਅਰਦਾਸ ਕਰਨ ਉਪਰੰਤ ਆਕਾਲ ਤਖਤ ਸਾਹਿਬ ਜੀ ਦੇ ਸਕੱਤਰੇਤ ਵਿਖੇ ਮੰਗ ਪੱਤਰ ਸੌਂਪਿਆ



**ਜੰਡਿਆਲਾ ਗੁਰੂ 3 ਅਗਸਤ ( ਕੁਲਵੰਤ ਸਿੰਘ ਵਿਰਦੀ )**-ਕੰਨਟੇਨਰ ਰਾਹੀ ਕਨੇਡਾ ਭੇਜੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਮਾਮਲੇ ਤੇ ਅੱਜ ਗਿਆਨੀ ਤੇਜਬੀਰ ਸਿੰਘ ਖ਼ਾਲਸਾ ਦਮਦਮੀ ਟਕਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਭਾਈ ਪਰਮਜੀਤ ਸਿੰਘ ਅਕਾਲੀ ਨੇ ਜਥੇ ਦੀ ਸੰਗਤ ਸਮੇਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਰਦਾਸ ਕੀਤੀ। ਅਤੇ ਇਸ ਮੌਕੇ ਪੱਤਰਕਾਰਾਂ ਨਾਲ ਗਲ ਕਰਦਿਆਂ ਹੋਇਆ ਗਿਆਨੀ ਤੇਜਬੀਰ ਸਿੰਘ ਖ਼ਾਲਸਾ ਨੇ ਕਿਹਾ ਕਿ ਆਪਣੇ ਆਪ ਨੂੰ ਸਿੱਖਾਂ ਦੀ ਨੁਮਾਇੰਦਾ ਜਮਾਤ ਅਖਵਾਉਣ ਵਾਲੀ ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਦਿਨੀ ਜੋ ਪਾਵਨ ਸਰੂਪ ਕਨੇਡਾ ਵਿਖੇ ਇੱਕ ਖਸਤਾ ਹਾਲ ਦੀ ਬੱਸ ਦੇ ਵਿੱਚ ਸੁਭਾਏਮਾਨ ਕਰਕੇ ਸਮੁੰਦਰ ਰਸਤੇ ਰਾਹੀਂ ਪਹੁੰਚਾਇਆ। ਸਭ ਤੋਂ ਵੱਡੀ ਦੁੱਖ ਦੀ ਗੱਲ ਹੈ ਕਿ ਇਨਾਂ ਪਾਵਨ ਸਰੂਪਾਂ ਨਾਲ ਇੱਕ ਵੀ ਸਿੰਘ ਨਹੀਂ ਭੇਜਿਆ ਗਿਆ। ਇਹ ਸਤਿਗੁਰੂ ਸੱਚੇ ਪਾਤਸ਼ਾਹ ਜੀ ਦਾ ਘੋਰ ਨਿਰਾਦਰ ਹੈ ਅੱਜ ਉਸ ਦੇ ਰੋਸ ਵਜੋਂ ਅਸੀ ਸਾਰੇ ਇੱਥੇ ਸਤਿਗੁਰੂ ਸੱਚੇ ਪਾਤਸ਼ਾਹ ਦੇ ਚਰਨਾਂ ਚ ਅਰਦਾਸ ਬੇਨਤੀ ਕੀਤੀ ਹੈ ਕਿ ਜਿਹੜੇ ਸਾਡੇ ਗੁਰੂ ਕੇ ਸਿੱਖਾਂ ਨੇ ਇਹ ਕੋਤਾਹੀ ਕੀਤੀ ਹੈ ਉਨਾਂ ਨੂੰ ਸਮੱਤ ਬਖਸ਼ੋ ਅਸੀ ਦਮਦਮੀ ਟਕਸਾਲ ਦੇ ਸਿੰਘ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਇਹ ਬੇਨਤੀ ਕਰਨ ਆਏ ਹਾਂ ਕਿ ਸੱਚੇ ਪਾਤਸ਼ਾਹ ਕਿਰਪਾ ਕਰਨ ਆਪਣੇ ਪੰਥ ਦੀ ਚੜ੍ਹਦੀ ਕਲਾ ਕਰਨ। ਉਨਾਂ ਕਿਹਾ ਕਿ ਕਨੇਡਾ ਮਾਮਲੇ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਘੋਰ ਨਿਰਾਦਰੀ ਅਤੇ ਘੋਰ ਬੇਅਦਬੀ ਹੋਈ ਹੈ। ਇਸ ਦੇ ਸਬੰਧ ਵਿੱਚ ਅਸੀਂ ਸਕਤਰ ਭਾਈ ਬਲਵਿੰਦਰ ਸਿੰਘ ਕਾਹਲਵਾ ਨੂੰ ਬੇਨਤੀ ਕੀਤੀ ਹੈ ਜਿਸ ਵੀ ਵਿਅਕਤੀ ਨੇ ਪਾਵਨ ਸਰੂਪ ਕੰਨਟੇਨਰ ਰਾਹੀ ਭੇਜਣ ਦੀ ਆਗਿਆ ਦਿੱਤੀ ਹੈ ਉਸ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਬਣਦੀ ਸਜਾ ਦਿੱਤੀ ਜਾਵੇ ਭਾਈ ਤੇਜਬੀਰ ਸਿੰਘ ਨੇ ਕਿਹਾ ਕਿ 1920 ਵਿੱਚ ਸ਼੍ਰੋਮਣੀ ਕਮੇਟੀ ਇਸੇ ਕਰਕੇ ਹੋਂਦ ਵਿੱਚ ਆਈ ਸੀ ਕਿ ਗੁਰਦੁਆਰਾ ਪ੍ਰਬੰਧ ਨੂੰ ਦਰੁਸਤ ਕੀਤਾ ਜਾ ਸਕੇ,ਪਰ ਅੱਜ ਹਾਲਤ ਬਹੁਤ ਜਿਆਦਾ ਮਾੜੀ ਹੋ ਗਈ ਹੈ। ਅਜਿਹਾ ਕਰਨ ਲਈ ਸਰਕਾਰ ਦਾ ਵੀ ਅੱਡੀ ਚੋਟੀ ਦਾ ਜ਼ੋਰ ਲੱਗਾ ਹੋਵੇਗਾ ਪਰ ਸ਼੍ਰੋਮਣੀ ਕਮੇਟੀ ਸਾਡੀ ਨੁਮਾਇੰਦਾ ਜਮਾਤ ਹੈ ਤੇ ਸਾਡੇ ਬਜ਼ੁਰਗਾਂ ਨੇ ਆਪਣੇ ਸਿਰ ਦੇ ਕੇ ਬਣਾਈ ਸੀ ਸਾਡੇ ਜਿਉਦੇ ਜੀਅ ਸ਼੍ਰੋਮਣੀ ਕਮੇਟੀ ਦਾ ਕੋਈ ਨੁਕਸਾਨ ਨਹੀਂ ਹੋਣ ਦੇਵਾਂਗੇ , ਪਰ ਸ਼੍ਰੋਮਣੀ ਕਮੇਟੀ ਨੇ ਆਪ ਆਪਣੇ ਪੈਰਾਂ ਤੇ ਕੁਹਾੜਾ ਮਾਰ ਲਿਆ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਸੱਚੇ ਪਾਤਸ਼ਾਹ ਜੀ ਦੇ ਸਰੂਪਾਂ ਦੀ ਇਹ ਆਪ ਨਿਰਾਦਰੀ ਕਰਵਾ ਰਹੇ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵਿਦੇਸ਼ ਭੇਜਣ ਲਈ ਸੰਗਤਾਂ ਤੇ ਸਿੱਖ ਜਥੇਬੰਦੀਆਂ ਦੇ ਸੁਝਾਅ ਨਾਲ ਨਿਯਮ ਤਿਆਰ ਕਰਨੇ ਚਾਹੀਦੇ ਹਨ ਇਸ ਤੋ ਪਹਿਲਾਂ ਗਿਆਨੀ ਤੇਜਬੀਰ ਸਿੰਘ ਖ਼ਾਲਸਾ ਭਾਈ ਪਰਮਜੀਤ ਸਿੰਘ ਅਕਾਲੀ, ਭਾਈ ਸ਼ਮਸੇਰ ਸਿੰਘ ਭੋਜੀਆਂ,ਗਿਆਨੀ ਨਰੈਣ ਸਿੰਘ ਨਿਹੰਗ ਸਿੰਘ, ਭਾਈ ਗੁਰਲਾਲ ਸਿੰਘ ਅਤੇ ਭਾਈ ਜੁਗਰਾਜ ਸਿੰਘ ਆਦਿ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕਤਰੇਤ ਵਿਖੇ ਸਕੱਤਰ ਸ੍ਰ ਬਲਵਿੰਦਰ ਸਿੰਘ ਕਾਹਲਵਾਂ, ਸ੍ਰ ਜਸਵਿੰਦਰ ਸਿੰਘ ਜੱਸੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ੍ਰ ਮੇਜਰ ਸਿੰਘ ਨਾਲ ਵਿਚਾਰਾਂ ਕੀਤੀਆਂ ਤੇ ਇਕ ਮੰਗ ਪੱਤਰ ਵੀ ਸੌਂਪਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲ ਤ.ਖ਼ਤ ਸਾਹਿਬ ਤੋਂ ਆਰੰਭ ਹੋਇਆ 'ਮੀਰੀ-ਪੀਰੀ ਖਾਲਸਾ ਮਾਰਚ' 4 ਅਗਸਤ ਨੂੰ ਤ.ਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਵੇਗਾ ਸੰਪੂਰਨ

### ਜਥੇਦਾਰ ਬਾਬਾ ਟੇਕ ਸਿੰਘ ਵੱਲੋਂ ਸੰਗਤ ਨੂੰ ਨਗਰ ਕੀਰਤਨ ਵਿੱਚ ਵਧ-ਚੜ੍ਹ ਕੇ ਹਾਜ਼ਰੀਆਂ ਭਰਨ ਦਾ ਖੁੱਲ੍ਹਾ ਸੱਦਾ



ਤਲਵੰਡੀ ਸਾਬੋ 03 ਅਗਸਤ (ਗੁਰਜੰਟ ਸਿੰਘ ਨਥੇਹਾ)- ਮੀਰੀ-ਪੀਰੀ ਦਿਹਾੜੇ ਤੇ 24 ਜੁਲਾਈ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਸਾਹਿਬ ਤੋਂ ਆਰੰਭਿਆ ਆਲੌਕਿਕ 'ਮੀਰੀ-ਪੀਰੀ ਖਾਲਸਾ ਮਾਰਚ' (ਨਗਰ ਕੀਰਤਨ) ਵੱਖ-ਵੱਖ ਪੜਾਵਾਂ ਅਤੇ ਇਲਾਕਿਆਂ ਤੋਂ ਹੁੰਦਾ ਹੋਇਆ 4 ਅਗਸਤ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਪਹੁੰਚ ਕੇ ਪੂਰਨ ਜਾਹੋ-ਜਲਾਲ ਨਾਲ ਸੰਪੂਰਨ ਹੋਵੇਗਾ ਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਵੱਲੋਂ ਸੰਗਤ ਨੂੰ ਮਾਰਚ ਚ ਹਾਜ਼ਰੀਆਂ ਭਰਨ ਦਾ ਸੱਦਾ ਦਿੱਤਾ ਗਿਆ ਹੈ। ਤਖਤ ਸਾਹਿਬ ਪ੍ਰਬੰਧਕਾਂ ਵੱਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ 4 ਅਗਸਤ ਨੂੰ ਸਵੇਰੇ 9 ਵਜੇ ਮਾਰਚ ਦੀ ਆਰੰਭਤਾ ਗੁਰਦੁਆਰਾ ਹਾਜੀਰਤਨ ਸਾਹਿਬ (ਬਠਿੰਡਾ) ਤੋਂ ਅਰਦਾਸ ਉਪਰੰਤ ਹੋਵੇਗੀ ਆਰੰਭਤਾ ਤੋਂ ਬਾਅਦ ਖਾਲਸਾ ਮਾਰਚ ਬਠਿੰਡਾ ਸ਼ਹਿਰ ਦੇ ਵਾਲਮੀਕ ਚੌਂਕ, ਭਾਗੂ ਰੋਡ, 100 ਫੁੱਟੀ ਰੋਡ, ਗੁਰਦੁਆਰਾ ਗੁਰੂ ਅਰਜਨ ਦੇਵ ਜੀ (ਬਰਨਾਲਾ ਰੋਡ), ਭੁੱਚੋ ਖੁਰਦ, ਚੱਕ ਫਤਿਹ ਸਿੰਘ ਵਾਲਾ, ਚੱਕ ਰਾਮ ਸਿੰਘ ਵਾਲਾ, ਧੰਨ ਸਿੰਘ ਖਾਨਾ, ਕੋਟਫ਼ੱਤਾ, ਮਾਈਸਰਖਾਨਾ, ਯਾਤਰੀ, ਜੋਧਪੁਰ ਪਾਖਰ, ਬੁਰਜ ਸੇਮਾ, ਬੰਘੇਰ ਚੜ੍ਹਤ ਸਿੰਘ, ਨੱਤ ਹੁੰਦਾ ਹੋਇਆ ਸ਼ਾਮ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪਹੁੰਚ ਕੇ ਸੰਪੂਰਨ ਹੋਵੇਗਾ। ਉੱਧਰ ਬਿਆਨ ਰਾਹੀਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ, ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਦੇਸ਼-ਵਿਦੇਸ਼ ਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ,ਪੰਥਕ ਸ਼ਖ਼ਸੀਅਤਾਂ ਦੇ ਨਾਲ ਵਿਸ਼ੇਸ ਕਰਕੇ ਇਲਾਕੇ ਦੀਆਂ ਸਮੁੱਚੀਆਂ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ 4 ਅਗਸਤ ਨੂੰ ਉਹ ਨਿਰਧਾਰਤ ਰੂਟਾਂ ਅਤੇ ਸ਼ਾਮ ਨੂੰ ਤਖ਼ਤ ਸਾਹਿਬ ਵਿਖੇ ਵੱਡੀ ਗਿਣਤੀ ਚ ਪਹੁੰਚ ਕੇ ਨਗਰ ਕੀਰਤਨ ਦਾ ਸਵਾਗਤ ਕਰਨ ਅਤੇ ਗੁਰੂ ਘਰ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕਰਨ ।ਸਿੰਘ ਸਾਹਿਬ ਨੇ ਕਿਹਾ ਕਿ ਮੀਰੀ-ਪੀਰੀ ਦਾ ਸੰਕਲਪ ਖਾਲਸਾ ਪੰਥ ਦੀ ਆਨ-ਬਾਨ ਤੇ ਸ਼ਾਨ ਦਾ ਪ੍ਰਤੀਕ ਹੈ ਅਤੇ ਇਹ ਮਾਰਚ ਪੰਥਕ ਏਕਤਾ ਤੇ ਚੜ੍ਹਦੀਕਲਾ ਦਾ ਸੁਨੇਹਾ ਦਿੰਦਾ ਹੈ। ਸਿੰਘ ਸਾਹਿਬ ਨੇ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਿਸ਼ੇਸ਼ ਤੌਰ 'ਤੇ ਇਸ ਮਾਰਚ 'ਚ ਸ਼ਮੂਲੀਅਤ ਕਰ ਰਹੇ ਹਨ। ਸਿੰਘ ਸਾਹਿਬ ਨੇ ਦੱਸਿਆ ਕਿ ਨਗਰ ਕੀਰਤਨ ਦੀ ਸਮਾਪਤੀ ਦੇ ਮੌਕੇ 'ਤੇ ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ ਅਤੇ ਦਲ-ਪੰਥ ਵਿਸ਼ੇਸ਼ ਤੌਰ 'ਤੇ ਹਾਜ਼ਰੀਆਂ ਭਰਨਗੇ ਪੁਰਾਤਨ ਰਵਾਇਤਾਂ ਅਨੁਸਾਰ ਨਿਹੰਗ ਸਿੰਘ ਫੌਜਾਂ ਸ਼ਸਤਰ ਪ੍ਰਦਰਸ਼ਨ,ਗੱਤਕਾ ਕਲਾ ਰਾਹੀਂ ਖਾਲਸੇ ਦੀ ਪੁਰਾਤਨ ਸ਼ਾਨੋ-ਸ਼ੌਕਤ ਅਤੇ ਯੁੱਧ ਕਲਾ ਦੇ ਜੌਹਰ ਦਿਖਾ ਕੇ ਸੰਗਤਾਂ ਨੂੰ ਨਿਹਾਲ ਕਰਨਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

## 13.5 ਕਰੋੜ ਰੁਪਏ ਗੋਲਕ ਦੀ ਮਾਇਆ ਹੈ, ਗੁਰਬਾਣੀ ਦਾ ਵਪਾਰ ਹੋ ਰਿਹਾ ਹੈ

# ਆਪ ਸਰਕਾਰ ਚੁੱਪਚਾਪ ਤਮਾਸ਼ਾ ਕਿਉਂ ਦੇਖ ਰਹੀ ਹੈ ? -ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 3 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਗੁਰਬਾਣੀ ਪ੍ਰਸਾਰਣ ਦੇ ਮਾਮਲੇ ਉੱਤੇ ਤੱਥਾਂ ਦੀ ਇੱਕ ਅਜਿਹੀ ਲੜੀ ਸੰਗਤ ਦੇ ਸਾਹਮਣੇ ਰੱਖੀ, ਜਿਸਦਾ ਜਵਾਬ ਨਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਹੈ ਅਤੇ ਨਾ ਹੀ ਪੰਜਾਬ ਸਰਕਾਰ ਕੋਲ ਹੈ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਸਪੱਸ਼ਟ ਕੀਤਾ ਕਿ ਗੁਰੂ ਦੀ ਗੋਲਕ ਦੇ 13.5 ਕਰੋੜ ਰੁਪਏ ਤੋਂ ਵੱਧ ਫਸੇ ਪਏ ਹਨ ਅਤੇ ਵਸੂਲੀ ਦਾ ਹਰ ਰਸਤਾ ਉਨ੍ਹਾਂ ਹੀ ਚੰਦ ਲੋਕਾਂ ਵਿੱਚੋਂ ਲੰਘਦਾ ਹੈ ਜੋ ਆਪਣਾ ਕਾਰੋਬਾਰ ਹਰ ਰੋਜ਼ ਵਧਾ ਰਹੇ ਹਨ । ਇੱਕ ਨਿੱਜੀ ਚੈਨਲ

ਪੀਟੀਸੀ ਤੋਂ 6 ਕਰੋੜ ਰੁਪਏ ਤੋਂ ਵੱਧ — ਜਿਹੜੀ ਫੀਸ ਉਸ ਵੱਲੋਂ ਹਮੇਸ਼ਾ ਦਿੱਤੀ ਜਾਂਦੀ ਸੀ, ਉਸਨੂੰ ਚੁੱਪਚਾਪ ਵਸੂਲਣਾ ਬੰਦ ਕਿਸਨੇ ਕੀਤਾ ?

ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਦੱਸਿਆ ਕਿ ਪੀਟੀਸੀ 2023 ਤੱਕ ਹਰ ਸਾਲ ਸ਼੍ਰੋਮਣੀ ਕਮੇਟੀ ਨੂੰ ਗੁਰਬਾਣੀ ਪ੍ਰਸਾਰਣ ਦੀ ਸਾਲਾਨਾ ਫੀਸ 2 ਕਰੋੜ ਰੁਪਏ ਦਿੰਦਾ ਰਿਹਾ ਹੈ। ਫਿਰ ਇਹ ਭੁਗਤਾਨ ਅਚਾਨਕ ਰੋਕ ਦਿੱਤਾ ਗਿਆ। ਤਿੰਨ ਸਾਲਾਂ ਦਾ ਬਕਾਇਆ — ਵਿਆਜ ਸਮੇਤ 6 ਕਰੋੜ ਰੁਪਏ ਤੋਂ ਵੱਧ — ਗੁਰੂ ਦੀ ਗੋਲਕ ਦਾ ਖੜ੍ਹਾ ਹੈ।

ਉਨ੍ਹਾਂ ਕਿਹਾ ਕਿ ਕੋਈ ਸੰਗਤ ਨੂੰ ਇਹ ਭੁਲੇਖਾ ਨਾ ਪਾਵੇ ਕਿ ਇਹ ਪ੍ਰਸਾਰਣ ਕਦੇ ਮੁਫ਼ਤ ਸੇਵਾ ਸੀ। ਪੀਟੀਸੀ ਆਪ 2023 ਤੱਕ ਹਰ ਸਾਲ 2 ਕਰੋੜ ਰੁਪਏ ਦਿੰਦਾ ਰਿਹਾ। ਜਿਹੜੀ ਫੀਸ ਸਾਲਾਂ ਤੱਕ ਦਿੱਤੀ ਗਈ, ਉਹ ਚੁੱਪ ਨਾਲ ਸੇਵਾ ਨਹੀਂ ਬਣ ਜਾਂਦੀ। ਕਿਸੇ ਨੇ ਵਸੂਲੀ ਬੰਦ ਕਰ ਦਿੱਤੀ। ਨਾ ਅੰਤ੍ਰਿੰਗ ਕਮੇਟੀ ਨੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਵਸੂਲੀ ਰੋਕਣ ਲਈ ਕਿਹਾ, ਨਾ ਜਨਰਲ ਹਾਊਸ ਨੇ। ਫਿਰ ਇਹ ਵਸੂਲੀ ਕਿਸ ਦੇ ਹੁਕਮ ਨਾਲ ਰੁਕੀ ?

ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਕਿਹਾ ਕਿ ਉਹ ਸੰਗਤ ਨੂੰ ਸਿਰਫ਼ ਇੱਕ ਦਸਤਾਵੇਜ਼ ਦਿਖਾ ਦੇਣ — ਅੰਤ੍ਰਿੰਗ ਕਮੇਟੀ ਜਾਂ ਜਨਰਲ ਹਾਊਸ ਦਾ ਉਹ ਮਤਾ, ਜਿਸ ਵਿੱਚ ਪੀਟੀਸੀ ਦੀ ਫੀਸ ਦੀ ਵਸੂਲੀ ਨਾ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੋਵੇ। ਜੇ ਅਜਿਹੀ ਕੋਈ ਮਨਜ਼ੂਰੀ ਨਹੀਂ, ਤਾਂ ਇਹ ਧਾਮੀ ਦਾ ਨਿੱਜੀ ਫ਼ੈਸਲਾ ਹੈ ਜਾਂ ਸੁਖਬੀਰ ਸਿੰਘ ਬਾਦਲ ਦਾ ਜਾਂ ਫਿਰ ਪੂਰੀ ਰਕਮ ਵਿਆਜ ਸਮੇਤ ਉਹ ਆਪਣੀ ਜੇਬ ਵਿੱਚੋਂ ਗੋਲਕ ਵਿੱਚ ਜਮ੍ਹਾਂ ਕਰਾਉਣ। ਗੁਰੂ ਦੀ ਗੋਲਕ ਕਿਸੇ ਪ੍ਰਧਾਨ ਦੀ ਨਿੱਜੀ ਜਾਗੀਰ ਨਹੀਂ। ਇਹ ਰਾਸ਼ੀ ਐਜੂਕੇਸ਼ਨ ਫੰਡ ਦੀ ਸੀ, ਜਿਸ ਨਾਲ ਕਈ ਗ਼ਰੀਬ ਬੱਚਿਆਂ ਨੂੰ ਪੜ੍ਹਾਇਆ ਜਾ ਸਕਦਾ ਸੀ।

ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਖੁਲਾਸਾ ਕੀਤਾ ਕਿ ਚਾਰਟਰਡ ਅਕਾਊਂਟੈਂਟ ਸਤਿੰਦਰ ਕੋਹਲੀ ਖ਼ਿਲਾਫ਼ 7.5 ਕਰੋੜ ਰੁਪਏ ਦਾ ਰਿਕਵਰੀ ਕੇਸ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਅੱਗੇ ਦੱਸ ਸਾਲਾ ਤੋਂ ਲਟਕਿਆ ਪਿਆ ਹੈ। ਦਸ ਸਾਲਾਂ ਵਿੱਚ ਇੱਕ ਰੁਪਿਆ ਵੀ ਵਸੂਲ ਨਹੀਂ ਹੋਇਆ।

ਉਨ੍ਹਾਂ ਸੰਗਤ ਨੂੰ ਦੱਸਿਆ ਕਿ ਐਡਵੋਕੇਟ ਸਤਨਾਮ ਸਿੰਘ ਕਲੇਰ ਨੂੰ 23 ਦਸੰਬਰ 2016 ਨੂੰ ਪੰਜ ਸਾਲ ਦੀ ਮਿਆਦ ਲਈ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ। ਉਹ ਮਿਆਦ ਦਸੰਬਰ 2021 ਵਿੱਚ ਖ਼ਤਮ ਹੋ ਗਈ। ਅੱਜ ਪੌਣੇ ਦਸ ਸਾਲਾ ਬਾਅਦ ਵੀ ਉਹ ਅਜੇ ਵੀ ਕੁਰਸੀ ਉੱਤੇ ਬੈਠੇ ਹਨ ਅਤੇ ਫ਼ੈਸਲੇ ਸੁਣਾ ਨਹੀ ਰਹੇ ਹਨ ।

ਐਡਵੋਕੇਟ ਕਲੇਰ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਅਤੇ ਕੋਰ ਕਮੇਟੀ ਮੈਂਬਰ ਅਰਸ਼ਦੀਪ ਸਿੰਘ ਕਲੇਰ ਦੇ ਪਿਤਾ ਹਨ ਉਸੇ ਪਾਰਟੀ ਦੇ, ਜਿਸਦਾ ਸ਼੍ਰੋਮਣੀ ਗੁਰਦੁਆਰਾ ਕਮੇਟੀ ਉੱਤੇ ਕੰਟਰੋਲ ਹੈ। ਚੇਅਰਮੈਨ ਬਣਨ ਤੋਂ ਪਹਿਲਾਂ ਕਲੇਰ ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਸਨ। ਇਸ ਤੋਂ ਇਲਾਵਾ ਐਡਵੋਕੇਟ ਕਲੇਰ ਸਾਬਕਾ ਡੀਜੀਪੀ ਸੁਮੇਧ ਸਿੰਘ ਸੈਣੀ ਦੇ ਬਚਾਅ ਪੱਖ ਦੇ ਵਕੀਲ ਵਜੋਂ ਵੀ ਪੇਸ਼ ਹੁੰਦੇ ਰਹੇ ਹਨ। ਉਹੀ ਸੈਣੀ, ਜਿਸਨੂੰ ਸਿੱਖ ਕੌਮ ਬੇਗੁਨਾਹ ਸਿੱਖਾਂ ਦੇ ਕਤਲਾਂ ਲਈ ਜ਼ਿੰਮੇਵਾਰ ਮੰਨਦੀ ਹੈ।

ਜਿਸ ਵਕੀਲ ਨੇ ਸੁਮੇਧ ਸੈਣੀ ਦਾ ਬਚਾਅ ਕੀਤਾ, ਉਹ ਅੱਜ ਪੰਥ ਦੇ ਜੁਡੀਸ਼ੀਅਲ ਕਮਿਸ਼ਨ ਦਾ ਚੇਅਰਮੈਨ ਹੈ ਉਹ ਵੀ ਮਿਆਦ ਖ਼ਤਮ ਹੋਣ ਤੋਂ ਪੌਣੇ ਪੰਜ ਸਾਲ ਬਾਅਦ ਤੱਕ। ਜਿਸ ਚੈਨਲ ਨੂੰ ਮੁਫ਼ਤ ਗੁਰਬਾਣੀ ਮਿਲੀ, ਜਿਸ ਸੀਏ ਦੇ 7.5 ਕਰੋੜ ਰੁਪਏ ਦਸ ਸਾਲ ਤੋਂ ਨਹੀਂ ਵਸੂਲੇ ਗਏ, ਅਤੇ ਜਿਹੜਾ ਚੇਅਰਮੈਨ ਉਸ ਕੇਸ ਉੱਤੇ ਬੈਠਾ ਹੈ ਇਹ ਸਭ ਕੋਈ ਇਤਫ਼ਾਕ ਨਹੀਂ ਹੈ।

ਗੁਰਬਾਣੀ ਸਾਰੇ ਚੈਨਲਾਂ ਲਈ ਕਿਉਂ ਨਹੀਂ ? ਯੂਟਿਊਬ ਉੱਤੇ ਖੁੱਲ੍ਹ, ਟੀਵੀ ਉੱਤੇ ਤਾਲਾ ਕਿਉਂ ?

ਸਰਦਾਰ ਪੀਰ ਮੁਹੰਮਦ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਆਪਣੀ ਯੂਟਿਊਬ ਅਤੇ ਫੇਸਬੁੱਕ ਫੀਡ ਦੁਨੀਆ ਭਰ ਵਿੱਚ ਹਜ਼ਾਰਾਂ ਚੈਨਲ ਮੁਫ਼ਤ ਸਾਂਝੀ ਕਰਦੇ ਹਨ। ਸੋਸ਼ਲ ਮੀਡੀਆ ਉੱਤੇ ਗੁਰਬਾਣੀ ਸਭ ਦੀ ਹੈ ਪਰ ਟੀਵੀ ਉੱਤੇ ਸਿਰਫ਼ ਇੱਕ ਚੈਨਲ ਦੀ। ਇਹ ਦੋਹਰਾ ਮਾਪਦੰਡ ਕਿਉਂ ?

ਜਿਹੜਾ ਵੀ ਲਾਇਸੈਂਸਸ਼ੁਦਾ ਚੈਨਲ ਲਿਖਤੀ ਰੂਪ ਵਿੱਚ ਮਰਿਆਦਾ ਦੀ ਪੂਰੀ ਪਾਲਣਾ ਦਾ ਵਚਨ ਦੇਵੇ ਨਾ ਇਸ਼ਤਿਹਾਰ, ਨਾ ਟਿੱਕਰ, ਨਾ ਕੋਈ ਰੁਕਾਵਟ ਉਸਨੂੰ ਗੁਰਬਾਣੀ ਦਾ ਸਿਗਨਲ ਕਿਉਂ ਨਹੀਂ ਮਿਲ ਸਕਦਾ ? ਜਿਵੇਂ ਗੁਰਦੁਆਰਾ ਸੀਸ ਗੰਜ ਸਾਹਿਬ, ਦਿੱਲੀ ਦੀ ਗੁਰਬਾਣੀ ਇੱਕੋ ਵੇਲੇ ਦੋ ਚੈਨਲਾਂ ਉੱਤੇ ਪੂਰੀ ਮਰਿਆਦਾ ਨਾਲ ਚੱਲਦੀ ਹੈ, ਉਵੇਂ ਹੀ ਸ੍ਰੀ ਹਰਿਮੰਦਰ ਸਾਹਿਬ ਦੀ ਗੁਰਬਾਣੀ ਹਰ ਚਾਹਵਾਨ ਪੰਜਾਬੀ ਚੈਨਲ ਉੱਤੇ ਚੱਲਣੀ ਚਾਹੀਦੀ ਹੈ।

ਡਾਲਰਾਂ ਦਾ ਸਵਾਲ

ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿੱਚ ਗੁਰਬਾਣੀ ਪ੍ਰਸਾਰਣ ਦਾ ਬਿੱਲ ਲਿਆਉਂਦੇ ਹਨ, ਅਤੇ ਅੰਦਰਖਾਤੇ ਗੁਰਬਾਣੀ ਤੋਂ ਕੈਨੇਡਾ-ਅਮਰੀਕਾ ਵਿੱਚ ਡਾਲਰ ਕਮਾਉਣ ਦਿੱਤੇ ਜਾ ਰਹੇ ਹਨ। ਗੁਰਬਾਣੀ ਦਾ ਵਪਾਰ ਹੋ ਰਿਹਾ ਹੈ। ਸ਼੍ਰੋਮਣੀ ਕਮੇਟੀ ਦੱਸੇ ਕਿ ਵਿਦੇਸ਼ਾਂ ਵਿੱਚ ਗੁਰਬਾਣੀ ਪ੍ਰਸਾਰਣ ਦੀ ਕਮਾਈ ਦਾ ਹਿਸਾਬ ਕਿੱਥੇ ਹੈ ? ਉਹ ਕਮਾਈ ਗੋਲਕ ਵਿੱਚ ਆਉਂਦੀ ਹੈ ਜਾਂ ਕਿਸੇ ਦੀ ਜੇਬ ਵਿੱਚ ?

ਆਮ ਆਦਮੀ ਪਾਰਟੀ ਸਰਕਾਰ ਦੀ ਚੁੱਪ ਉੱਤੇ ਸਵਾਲ

ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਦਾ ਗਠਨ ਰਾਜ ਸਰਕਾਰ ਦੇ ਨੋਟੀਫਿਕੇਸ਼ਨ ਨਾਲ ਹੁੰਦਾ ਹੈ। ਕਮਿਸ਼ਨ ਦੀ ਮਿਆਦ ਦਸੰਬਰ 2021 ਵਿੱਚ ਖ਼ਤਮ ਹੋ ਗਈ। ਮਾਰਚ 2022 ਤੋਂ ਸੱਤਾ ਵਿੱਚ ਬੈਠੀ ਆਪ ਸਰਕਾਰ ਕੋਲ ਨਵਾਂ ਨੋਟੀਫਿਕੇਸ਼ਨ ਜਾਰੀ ਕਰਨ ਲਈ ਚਾਰ ਸਾਲ ਤੋਂ ਵੱਧ ਸਮਾਂ ਸੀ, ਪਰ ਨਹੀਂ ਕੀਤਾ। ਆਪ ਸਰਕਾਰ ਅਤੇ ਅਕਾਲੀ ਦਲ ਦੀ ਇਸ ਮਾਮਲੇ ਉੱਤੇ ਅੰਦਰਖਾਤੇ ਸਾਂਝ ਹੈ। 13.5 ਕਰੋੜ ਰੁਪਏ ਗੋਲਕ ਦਾ ਫਸਿਆ ਹੈ ਅਤੇ ਆਪ ਸਰਕਾਰ ਚੁੱਪਚਾਪ ਸਭ ਕੁਝ ਦੇਖ ਰਹੀ ਹੈ।

ਮੁੱਖ ਮੰਗਾਂ:

* ਸ਼੍ਰੋਮਣੀ ਕਮੇਟੀ 15 ਦਿਨਾਂ ਦੇ ਅੰਦਰ ਪੀਟੀਸੀ ਤੋਂ ਪੂਰਾ ਬਕਾਇਆ — ਵਿਆਜ ਸਮੇਤ 6 ਕਰੋੜ ਰੁਪਏ ਤੋਂ ਵੱਧ — ਵਸੂਲ ਕਰੇ, ਨਹੀਂ ਤਾਂ ਪ੍ਰਧਾਨ ਧਾਮੀ ਇਹ ਰਕਮ ਨਿੱਜੀ ਤੌਰ ਉੱਤੇ ਜਮ੍ਹਾਂ ਕਰਾਉਣ।

* ਸ਼੍ਰੋਮਣੀ ਕਮੇਟੀ ਪੀਟੀਸੀ ਪ੍ਰਸਾਰਣ ਪ੍ਰਬੰਧ ਨਾਲ ਸੰਬੰਧਿਤ ਹਰ ਦਸਤਾਵੇਜ਼ ਜਨਰਲ ਹਾਊਸ ਅੱਗੇ ਰੱਖੇ।

* ਸ਼੍ਰੋਮਣੀ ਕਮੇਟੀ ਵਿਦੇਸ਼ਾਂ ਵਿੱਚ ਗੁਰਬਾਣੀ ਪ੍ਰਸਾਰਣ ਅਤੇ ਸਮੱਗਰੀ ਤੋਂ ਹੋਣ ਵਾਲੀ ਸਾਰੀ ਕਮਾਈ ਦਾ ਪੂਰਾ ਹਿਸਾਬ ਪ੍ਰਕਾਸ਼ਿਤ ਕਰੇ।

* ਪੰਜਾਬ ਸਰਕਾਰ ਤੁਰੰਤ ਨਵਾਂ ਨੋਟੀਫਿਕੇਸ਼ਨ ਜਾਰੀ ਕਰਕੇ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਦਾ ਨਵਾਂ ਗਠਨ ਕਰੇ, ਜਿਸਦੀ ਅਗਵਾਈ ਕੋਈ ਨਿਰਪੱਖ ਸੇਵਾਮੁਕਤ ਜੁਡੀਸ਼ੀਅਲ ਅਧਿਕਾਰੀ ਕਰੇ।

* ਕੋਹਲੀ ਤੋਂ 7.5 ਕਰੋੜ ਰੁਪਏ ਦੀ ਵਸੂਲੀ ਦਾ ਕੇਸ ਨਵੇਂ ਗਠਿਤ ਕਮਿਸ਼ਨ ਅੱਗੇ 90 ਦਿਨਾਂ ਵਿੱਚ ਨਿਪਟਾਇਆ ਜਾਵੇ।

* ਸ਼੍ਰੋਮਣੀ ਕਮੇਟੀ ਇੱਕ ਸਮਾਨ ਮਰਿਆਦਾ ਨੀਤੀ ਬਣਾਏ — ਜਿਹੜਾ ਵੀ ਲਾਇਸੈਂਸਸ਼ੁਦਾ ਪੰਜਾਬੀ ਚੈਨਲ ਮਰਿਆਦਾ ਦੀ ਪੂਰੀ ਪਾਲਣਾ ਦਾ ਲਿਖਤੀ ਵਚਨ ਦੇਵੇ, ਉਸਨੂੰ ਗੁਰਬਾਣੀ ਦਾ ਸਿਗਨਲ ਦਿੱਤਾ ਜਾਵੇ।

ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਅੰਤ ਵਿੱਚ ਕਿਹਾ ਕਿ ਸਾਡੀ ਲੜਾਈ ਕਿਸੇ ਵਿਅਕਤੀ ਨਾਲ ਨਹੀਂ, ਬਲਕਿ ਗੁਰੂ ਦੀ ਗੋਲਕ ਅਤੇ ਸੰਗਤ ਦੇ ਹੱਕ ਦੀ ਰਾਖੀ ਲਈ ਹੈ। ਹਿਸਾਬ ਦਿਓ, ਫੀਡ ਖੋਲ੍ਹੋ ਅਤੇ ਇਨਸਾਫ਼ ਕਰੋ। ਇਸ ਮੌਕੇ ਸਰਦਾਰ ਜਗਜੀਤ ਸਿੰਘ ਕੋਹਲੀ ਮੁੱਖ ਦਫ਼ਤਰ ਸਕੱਤਰ , ਮੀਡੀਆ ਸਕੱਤਰ ਤੇਜਿੰਦਰ ਸਿੰਘ ਪੰਨੂ , ਦਵਿੰਦਰ, ਸਿੰਘ ਸੋਢੀ ਭਾਈ ਹਰਦੀਪ ਸਿੰਘ ਬਾਠ , ਸ 'ਜਸਬੀਰ ਸਿੰਘ ..ਸ.k.p.Singh ..ਸ ਪਿਪਲ ਸਿੰਘ .ਸ .ਜਸਪ੍ਰੀਤ ਸਿੰਘ ਬਾਠ ਜਥੇਬੰਦਕ ਸਕੱਤਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ

# ਪੰਥਕ ਸਿਆਸੀ ਪਾਰਟੀਆਂ ਨੂੰ ਇਕੱਠੇ ਹੋ ਕੇ ਚੋਣ ਲੜਨ ਦੀ ਅਪੀਲ-ਤਾਲਮੇਲ ਪੰਥਕ ਕਮੇਟੀ

ਫ਼ਿਰੋਜ਼ਪੁਰ, 03 ਅਗਸਤ (ਮਨੋਹਰ ਲਾਲ) :- ਅੱਜ ਇੱਕ ਸਮੂਹ ਜੰਥੇਬੰਦੀਆਂ ਦੀ ਬਣੀ ਤਾਲਮੇਲ ਪੰਥਕ ਕਮੇਟੀ ਫਿਰੋਜਪੁਰ ਦੀ ਸਾਂਝੀ ਮੀਟਿੰਗ ਫਿਰੋਜਪੁਰ ਕੈਂਟ ਵਿਖੇ ਹੋਈ ਜਿਸ ਵਿੱਚ ਸਾਰੀਆਂ ਪਾਰਟੀਆਂ ਅਤੇ ਕਿਸਾਨ ਜੰਥੇਬੰਦੀਆ ਅਤੇ ਸਮਾਜ ਸੇਵੀ ਜੰਥੇਬੰਦੀਆ ਵੱਲੋਂ ਪੰਜਾਬ ਵਿੱਚ ਪੰਥਕ ਸਰਕਾਰ ਬਨਾਉਣ ਲਈ ਸਮੂਹ ਸਿਆਸੀ ਪੰਥਕ ਜੰਥੇਬੰਦੀਆਂ ਨੂੰ ਇਕੱਠੇ ਹੋ ਕੇ ਚੋਣਾਂ ਲੜਨ ਦੀ ਅਪੀਲ ਕੀਤੀ ਗਈ। ਤਾਲਮੇਲ ਪੰਥਕ ਕਮੇਟੀ ਦੇ ਆਗੂਆ ਨੇ ਕਿਹਾ ਕਿ ਵੱਖ ਵੱਖ ਪਾਰਟੀਆਂ ਲੋਕਾਂ ਨੂੰ ਲਾਲਚੀ ਬਿਆਨ ਦੇ ਕੇ ਸਰਕਾਰਾਂ ਬਣਾ ਚੁੱਕੇ ਹਨ ਪਰ ਝੂਠੇ ਵਾਅਦੇ ਕਰਕੇ ਲੋਕਾਂ ਨਾਲ ਖਿਲਵਾੜ ਕੀਤਾ ਗਿਆ। ਅੱਜ ਲੋਕਾਂ ਦਾ ਸਾਰੀਆਂ ਪਾਰਟੀਆਂ ਤੋ ਵਿਸ਼ਵਾਸ ਉੱਡ ਚੁਕਿਆ ਤੇ ਲੋਕ ਦੁਖੀ ਹੋ ਚੁੱਕੇ ਹਨ। ਪੰਜਾਬ ਨੂੰ ਬਚਾਉਣ ਲਈ ਦਿੱਲੀ ਤੋਂ ਚਲਦੀਆਂ ਪਾਰਟੀਆਂ ਨੂੰ ਵਾਪਸ ਭੇਜਣਾ ਦਾ ਇੱਕੋ ਤਰੀਕਾ ਕਿ ਪੰਥਕ ਸਰਕਾਰ ਬਣੇ, ਸਾਰੀਆਂ ਪਾਰਟੀਆਂ ਨੂੰ ਬੇਨਤੀ ਹੈ ਕਿ ਆਪੋ ਆਪਣੀ ਪਾਰਟੀ ਦੇ ਸਿਆਣੇ ਤੇ ਸੁਲਝੇ ਹੋਏ ਜੰਥੇਦਾਰਾਂ ਦੀ ਸਾਰੀਆਂ ਪਾਰਟੀਆਂ ਸਾਝੀ ਕਮੇਟੀ ਬਣਾ ਕੇ ਉਨ੍ਹਾਂ ਨੂੰ ਪਾਵਰਾਂ ਦੇ ਦੇਣ ਕਿ ਜਿਸ ਤਰਾਂ ਇਹ ਜਥੇਦਾਰ ਫੈਸਲਾ ਕਰਨਗੇ ਸਾਨੂੰ ਸਾਰੀਆਂ ਧਿਰਾਂ ਨੂੰ ਮਨਜੂਰ ਹੋਵੇਗਾ ਅਤੇ ਚੰਗੇ ਅਕਸ਼ ਵਾਲੇ ਲੋਕਾਂ ਨੂੰ ਟਿਕਟਾਂ ਦੇ ਕੇ ਪੰਜਾਬ ਨੂੰ ਬਚਾਇਆ ਜਾਵੇ ਨਹੀਂ ਤੇ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਪੰਜਾਬ ਦਾ ਸਾਰਾ ਖੂਨ ਪੀ ਜਾਣਗੀਆ। ਤਾਲਮੇਲ ਪੰਥਕ ਕਮੇਟੀ ਫਿਰੋਜਪੁਰ ਜਸਬੀਰ ਸਿੰਘ ਭੁੱਲਰ, ਮੁਖਤਿਆਰ ਸਿੰਘ ਭੁੱਲਰ ਪੁਨਰ ਸੁਰਜੀਤ ਅਕਾਲੀ ਦਲ, ਬਾਬਾ ਸਤਨਾਮ ਸਿੰਘ ਵੱਲੀਆ ਇੰਨਟਰਨੈਸਨਲ ਪੰਥਕ ਦਲ, ਗੁਰਚਰਨ ਸਿੰਘ ਭੁੱਲਰ, ਪਰਗਟ ਸਿੰਘ ਵਾਹਕੇ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਦਵਿੰਦਰ ਸਿੰਘ ਸੇਖੋ, ਮਾਨ ਸਿੰਘ ਕਿਲੀ, ਕਿਰਨਦੀਪ ਸਿੰਘ ਮਿਸਲ ਸਤਲੁਜ, ਹਰਜਿੰਦਰ ਸਿੰਘ ਹਸਮਤ ਵਾਲਾ, ਬਾਬਾ ਬਲਕਾਰ ਸਿੰਘ ਇਲਮੇ ਵਾਲਾ ਵਾਰਿਸ਼ ਪੰਜਾਬ ਅਕਾਲੀ ਦਲ, ਜਥੇਦਾਰ ਹਿੰਮਤ ਸਿੰਘ ਸ਼ਕੂਰ ਏਕਨੂਰ ਖਾਲਸਾ ਫੋਜ, ਲਖਬੀਰ ਸਿੰਘ ਮੁਹਾਲਮ ਸਤਿਕਾਰ ਕਮੇਟੀ, ਅਵਤਾਰ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਅਮਰ ਸਿੰਘ ਸੰਧੂ, ਦਵਿੰਦਰ ਸਿੰਘ, ਚਰਨਜੀਤ ਸਿੰਘ ਭੁੱਲਰ, ਗੁਰਜੀਤ ਸਿੰਘ, ਹੀਰਾ ਸਿੰਘ ਕਿਸਾਨ ਮਜਦੂਰ ਮੋਰਚਾ, ਦਵਿੰਦਰ ਸਿੰਘ ਫੁੱਲਰਵੰਨ ਬੀ.ਕੇ.ਯੂ ਮਝੈਲ, ਗੁਰਮੀਤ ਸਿੰਘ ਘੋੜੇ ਚੱਕ ਬੀ.ਕੇ.ਯੂ ਸਿਧੂਪੁਰ, ਸਰਬਜੀਤ ਸਿੰਘ ਭਾਵੜਾ ਡੀ.ਟੀ.ਐਫ (ਤਾਲਮੇਲ ਪੰਥਕ ਕਮੇਟੀ) ਆਦਿ ਹਾਜ਼ਰ ਸਨ।



# ਗੁਰਦੁਆਰਾ ਖੂਹੀ ਸਾਹਿਬ ਸ਼ੇਰ ਸਿੰਘ ਵਾਲਾ ਵਿਖੇ ਧੰਨ ਧੰਨ ਬਾਬਾ ਜੋਧਾ ਦਾਸ ਜੀ ਦੀ ਸਲਾਨਾ ਬਰਸੀ 12 ਤੋਂ 14 ਅਗਸਤ ਤੱਕ ਸ਼ਰਧਾ ਨਾਲ ਮਨਾਈ ਜਾਵੇਗੀ

ਫ਼ਿਰੋਜ਼ਪੁਰ, 03 ਅਗਸਤ (ਮਨੋਹਰ ਲਾਲ) :- ਗੁਰਦੁਆਰਾ ਖੂਹੀ ਸਾਹਿਬ, ਡੇਰਾ ਬਾਬਾ ਜੋਧਾ ਦਾਸ ਜੀ, ਪਿੰਡ ਸ਼ੇਰ ਸਿੰਘ ਵਾਲਾ (ਜ਼ਿਲ੍ਹਾ ਫ਼ਰੀਦਕੋਟ) ਵਿਖੇ ਧੰਨ ਧੰਨ ਬਾਬਾ ਜੋਧਾ ਦਾਸ ਜੀ ਦੀ ਸਲਾਨਾ ਬਰਸੀ (ਮਹੋਤਸਵ) ਮਿਤੀ 12, 13 ਅਤੇ 14 ਅਗਸਤ 2026 ਨੂੰ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਇਸ ਧਾਰਮਿਕ ਸਮਾਗਮ ਨੂੰ ਲੈ ਕੇ ਇਲਾਕੇ ਦੀ ਸਾਧ ਸੰਗਤ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਸਮਾਗਮ ਦੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਧਾਰਮਿਕ ਪ੍ਰੋਗਰਾਮਾਂ ਦੀ ਲੜੀ ਤਹਿਤ 12 ਅਗਸਤ 2026 (ਦਿਨ ਬੁੱਧਵਾਰ) ਨੂੰ ਸਵੇਰੇ 10:30 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਜਾਣਗੇ। ਇਸ ਤੋਂ ਬਾਅਦ 14 ਅਗਸਤ 2026 (ਦਿਨ ਸ਼ੁੱਕਰਵਾਰ) ਨੂੰ ਸਵੇਰੇ 11:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਨ੍ਹਾਂ ਵਿੱਚ ਭਾਈ ਇਕਬਾਲ ਸਿੰਘ ਲੰਗੇਆਣਾ ਵਾਲੇ ਸਵੇਰੇ 9:00 ਵਜੇ ਤੋਂ 11:30 ਵਜੇ ਤੱਕ ਆਪਣੀਆਂ ਰਸਭਿੰਨੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ, ਕੀਰਤਨ ਅਤੇ ਕਥਾ ਵਿਚਾਰਾਂ ਨਾਲ ਨਿਹਾਲ ਕਰਨਗੇ। ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਮੰਗਤ ਸਿੰਘ (ਗੁੰਬੀ ਸਿੰਘ) ਅਤੇ ਸਮੂਹ ਸੇਵਾਦਾਰਾਂ ਵੱਲੋਂ ਸਮੂਹ ਸਾਧ ਸੰਗਤ ਜੀ ਨੂੰ ਅਪੀਲ ਕੀਤੀ ਗਈ ਕਿ ਉਹ ਤਨ, ਮਨ ਅਤੇ ਧਨ ਨਾਲ ਸੇਵਾ ਕਰਕੇ ਅਤੇ ਸਮਾਗਮ ਵਿੱਚ ਵਧ ਚੜ੍ਹ ਕੇ ਹਾਜ਼ਰੀ ਭਰ ਕੇ ਆਪਣਾ ਜੀਵਨ ਸਫਲਾ ਕਰਨ। ਦੱਸਣਯੋਗ ਹੈ ਕਿ ਇਹ ਗੁਰਦੁਆਰਾ ਸਾਹਿਬ ਸ਼ੇਰ ਸਿੰਘ ਵਾਲਾ ਤੋਂ ਚੇਤ ਸਿੰਘ ਵਾਲਾ ਰੋਡ ਤੇ ਸਥਿਤ ਹੈ।




# ਭਾਰਤੀ ਕਿਸਾਨ ਯੂਨੀਅਨ ਮਾਨਸਾ ਦੀ ਹੋਈ ਹੰਗਾਮੀ ਮੀਟਿੰਗ



ਫ਼ਿਰੋਜ਼ਪੁਰ, 03 ਅਗਸਤ (ਮਨੋਹਰ ਲਾਲ) :- ਭਾਰਤੀ ਕਿਸਾਨ ਯੂਨੀਅਨ ਮਾਨਸਾ ਦੀ ਅੱਜ ਫਿਰੋਜਪੁਰ ਵਿਖੇ ਨਿਰਮਲ ਸਿੰਘ ਔਲਖ ਜਿਲਾ ਪ੍ਰਧਾਨ ਦੀ ਅਗਵਾਈ ਵਿੱਚ ਇੱਕ ਮੀਟਿੰਗ ਗੁਰਦੁਆਰਾ ਸ਼੍ਰੀ ਸਾਰਾਗੜ੍ਹੀ ਸਾਹਿਬ ਵਿੱਚ ਰੱਖੀ ਗਈ ਜਿਸ ਵਿੱਚ ਜਥੇਬੰਦੀ ਦੇ ਆਗੂਆਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ ਜਿਸ ਤੇ ਬੋਲਦੇ ਹੋਏ ਪ੍ਰਧਾਨ ਨਿਰਮਲ ਸਿੰਘ ਔਲਖ ਨੇ ਕਿਹਾ ਕਿ 8 ਤਰੀਕ ਨੂੰ ਭਾਰਤ ਅਤੇ ਅਮਰੀਕਾ ਦੇ ਦਰਮਿਆਨ ਜੋ ਡੀਲ ਹੋਈ ਹੈ ਉਸ ਦੇ ਵਿਰੋਧ ਵਿੱਚ ਇੱਕ ਸਾਂਝਾ ਗੈਰ ਸਿਆਸੀ ਧਰਨਾ ਡੀ.ਸੀ ਦਫਤਰ ਫਿਰੋਜਪੁਰ ਦੇ ਬਾਹਰ ਲਗਾਇਆ ਜਾਵੇਗਾ ਕਿਉਂਕਿ ਇਹ ਡੀਲ ਕਿਸਾਨਾਂ ਦੇ ਹੱਕ ਵਿੱਚ ਨਹੀਂ ਹੈ ਅਤੇ ਜੋ ਪਿਛਲੇ ਦਿਨੀ ਕਿਸਾਨਾਂ ਦੀਆਂ ਕੇਬਲਾਂ ਅਤੇ ਮੋਟਰਾਂ ਚੋਰੀ ਹੋਈਆਂ ਸਨ ਉਸ ਦਾ ਵੀ ਮੰਗ ਪੱਤਰ ਐਸ.ਐਸ.ਪੀ ਫਿਰੋਜਪੁਰ ਨੂੰ ਦਿੱਤਾ ਜਾਵੇਗਾ ਅਤੇ ਦੋਸ਼ੀ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕਰਨ ਦੀ ਅਪੀਲ ਕੀਤੀ ਜਾਵੇਗੀ। ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਸਾਹਿਬ ਸਿੰਘ ਮੱਲੀ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਗੁਰਮੀਤ ਸਿੰਘ ਪੁੱਤਰ ਸਰਜੀਤ ਸਿੰਘ ਵਾਸੀ ਮਮਦੋਟ ਜੋ ਕਿ ਇੱਕ ਆਮ ਕਿਸਾਨ ਦੇ ਘਰ ਦਾ ਮੁੰਡਾ ਅਤੇ ਕਿਸਾਨਾਂ ਦੇ ਹੱਕ ਵਿੱਚ ਹਰ ਵਕਤ ਅੱਗੇ ਹੋ ਕੇ ਖੜਦਾ ਹੈ ਅਸੀਂ ਅਕਾਲੀ ਦਲ ਵਾਰਸ ਪੰਜਾਬ ਨੂੰ ਬੇਨਤੀ ਕਰਦੇ ਹਾਂ ਕੀ ਗੁਰੂਹਰਸਹਾਏ ਦੀ ਐਮ.ਐਲ.ਏ ਦੀ ਟਿਕਟ ਇਸ ਨੂੰ ਦਿੱਤੀ ਜਾਵੇ ਜਿਸ ਨੂੰ ਅਸੀਂ ਵੱਧ ਤੋਂ ਵੱਧ ਵੋਟਾਂ ਪਾ ਕੇ ਜਤਾਵਾਂਗੇ। ਇਸ ਮੌਕੇ ਮੀਤ ਪ੍ਰਧਾਨ ਭਗਵਾਨ ਸਿੰਘ, ਲਖਵਿੰਦਰ ਸਿੰਘ, ਸਿਕੰਦਰ ਸਿੰਘ, ਗੁਰਮੇਲ ਸਿੰਘ ਰਾਜਾ ਔਲਖ, ਹਰਪ੍ਰੀਤ ਸਿੰਘ, ਗੁਰਜੀਤ ਸਿੰਘ, ਦਿਲਪ੍ਰੀਤ ਸਿੰਘ ਆਦਿ ਆਗੂ ਹਾਜ਼ਰ ਸਨ।





## ਜਨਮ ਦਿਨ ਮੁਬਾਰਕ

**ਅਵਤੇਸ ਸਿੰਘ ਬੱਲ**
ਪਿਤਾ: ਬਿਕਰਮਜੀਤ ਸਿੰਘ ਬੱਲ
ਮਾਤਾ : ਰਾਜਵਿੰਦਰ ਕੌਰ ਬੱਲ
ਪਿੰਡ ਸਠਿਆਲਾ ( ਅੰਮ੍ਰਿਤਸਰ )

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ

# ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ




ਫ਼ਿਰੋਜ਼ਪੁਰ, 03 ਅਗਸਤ (ਮਨੋਹਰ ਲਾਲ) :- ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਨੂੰ ਬਹੁਤ ਹੀ ਸ਼ਰਧਾ, ਧੂਮਧਾਮ ਅਤੇ ਉਤਸ਼ਾਹ ਨਾਲ ਸਮਰਪਿਤ ਕਰਦਿਆਂ ਪਵਿੱਤਰ ਅਸਥਾਨ ਤਖ਼ਤ ਸ਼੍ਰੀ ਦਮਦਮਾ ਸਾਹਿਬ (ਗੁਰੂ ਕੀ ਕਾਂਸ਼ੀ), ਤਲਵੰਡੀ ਸਾਬੋ ਵਿਖੇ ਇੱਕ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਇਹ ਅਲੌਕਿਕ ਗੁਰਮਤਿ ਸਮਾਗਮ ਇਕ ਅਗਸਤ 2026 ਤੋਂ 7 ਅਗਸਤ 2026 ਤੱਕ ਮਨਾਇਆ ਜਾ ਰਿਹਾ ਹੈ। ਇਸ ਦਿਨ ਸਮਾਗਮ ਦਾ ਸਮਾਂ ਸਵੇਰੇ 9:30 ਵਜੇ ਤੋਂ ਦੁਪਹਿਰ 2:00 ਵਜੇ ਤੱਕ ਹੋਵੇਗਾ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ 7 ਅਗਸਤ ਨੂੰ ਮਹਾਪੁਰਸ਼ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ) ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ ਅਤੇ ਆਪਣੀ ਰਸਨਾ ਤੋਂ ਗੁਰਬਾਣੀ ਦੀ ਮਨੋਹਰ ਕਥਾ ਵਿਚਾਰ ਸੰਗਤਾਂ ਨਾਲ ਸਾਂਝੀ ਕਰਨਗੇ। ਉਨ੍ਹਾਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪੂਰਨਤਾ ਅਤੇ ਦਮਦਮੀ ਟਕਸਾਲ ਦੀ ਸਥਾਪਨਾ ਦੀ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁਖ ਬੁਲਾਰਾ ਦਮਦਮੀ ਟਕਸਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਗੁਰਮਤਿ ਸਮਾਗਮ ਵਿੱਚ ਵੱਧ ਚੜ੍ਹ ਕੇ ਹਾਜ਼ਰੀਆਂ ਭਰਨ, ਗੁਰਬਾਣੀ ਕਥਾ ਕੀਰਤਨ ਦਾ ਆਨੰਦ ਮਾਣਨ ਅਤੇ ਗੁਰੂ ਘਰ ਦੀਆਂ ਬਖਸ਼ਿਸ਼ਾਂ ਤੇ ਲਾਹਾ ਪ੍ਰਾਪਤ ਕਰਨ।

ਸੁਰੱਖਿਆ ਏਜੰਸੀਆਂ ਚੌਕਸ

# 15 ਅਗਸਤ ਤੋਂ ਪਹਿਲਾਂ ਦਿੱਲੀ ਮੈਟਰੋ 'ਤੇ ਖਾਲਿਸਤਾਨ ਪੱਖੀ ਨਾਅਰੇ




**ਲੰਡਨ/ਨਵੀਂ ਦਿੱਲੀ (ਸਰਬਜੀਤ ਸਿੰਘ ਬਨੂੜ)**- ਭਾਰਤ ਦੇ ਆਜ਼ਾਦੀ ਦਿਹਾੜੇ ਤੋਂ ਪਹਿਲਾਂ ਪਾਬੰਦੀਸ਼ੁਦਾ ਜਥੇਬੰਦੀ ਸਿੱਖਸ ਫ਼ਾਰ ਜਸਟਿਸ (SFJ) ਨੇ ਦਾਅਵਾ ਕੀਤਾ ਹੈ ਕਿ ਦਿੱਲੀ ਦੇ ਕੁਝ ਮੈਟਰੋ ਸਟੇਸ਼ਨਾਂ 'ਤੇ ਲਿਖੇ ਗਏ ਖਾਲਿਸਤਾਨ ਪੱਖੀ ਨਾਅਰੇ ਉਸ ਦੀ ਮੁਹਿੰਮ ਦਾ ਹਿੱਸਾ ਹਨ। ਇਸ ਦੇ ਨਾਲ ਹੀ ਜਥੇਬੰਦੀ ਵੱਲੋਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਰੋਕਣ ਵਾਲੇ ਨੂੰ ਤਕਰੀਬਨ ਇੱਕ ਕਰੋੜ ਇਨਾਮੀ ਐਲਾਨ ਕਰਨ ਦਾ ਵੀ ਦਾਅਵਾ ਕੀਤਾ ਗਿਆ ਹੈ। ਇਸ ਘਟਨਾਕ੍ਰਮ ਤੋਂ ਬਾਅਦ ਭਾਰਤੀ ਸੁਰੱਖਿਆ ਏਜੰਸੀਆਂ ਵੱਲੋਂ ਚੌਕਸੀ ਵਧਾਏ ਜਾਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ। ਰਿਪੋਰਟਾਂ ਅਨੁਸਾਰ ਐਮ. ਜੀ. ਰੋਡ, ਸਿਕੰਦਰਪੁਰ, ਟਿਕਰੀ ਬਾਰਡਰ ਅਤੇ ਸ਼ਾਦੀਪੁਰ ਸਮੇਤ ਕੁਝ ਮੈਟਰੋ ਸਟੇਸ਼ਨਾਂ ਦੀਆਂ ਕੰਧਾਂ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਗਏ। ਬਾਅਦ ਵਿੱਚ SFJ ਨੇ ਇੱਕ ਵੀਡੀਓ ਜਾਰੀ ਕਰਦਿਆਂ ਦਾਅਵਾ ਕੀਤਾ ਕਿ ਇਹ ਕਾਰਵਾਈ ਉਸ ਦੀ ਮੁਹਿੰਮ ਦਾ ਹਿੱਸਾ ਸੀ। SFJ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਅਮਰੀਕਾ, ਕੈਨੇਡਾ, ਯੂਨਾਈਟਿਡ ਕਿੰਗਡਮ ਅਤੇ ਆਸਟ੍ਰੇਲੀਆ ਦੇ ਰਾਜਦੂਤਾਂ ਦਾ ਧਿਆਨ ਸਿੱਖਾਂ ਨਾਲ ਜੁੜੇ ਉਨ੍ਹਾਂ ਦੇ ਦਾਅਵਿਆਂ ਅਤੇ ਰਾਜਨੀਤਿਕ ਮੰਗਾਂ ਵੱਲ ਖਿੱਚਣਾ ਹੈ। ਜਥੇਬੰਦੀ ਨੇ ਅਮਰੀਕਾ ਨੂੰ ਪੰਜਾਬ ਵਿੱਚ ਸ਼ਾਂਤਮਈ ਅਤੇ ਲੋਕਤੰਤਰਿਕ ਰੈਫਰੈਂਡਮ ਦੀ ਵਕਾਲਤ ਕਰਨ ਦੀ ਅਪੀਲ ਵੀ ਕੀਤੀ ਹੈ। SFJ ਨੇ ਇਹ ਵੀ ਕਿਹਾ ਹੈ ਕਿ ਉਹ ਸੰਯੁਕਤ ਰਾਸ਼ਟਰ ਦੇ ਸਵੈ-ਨਿਰਣੇ ਦੇ ਸਿਧਾਂਤ ਦਾ ਹਵਾਲਾ ਦਿੰਦਿਆਂ 16 ਅਗਸਤ ਨੂੰ ਅਮਰੀਕਾ ਦੇ ਇੰਡੀਆਨਾਪੋਲਿਸ ਵਿੱਚ ਖਾਲਿਸਤਾਨ ਰੈਫਰੈਂਡਮ ਦੇ ਅਗਲੇ ਪੜਾਅ ਦੀ ਵੋਟਿੰਗ ਕਰਵਾਉਣ ਦੀ ਆਪਣੀ ਯੋਜਨਾ 'ਤੇ ਕਾਇਮ ਹੈ। ਜ਼ਿਕਰਯੋਗ ਹੈ ਕਿ ਮੈਟਰੋ ਸਟੇਸ਼ਨਾਂ 'ਤੇ ਲਿਖੇ ਗਏ ਕੁਝ ਨਾਅਰਿਆਂ ਵਿੱਚ ਲਾਲ ਕਿਲ੍ਹੇ, ਪ੍ਰਧਾਨ ਮੰਤਰੀ ਅਤੇ ਖਾਲਿਸਤਾਨ ਨਾਲ ਸੰਬੰਧਿਤ ਸੰਦੇਸ਼ ਵੀ ਸ਼ਾਮਲ ਸਨ। ਮਾਮਲੇ ਦੀ ਜਾਂਚ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਸਬੰਧਤ ਏਜੰਸੀਆਂ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ।

# ਧੂਰੀ ਹਲਕੇ ਨੂੰ ਗਰਾਂਟ ਦੇ ਗੱਫੇ ਦੇ ਕੇ ਮੁੱਖ ਮੰਤਰੀ ਨੇ ਲੋਕਾਂ ਦਾ ਦਿਲ ਜਿੱਤਿਆ ਓਐਸਡੀ ਸੁਖਵੀਰ ਸਿੰਘ ਸੁੱਖੀ





ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਬੰਗਾਵਾਲੀ ਵਿਖੇ ਸਰਪੰਚ ਹਰਵਿੰਦਰ ਸਿੰਘ ਲਾਲੀ ਬੰਗਾਵਾਲੀ ਦੀ ਅਗਵਾਈ ਹੇਠ ਲੋਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾਉਣ ਤੋਂ ਰਾਹਤ ਦਿਵਾਉਂਦੇ ਹੋਏ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਸਮੇਂ ਸਿਰ ਕਰਨਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਵਰਗੇ ਪ੍ਰੋਗਰਾਮਾਂ ਰਾਹੀਂ ਸਰਕਾਰ ਅਤੇ ਆਮ ਲੋਕਾਂ ਵਿਚਕਾਰ ਸਿੱਧਾ ਸੰਵਾਦ ਸਥਾਪਤ ਹੋ ਰਿਹਾ ਹੈ, ਜਿਸ ਨਾਲ ਲੋਕਾਂ ਦਾ ਸਰਕਾਰ 'ਤੇ ਵਿਸ਼ਵਾਸ ਹੋਰ ਮਜ਼ਬੂਤ ਹੋ ਰਿਹਾ ਹੈ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਆਪ ਦੇ ਸੀਨੀਅਰ ਆਗੂ ਅਮਰਦੀਪ ਸਿੰਘ ਧਾਂਦਰਾ ਮੈਂਬਰ ਬਲਾਕ ਸੰਮਤੀ, ਚੇਅਰਮੈਨ ਰਛਪਾਲ ਸਿੰਘ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਚੇਅਰਮੈਨ ਚਰਨਾਂ ਖੇੜੀ, ਵਾਇਸ ਚੇਅਰਮੈਨ ਸਤਨਾਮ ਸਿੰਘ ਢਢੋਗਲ, ਸਰਪੰਚ ਅੰਮ੍ਰਿਤ ਚਹਿਲ ਮੈਂਬਰ ਜਿਲ੍ਹਾ ਪ੍ਰੀਸ਼ਦ, ਚੇਅਰਮੈਨ ਪੁਸਪਿੰਦਰ ਸਰਮਾ, ਭਿੰਦਾ ਵਿਰਕ, ਮੇਲ ਮਾਹਮਦਪੁਰ ਮੈਂਬਰ ਬਲਾਕ ਸੰਮਤੀ, ਬੂਟਾ ਸੁਲਤਾਨਪੁਰ, ਅਮਨਦੀਪ ਸਿੰਘ ਪਾਠਕ, ਮਾਣਾ ਗਰੇਵਾਲ, ਗੁਰੀ ਈਸੜਾ ਹਾਜ਼ਰ ਸਨ।

# ਪੰਜਾਬ ਵਿੱਚ ਡਿਜੀਟਲ ਖੇਤੀਬਾੜੀ ਮਿਸ਼ਨ ਦੇ ਮਿਸ਼ਨ-ਮੋਡ ਰੋਲਆਊਟ ਕਰਨ ਦੀ ਮੰਗ: ਵਿਕਰਮਜੀਤ ਸਿੰਘ ਸਾਹਨੀ



ਨਵੀਂ ਦਿੱਲੀ 3 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਸੰਸਦ ਵਿੱਚ ਮੁੱਦਾ ਉਠਾ ਕੇ ਪੰਜਾਬ ਵਿੱਚ ਡਿਜੀਟਲ ਖੇਤੀਬਾੜੀ ਮਿਸ਼ਨ ਨੂੰ ਲਾਗੂ ਕਰਨ ਵਿੱਚ ਤੇਜ਼ੀ ਲਿਆਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਦੇ ਸਵਾਲ ਦਾ ਜਵਾਬ ਦਿੰਦੇ ਹੋਏ, ਕੇਂਦਰੀ ਖੇਤੀਬਾੜੀ ਮੰਤਰਾਲੇ ਨੇ ਸੰਸਦ ਵਿੱਚ ਦੱਸਿਆ ਕਿ ਜਦੋਂ ਕਿ ਪੰਜਾਬ ਵਿੱਚ 3.68 ਲੱਖ ਤੋਂ ਵੱਧ ਕਿਸਾਨ ਆਈਡੀ ਬਣਾਏ ਗਏ ਹਨ, ਰਾਜ ਵਿੱਚ ਅੰਦਾਜ਼ਨ 23.62 ਲੱਖ ਯੋਗ ਕਿਸਾਨ ਹੀ ਹਨ, ਜਿਸ ਤੋਂ ਪਤਾ ਲੱਗਦਾ ਹੈ ਕਿ ਹੁਣ ਤੱਕ ਸਿਰਫ 15.6% ਕਿਸਾਨਾਂ ਨੂੰ ਡਿਜੀਟਲ ਖੇਤੀਬਾੜੀ ਪਲੇਟਫਾਰਮ 'ਤੇ ਲਿਆਂਦਾ ਗਿਆ ਹੈ। ਡਾ. ਸਾਹਨੀ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਨੂੰ ਪੰਜਾਬ ਦੇ ਸਾਰੇ 23.62 ਲੱਖ ਕਿਸਾਨਾਂ ਦੇ ਕਿਸਾਨ ਆਈਡੀ ਬਣਾ ਕੇ ਮਿਸ਼ਨ ਮੋਡ 'ਤੇ ਸੂਬੇ ਵਿੱਚ ਡਿਜੀਟਲ ਖੇਤੀਬਾੜੀ ਮਿਸ਼ਨ ਨੂੰ ਸ਼ੁਰੂ ਕਰਨਾ ਚਾਹੀਦਾ ਹੈ।

ਡਾ. ਸਾਹਨੀ ਨੇ ਕਿਹਾ ਕਿ ਦੇਸ਼ ਦਾ ਅੰਨਦਾਤਾ ਹੋਣ ਦੇ ਨਾਤੇ, ਪੰਜਾਬ ਨੂੰ ਭਾਰਤ ਦੀ ਡਿਜੀਟਲ ਖੇਤੀਬਾੜੀ ਕ੍ਰਾਂਤੀ ਦੀ ਅਗਵਾਈ ਕਰਨੀ ਚਾਹੀਦੀ ਹੈ। ਡਿਜੀਟਲ ਕਿਸਾਨ ਆਈਡੀ ਕਿਸਾਨਾਂ ਨੂੰ ਏਆਈ-ਸੰਚਾਲਿਤ ਸਲਾਹਾਂ, ਸ਼ੁੱਧਤਾ ਖੇਤੀ, ਸਰਕਾਰੀ ਯੋਜਨਾਵਾਂ ਨੂੰ ਬਿਹਤਰ ਨਿਸ਼ਾਨਾ ਬਣਾਉਣ ਅਤੇ ਬਿਹਤਰ ਖੇਤੀਬਾੜੀ ਯੋਜਨਾਬੰਦੀ ਤੋਂ ਲਾਭ ਉਠਾਉਣ ਦੇ ਯੋਗ ਬਣਾਉਣਗੇ। ਉਨ੍ਹਾਂ ਨੇ ਕਿਸਾਨ ਰਜਿਸਟ੍ਰੇਸ਼ਨ ਕੈਂਪਾਂ, ਡਿਜੀਟਲ ਫਸਲ ਸਰਵੇਖਣਾਂ, ਆਈਟੀ ਬੁਨਿਆਦੀ ਢਾਂਚੇ ਅਤੇ ਪ੍ਰੋਜੈਕਟ ਨਿਗਰਾਨੀ ਇਕਾਈਆਂ ਲਈ ਕੇਂਦਰ ਦੀ ਵਿੱਤੀ ਸਹਾਇਤਾ ਦਾ ਸਵਾਗਤ ਕੀਤਾ, ਜਦੋਂ ਕਿ ਪੰਜਾਬ ਸਰਕਾਰ ਨੂੰ ਇੱਕ ਮਿਸ਼ਨ-ਮੋਡ ਰਜਿਸਟ੍ਰੇਸ਼ਨ ਮੁਹਿੰਮ ਸ਼ੁਰੂ ਕਰਨ ਦੀ ਅਪੀਲ ਕੀਤੀ ਤਾਂ ਜੋ ਹਰੇਕ ਯੋਗ ਕਿਸਾਨ ਡਿਜੀਟਲ ਖੇਤੀਬਾੜੀ ਈਕੋਸਿਸਟਮ ਵਿੱਚ ਸ਼ਾਮਲ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜਿਨ੍ਹਾਂ ਦਾ ਸਮੁੱਚਾ ਜੀਵਨ ਗੁਰੂ ਤੇ ਸੰਗਤ ਦੀ ਸੇਵਾ ਵਿੱਚ ਬੀਤਿਆ
# ਬਾਬਾ ਨਿਧਾਨ ਸਿੰਘ ਸਮੇਤ ਚਾਰ ਮਹਾਂਪੁਰਖਾਂ ਨੂੰ ਯਾਦ ਕਰਦਿਆਂ

## 4 ਅਗਸਤ ਨੂੰ ਬਰਸੀ 'ਤੇ ਵਿਸ਼ੇਸ਼

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040





**ਸਾਹਿਬ-ਏ-ਕਮਾਲ, ਸਰਬੰਸਦਾਨੀ** ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ-ਜੋਤ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਗੱਦੀ 'ਤੇ ਸੁਭਾਇਮਾਨ ਕਰਨ ਵਾਲੇ ਅਸਥਾਨ ਸਚਖੰਡ ਸ੍ਰੀ ਹਜ਼ੂਰ ਸਾਹਿਬ ਪ੍ਰਤੀ ਦੇਸ਼ ਦੁਨੀਆਂ ਵਿੱਚ ਵੱਸਣ ਵਾਲਾ ਹਰ ਇਕ ਸਿੱਖ ਦਰਸ਼ਨ-ਦੀਦਾਰ ਕਰਨ ਦੀ ਲੋਚਾ ਰੱਖਦਾ ਹੈ । ਸੇਵਾ, ਸਿਮਰਨ ਤੇ ਪ੍ਰਭੂ ਬੰਦਗੀ ਦੇ ਨਾਲ ਮਨੁੱਖਤਾ ਦੀ ਸੇਵਾ ਨੂੰ ਆਪਣੇ ਜੀਵਨ ਦਾ ਅੰਗ ਬਣਾ ਕੇ ਹਰ ਪਲ ਜੀਵਨ ਬਸਰ ਕਰਨ ਵਾਲੇ ਬਾਬਾ ਨਿਧਾਨ ਸਿੰਘ ਨੇ ਗੁਰਦੁਆਰਾ ਲੰਗਰ ਸਾਹਿਬ ਦੀ ਉਸਾਰੀ ਕਰਕੇ ਇਕ ਅਜਿਹਾ ਕਾਰਜ ਕੀਤਾ, ਜਿਸ ਨੂੰ ਦੇਸ਼ ਦੁਨੀਆਂ ਵਿੱਚ ਵੱਸਣ ਵਾਲੀ ਸਿੱਖ ਸੰਗਤ ਤਨ, ਮਨ, ਧਨ ਨਾਲ ਸਹਿਯੋਗ ਦਿੰਦੀ ਹੈ । ਇਸ ਨਾਮ-ਰਸੀ ਆਤਮਾ ਬਾਬਾ ਨਿਧਾਨ ਸਿੰਘ ਦਾ ਜਨਮ 1882 ਈ: ਵਿੱਚ ਭਾਈ ਉੱਤਮ ਸਿੰਘ ਦੇ ਗ੍ਰਹਿ ਵਿਖੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਨਡਾਲੋਂ ਵਿਖੇ ਹੋਇਆ । ਬਾਬਾ ਜੀ ਬਚਪਨ ਤੋਂ ਹੀ ਇਕਾਂਤ-ਪਸੰਦ, ਕੁਦਰਤ ਪ੍ਰੇਮੀ ਅਤੇ ਰੱਬੀ ਰੰਗ ਵਿੱਚ ਰੰਗੀ ਆਤਮਾ ਦੇ ਮਾਲਕ ਸਨ । ਮੁੱਢਲੀ ਸਿੱਖਿਆ ਇਸੇ ਪਿੰਡ ਦੇ ਸੰਤ ਬਾਬਾ ਦੀਵਾਨ ਸਿੰਘ ਦੇ ਡੇਰੇ ਵਿਖੇ ਹੋਈ । ਆਪਣੇ ਸ਼ਾਂਤ-ਚਿੱਤ ਸੁਭਾਅ ਮੁਤਾਬਿਕ ਪ੍ਰਭੂ-ਬੰਦਗੀ ਨੂੰ ਪਹਿਲ ਦਿੰਦੇ ਸਨ । ਪਿੰਡ ਦੇ ਬਾਕੀ ਨੌਜਵਾਨਾਂ ਨੂੰ ਵੀ ਅਕਾਲ ਪੁਰਖ ਵਾਹਿਗੁਰੂ ਦੇ ਸਿਮਰਨ ਅਤੇ ਸੰਗਤ ਦੀ ਸੇਵਾ ਲਈ ਪ੍ਰੇਰਨਾ ਦਿੰਦੇ ਸਨ । 18 ਸਾਲ ਦੀ ਉਮਰ ਵਿੱਚ ਭਾਰਤੀ ਫੌਜ ਵਿੱਚ ਭਰਤੀ ਹੋ ਗਏ । ਜਦੋਂ ਆਪ ਜੀ ਦੀ ਪਲਟਨ ਝਾਂਸੀ ਵਿਖੇ ਤਾਇਨਾਤ ਸੀ ਤਾਂ ਹਰ ਸਮੇਂ ਸਿਮਰਨ ਕਰਦੇ ਰਹਿਣਾ । ਹਰ ਫੌਜੀ ਜਵਾਨ ਨੂੰ ਵੀ ਪ੍ਰਭੂ ਬੰਦਗੀ ਦੀਆਂ ਬਰਕਤਾਂ ਸਬੰਧੀ ਪ੍ਰੇਰਦੇ ਰਹਿੰਦੇ । ਸੰਗਤ ਦੀ ਸੇਵਾ ਲਈ ਹਰ ਸਮੇਂ ਤੱਤਪਰ ਰਹਿੰਦੇ ਸਨ, ਸਚਖੰਡ ਸ੍ਰੀ ਹਜ਼ੂਰ ਸਾਹਿਬ ਨੂੰ ਜਾਣ ਵਾਲੀ ਸੰਗਤ ਰੇਲ ਗੱਡੀਆਂ ਰਾਹੀਂ ਝਾਂਸੀ ਰੇਲਵੇ ਸਟੇਸ਼ਨ ਤੋਂ ਹੋ ਕੇ ਜਾਂਦੀ ਸੀ, ਸਾਰੀ ਸਾਰੀ ਰਾਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਅਸਥਾਨ ਦੇ ਦਰਸ਼ਨ-ਦੀਦਾਰੇ ਕਰਨ ਵਾਲੀ ਸੰਗਤ ਨੂੰ ਜਲ ਛਕਾਉਣਾ । ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਤੀ ਪ੍ਰੇਮ ਤੇ ਦਰਸ਼ਨ ਦੀਦਾਰੇ ਕਰਨ ਦੀ ਤਾਂਘ ਨੇ ਉਨ੍ਹਾਂ ਨੂੰ ਫੌਜੀ ਨੌਕਰੀ ਨੂੰ ਅਲਵਿਦਾ ਕਹਿਣ ਲਈ ਮਜ਼ਬੂਰ ਕਰ ਦਿੱਤਾ । ਹੁਣ ਆਪ ਜੀ ਇਕ ਨਿਸ਼ਕਾਮ ਸੇਵਾਦਾਰ ਵਜੋਂ ਸਚਖੰਡ ਸ੍ਰੀ ਹਜ਼ੂਰ ਸਾਹਿਬ ਪਹੁੰਚ ਗਏ । ਭਰ ਜਵਾਨੀ ਦੀ ਉਮਰ ਦੇ 12 ਵਰ੍ਹੇ ਸਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਸੰਗਤ ਦੀ ਸੇਵਾ ਵਿੱਚ ਬਤੀਤ ਕੀਤੇ ।

ਉਨ੍ਹਾਂ ਦੀ ਸੇਵਾ ਦੀ ਕਦਰ ਕਰਨ ਵਾਲੀਆਂ ਮਹਾਨ ਸਿੱਖ ਹਸਤੀਆਂ ਉਨ੍ਹਾਂ ਨੂੰ ਦਿਲ ਤੋਂ ਪਿਆਰ ਕਰਦੀਆਂ ਸਨ । ਪਰ ਕੁਝ ਕੁ ਈਰਖਾਲੂ ਲੋਕਾਂ ਨੇ ਉਨ੍ਹਾਂ ਨੂੰ ਸਚਖੰਡ ਸ੍ਰੀ ਹਜ਼ੂਰ ਸਾਹਿਬ ਦੀ ਸੇਵਾ ਤੋਂ ਬਾਹਰ ਕਰਨ ਲਈ ਬੋਲ-ਕਬੋਲ ਵੀ ਬੋਲੇ । ਹੁਣ ਉਨ੍ਹਾਂ ਦੁਨੀਆਂ ਭਰ ਤੋਂ ਦਰਸ਼ਨ ਕਰਨ ਵਾਲੀ ਸੰਗਤ ਨੂੰ ਜਲ-ਛਕਾਉਣ ਦੀ ਸੇਵਾ ਸ਼ੁਰੂ ਕਰ ਦਿੱਤੀ । ਪਰ ਇਸ ਸੇਵਾ ਨੂੰ ਨਿਭਾਉਂਦਿਆਂ ਵੀ ਉਨ੍ਹਾਂ ਨੂੰ ਨਫ਼ਰਤ ਦੀ ਅੱਗ ਵਿੱਚ ਸੜ ਰਹੇ ਲੋਕਾਂ ਦੀ ਘ੍ਰਿਣਾ ਤੇ ਵਧੀਕੀਆਂ ਦਾ ਸ਼ਿਕਾਰ ਹੋਣਾ ਪਿਆ ।



ਇਕ ਦਿਨ ਉਚਾਟ ਹੋ ਕੇ ਵਾਪਸ ਪੰਜਾਬ ਲਈ ਉਹ ਰੇਲਵੇ ਸਟੇਸ਼ਨ ਨਾਂਦੇੜ ਵਿਖੇ ਪਹੁੰਚ ਗਏ । ਸਟੇਸ਼ਨ ਉੱਤੇ ਹੀ ਇਕ ਨਿੰਮ ਦੇ ਦਰਖ਼ਤ ਹੇਠ ਵੈਰਾਗ ਅਵਸਥਾ ਵਿੱਚ ਬੈਠੇ ਸਨ । ਇਥੇ ਬੈਠਿਆਂ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਸ਼ਨਾਂ ਦੀ ਸਿੱਕ, ਅੱਜ ਪੂਰੀ ਹੋ ਗਈ । ਦਸਮੇਸ਼ ਪਿਤਾ ਜੀ ਦੇ ਬਚਨ ਹੱਥ ਮੇਰਾ ਤੇ ਖੀਸਾ ਤੇਰਾ ਨੇ ਬਾਬਾ ਨਿਧਾਨ ਸਿੰਘ ਵਰਗੀ ਵੈਰਾਗੀ ਆਤਮਾ ਨੂੰ ਧੁਰ ਅੰਦਰੋਂ ਹਿਲਾ ਦਿੱਤਾ ।

ਹੁਣ ਬਾਬਾ ਨਿਧਾਨ ਸਿੰਘ ਗੋਦਾਵਰੀ ਨਦੀ ਦੇ ਕਿਨਾਰੇ ਦਸਮ ਪਿਤਾ ਜੀ ਦੇ ਪੁਰਾਤਨ ਗੁਰੂ ਕੇ ਲੰਗਰ ਦੇ ਅਸਥਾਨ 'ਤੇ ਪਹੁੰਚ ਗਏ । ਆਪਣੇ ਅੰਤਲੇ ਸੁਆਸਾਂ ਤੱਕ ਇਥੇ ਸੰਗਤ ਦੀ ਸੇਵਾ ਤਨ-ਦੇਹੀ ਨਾਲ ਨਿਭਾਈ । ਇਸੇ ਸਥਾਨ 'ਤੇ ਦੇਸ਼ ਦੀ ਆਜ਼ਾਦੀ ਤੋਂ ਥੋੜ੍ਹੇ ਦਿਨ ਪਹਿਲਾਂ 4 ਅਗਸਤ, 1947 ਈ: ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ਉਨ੍ਹਾਂ ਦੇ ਸਰੀਰਕ ਵਿਛੋੜੇ ਤੋਂ ਪਿੱਛੋਂ ਬਾਬਾ ਹਰਨਾਮ ਸਿੰਘ, ਬਾਬਾ ਆਤਮਾ ਸਿੰਘ ਮੋਨੀ ਅਤੇ ਬਾਬਾ ਸ਼ੀਸ਼ਾ ਸਿੰਘ ਨੇ ਇਸ ਅਸਥਾਨ ਦੀ ਮਹਾਨ ਸੇਵਾ ਨੂੰ ਬਾਖ਼ੂਬੀ ਨਿਭਾਇਆ । ਅੱਜ ਇਨ੍ਹਾਂ ਚਾਰਾਂ ਮਹਾਂਪੁਰਸ਼ਾਂ ਦੀ ਯਾਦ ਵਿੱਚ ਤਿੰਨ ਦਿਨਾਂ ਗੁਰਮਤਿ ਸਮਾਗਮ ਚੱਲ ਰਹੇ ਹਨ । ਇਸ ਅਸਥਾਨ ਦੇ ਮੌਜੂਦਾ ਸੇਵਾ ਨਿਭਾਉਣ ਵਾਲੇ ਕਾਰਸੇਵਾ ਮੁਖੀ ਬਾਬਾ ਨਰਿੰਦਰ ਸਿੰਘ ਅਤੇ ਬਾਬਾ ਬਲਵਿੰਦਰ ਸਿੰਘ ਵੱਲੋਂ ਦਿਨ ਰਾਤ ਚੱਲਣ ਵਾਲੇ ਗੁਰੂ ਕੇ ਲੰਗਰ ਵਿੱਚੋਂ ਸੰਸਾਰ ਭਰ ਤੋਂ ਆਉਣ ਵਾਲੀ ਸੰਗਤ ਇਥੇ ਗੁਰੂ ਕਾ ਲੰਗਰ ਛਕਦੀ ਹੈ। ਇਸੇ ਅਸਥਾਨ 'ਤੇ ਸਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਪਹੁੰਚ ਰਹੀ ਰੇਲ ਗੱਡੀਆਂ, ਹਵਾਈ ਜਹਾਜ਼ਾਂ, ਕਾਰਾਂ, ਬੱਸਾਂ ਰਾਹੀਂ ਆਉਣ ਵਾਲੀ ਸੰਗਤ ਨੂੰ ਆਧੁਨਿਕ ਸਹੂਲਤਾਂ ਵਾਲੀਆਂ ਰਿਹਾਇਸ਼ੀ ਬਹੁਮੰਜ਼ਿਲਾਂ ਇਮਾਰਤਾਂ ਰਾਹੀਂ ਸਾਂਭ ਸੰਭਾਲ ਕੀਤੀ ਜਾਂਦੀ ਹੈ । ਨਾਮ-ਬਾਣੀ ਦੇ ਪ੍ਰਵਾਹ ਰਾਤ ਦਿਨ ਚੱਲਦੇ ਰਹਿੰਦੇ ਹਨ । ਵਾਤਾਵਰਣ ਨੂੰ ਬਚਾਉਣ ਲਈ ਲੱਖਾਂ ਦੀ ਗਿਣਤੀ ਵਿੱਚ ਨਾਂਦੇੜ ਸ਼ਹਿਰ ਵਿੱਚ ਪੌਦੇ ਲੱਗਵਾ ਕੇ ਸ਼ਹਿਰ ਨੂੰ ਹਰਿਆ-ਭਰਿਆ ਕੀਤਾ ਗਿਆ ਹੈ । ਇਨ੍ਹਾਂ ਸਮਾਗਮਾਂ ਦੌਰਾਨ ਦੇਸ਼ ਭਰ ਤੋਂ ਸੰਗਤ ਵੱਡੀ ਗਿਣਤੀ ਵਿੱਚ ਹਾਜ਼ਰੀ ਭਰਦੀ ਹੈ । ਉੱਥੇ ਕੀਰਤਨੀਏ, ਢਾਡੀ, ਪ੍ਰਚਾਰਕ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਸਿੱਖ ਇਤਿਹਾਸ ਨਾਲ ਜੋੜਦੇ ਹਨ । ਹਰ ਸਾਲ ਵਾਂਗ ਇਸ ਵਾਰ ਵੀ ਇਹ ਸਮਾਗਮ ਯਾਦਗਾਰੀ ਹੋਵੇਗਾ। ••

### ਰਣਧੀਰ ਸਿੰਘ ਬੈਨੀਪਾਲ ਕੋਆਡੀਨੇਟਰ ਬਸਪਾ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ, ਸ੍ਰੀ ਅਸ਼ੋਕ ਸਿਧਾਰਥ ਕੋਆਡੀਨੇਟਰ ਬਸਪਾ ਕਰਨਾਟਕ, ਪੱਛਮੀ ਬੰਗਾਲ ਅਤੇ ਉੜੀਸਾ ਨੂੰ

# ਪਾਰਟੀ ਵਿਰੋਧੀ ਗਤੀਵਿਧੀਆਂ ਹੇਠ ਪਾਰਟੀ ਤੋਂ ਬਾਹਰ ਕੱਢਿਆ



ਪਠਾਨਕੋਟ, 3 ਅਗਸਤ (ਆਵਾਜ਼ਿ ਕੌਮ ਬਿਊਰੋ)-ਬਸਪਾ ਸੁਪ੍ਰੀਮੋ ਭੈਣ ਕੁਮਾਰੀ ਮਾਇਆਵਤੀ ਜੀ ਵਲੋਂ ਆਪਣੇ ਅਧਿਕਾਰਤ ਬਿਆਨ ਰਾਹੀਂ ਸੂਚਿਤ ਕੀਤਾ ਹੈ ਕਿ ਬੀ.ਐਸ.ਪੀ. ਨੇ ਅਨੁਸ਼ਾਸਨ ਹੀਣਤਾ ਅਤੇ ਪਾਰਟੀ ਦੇ ਦਿਸ਼ਾ-ਨਿਰਦੇਸ਼ ਦਾ ਉਲੰਘਣ ਕਰਨ ਕਾਰਨ ਦੋ ਮਹੱਤਵਪੂਰਨ ਕੋਆਰਡੀਨੇਟਰਾਂ ਨੂੰ ਤੁਰੰਤ ਪ੍ਰਭਾਵ ਨਾਲ ਪਾਰਟੀ ਤੋਂ ਬਾਹਰ ਕਰ ਦਿੱਤਾ ਹੈ। ਸ਼੍ਰੀ ਅਸ਼ੋਕ ਸਿੱਧਾਰਥ: ਕਰਨਾਟਕ, ਓਡੀਸ਼ਾ ਅਤੇ ਪੱਛਮੀ ਬੰਗਾਲ ਵਿੱਚ ਜ਼ਿੰਮੇਵਾਰੀ ਠੀਕ ਤਰੀਕੇ ਨਾਲ ਨਾ ਨਿਭਾਉਣ ਅਤੇ ਵਾਰ-ਵਾਰ ਚੇਤਾਵਨੀ ਦੇਣ ਦੇ ਬਾਵਜੂਦ ਸੁਧਾਰ ਨਾ ਕਰਨ ਕਾਰਨ ਪਾਰਟੀ ਤੋਂ ਬਾਹਰ। ਸ਼੍ਰੀ ਰਣਧੀਰ ਸਿੰਘ ਬੇਨੀਵਾਲ: ਪੰਜਾਬ, ਹਿਮਾਚਲ ਅਤੇ ਜੰਮੂ-ਕਸ਼ਮੀਰ ਵਿੱਚ ਅਨੁਸ਼ਾਸਨਹੀਨਤਾ ਕਾਰਨ ਪਾਰਟੀ ਤੋਂ ਬਾਹਰ। ਇਸ ਦੇ ਨਾਲ ਹੀ, ਰਾਜ ਸਭਾ ਸੰਸਦ ਮੈਂਬਰ ਸ਼੍ਰੀ ਰਾਮਜੀ ਗੌਤਮ ਨੂੰ ਪੰਜਾਬ ਦਾ ਪ੍ਰਭਾਰੀ ਬਣਾਇਆ ਗਿਆ ਹੈ ਜੋ ਆਉਣ ਵਾਲੀਆਂ ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਤੱਕ ਆਪਣੀ ਜ਼ਿੰਮੇਵਾਰੀ ਨਿਭਾਉਣਗੇ। ਬੀ.ਐਸ.ਪੀ. ਨੇ ਇਹ ਵੀ ਨੀਤਿਗਤ ਫ਼ੈਸਲਾ ਕੀਤਾ ਹੈ ਕਿ ਯੂ.ਪੀ. ਨਿਵਾਸੀ ਅਧਿਕਾਰੀ ਜਾਂ ਕੋਆਰਡੀਨੇਟਰਾਂ ਨੂੰ ਯੂ.ਪੀ. ਵਿੱਚ ਕੋਈ ਜ਼ਿੰਮੇਵਾਰੀ ਨਹੀਂ ਦਿੱਤੀ ਜਾਵੇਗੀ। ਪਾਰਟੀ ਵਰਕਰਾਂ ਨੂੰ ਸਾਜ਼ਸ਼ ਕਾਰੀ ਤੱਤਾਂ ਤੋਂ ਸਾਵਧਾਨ ਰਹਿਣ ਦੀ ਅਪੀਲ ਕੀਤੀ ਜਾਂਦੀ ਹੈ ਅਤੇ ਮੀਡੀਆ ਨੂੰ ਬੇਨਤੀ ਹੈ ਕਿ ਉਹ ਝੂਠੇ ਅਤੇ ਗ.ਲਤ ਤੱਥਾਂ ਦਾ ਪ੍ਰਚਾਰ ਨਾ ਕਰਨ।

ਆਵਾਜ਼ਿ ਕੌਮ AWAZE QAUM
International Newspaper & WEB TV

### ਤੀਆਂ ਦੇ ਤਿਉਹਾਰ ਵਿੱਚ ਦਿਖੀ ਪੰਜਾਬੀ ਵਿਰਾਸਤ ਦੀ ਝਲਕ ਸੇਕਰਡ ਸੋਲਜ਼ ਕਾਨਵੇਂਟ ਸਕੂਲ ਕਾਲੇ ਦੀਆਂ

# ਵਿਦਿਆਰਥਣਾਂ ਨੇ ਪੇਸ਼ਕਾਰੀਆਂ ਨਾਲ ਮੋਹਿਆ ਮਨ






**ਭਿੱਖੀਵਿੰਡ, 3 ਅਗਸਤ (ਆਵਾਜ਼ਿ ਕੌਮ ਬਿਊਰੋ)** - ਸੇਕਰਡ ਸੋਲਜ਼ ਕਾਨਵੇਂਟ ਸਕੂਲ ਕਾਲੇ ਵਿਖੇ ਤੀਆਂ ਦਾ ਤਿਉਹਾਰ ਸਕੂਲ ਚੇਅਰਮੈਨ ਕੰਧਾਲ ਸਿੰਘ ਬਾਠ ਦੀ ਅਗਵਾਈ ਹੇਠ ਬੜੇ ਉਤਸ਼ਾਹ 'ਤੇ ਚਾਵਾਂ ਨਾਲ ਮਨਾਇਆ ਗਿਆ। ਸਮਾਗਮ ਵਿੱਚ ਸਕੂਲ ਪ੍ਰਿੰਸੀਪਲ ਮੈਡਮ ਲਖਬੀਰ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਕੰਧਾਲ ਸਿੰਘ ਬਾਠ ਨੇ ਦੱਸਿਆ ਕਿ ਪ੍ਰੋਗਰਾਮ ਵਿੱਚ ਵਿਦਿਆਰਥਣਾਂ ਲਈ ਵੱਖ-ਵੱਖ ਸੱਭਿਆਚਾਰਕ ਅਤੇ ਰਚਨਾਤਮਿਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਗਿੱਧਾ-ਭੰਗੜਾ, ਮਹਿੰਦੀ ਮੁਕਾਬਲਾ, ਪਰਾਂਦਿਆਂ ਅਤੇ ਪੱਖੀਆਂ ਦਾ ਨਿਰਮਾਣ, ਰੰਗੋਲੀ, ਕਲਾਸ ਸਜਾਵਟ ਅਤੇ ਵੱਖ-ਵੱਖ ਜਮਾਤਾਂ ਦੀਆਂ ਵਿਦਿਆਰਥਣਾਂ ਨੇ ਪੰਜਾਬੀ ਲੋਕ ਗੀਤਾਂ 'ਤੇ ਸ਼ਾਨਦਾਰ ਨਾਚ ਪੇਸ਼ ਕੀਤਾ। ਵਿਦਿਆਰਥਣਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲੈਂਦੇ ਹੋਏ ਆਪਣੀ ਪ੍ਰਤਿਭਾ, ਰਚਨਾਤਮਿਕਤਾ ਅਤੇ ਟੀਮ ਭਾਵਨਾ ਦਾ ਦਮਦਾਰ ਪ੍ਰਦਰਸ਼ਨ ਕੀਤਾ। ਸਕੂਲ ਕੰਪਲੈਕਸ ਵਿੱਚ ਝੂਲਿਆਂ ਦੀ ਵਿਸ਼ੇਸ਼ ਵਿਵਸਥਾ ਵੀ ਕੀਤੀ ਗਈ, ਜਿਸ ਨਾਲ ਤਿਉਹਾਰ ਦੇ ਆਨੰਦ ਵਿੱਚ ਹੋਰ ਵਾਧਾ ਹੋਇਆ। ਸਾਰੀਆਂ ਵਿਦਿਆਰਥਣਾਂ ਨੇ ਇਸ ਮੌਕੇ ਦਾ ਭਰਪੂਰ ਆਨੰਦ ਮਾਣਿਆ ਅਤੇ ਖ਼ੂਬ ਮਸਤੀ ਕੀਤੀ। ਸਕੂਲ ਪ੍ਰਿੰਸੀਪਲ ਮੈਡਮ ਲਖਬੀਰ ਕੌਰ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੀਆਂ ਪ੍ਰੰਪਰਾਵਾਂ ਨਾਲ ਜੋੜਦੇ ਹਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਸਹਾਇਕ ਹੁੰਦੇ ਹਨ। ਇਹ ਆਯੋਜਨ ਵਿਦਿਆਰਥੀਆਂ ਲਈ ਬਹੁਤ ਹੀ ਆਨੰਦਦਾਇਕ, ਪ੍ਰੇਰਨਾਦਾਇਕ ਅਤੇ ਯਾਦਗਾਰੀ ਸਿੱਧ ਹੋਇਆ। ਸਮਾਗਮ ਦੌਰਾਨ ਸਕੂਲ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਇੱਕ ਨਜ਼ਰ ...



## ਕਿਰਤ ਉਸਾਰੀ ਵਿਭਾਗ ਦੇ ਜ਼ਿਲਾ ਤਰਨਤਾਰਨ ਦੇ ਮੌਜੂਦਾ ਚੇਅਰਮੈਨ ਅਤੇ ਵੈਲਫੇਅਰ ਬੋਰਡ ਹਲਕਾ ਪੱਟੀ ਦੇ ਚੇਅਰਮੈਨ ਠੇਕੇਦਾਰ ਸਤਨਾਮ ਸਿੰਘ ਸਭਰਾ, ਕਾਂਗਰਸ ਪਾਰਟੀ 'ਚ ਸ਼ਾਮਿਲ

ਪੱਟੀ, 3 ਅਗਸਤ (ਆਵਾਜ਼ਿ ਕੌਮ ਬਿਊਰੋ) - ਪੱਟੀ ਹਲਕੇ ਦੀ ਸਿਆਸਤ ਵਿੱਚ ਇੱਕ ਹੋਰ ਅਹਿਮ ਸਿਆਸੀ ਘਟਨਾਕ੍ਰਮ ਸਾਹਮਣੇ ਆਇਆ ਹੈ। ਕਿਰਤ ਉਸਾਰੀ ਵਿਭਾਗ ਦੇ ਜ਼ਿਲਾ ਤਰਨਤਾਰਨ ਦੇ ਮੌਜੂਦਾ ਚੇਅਰਮੈਨ ਅਤੇ ਵੈਲਫੇਅਰ ਬੋਰਡ ਹਲਕਾ ਪੱਟੀ ਦੇ ਚੇਅਰਮੈਨ ਠੇਕੇਦਾਰ ਸਤਨਾਮ ਸਿੰਘ ਸਭਰਾ ਪ੍ਰਸਿੱਧ ਸਮਾਜ ਸੇਵਕ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿੰਦੇ ਹੋਏ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਉਨ੍ਹਾਂ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਨੂੰ ਪਾਰਟੀ ਲਈ ਇੱਕ ਮਹੱਤਵਪੂਰਨ ਸਿਆਸੀ ਮਜ਼ਬੂਤੀ ਵਜੋਂ ਦੇਖਿਆ ਜਾ ਰਿਹਾ ਹੈ। ਇਸ ਮੌਕੇ ਕਾਂਗਰਸ ਪਾਰਟੀ ਦੇ ਪੱਟੀ ਤੋਂ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਅਤੇ ਹੋਰ ਕਾਂਗਰਸੀ ਆਗੂਆਂ ਵੱਲੋਂ ਠੇਕੇਦਾਰ ਸਤਨਾਮ ਸਿੰਘ ਸਭਰਾ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਗਿਆ ਕਿ ਉਨ੍ਹਾਂ ਦੇ ਪਾਰਟੀ ਵਿੱਚ ਸ਼ਾਮਿਲ ਹੋਣ ਨਾਲ ਕਾਂਗਰਸ ਨੂੰ ਜ਼ਮੀਨੀ ਪੱਧਰ'ਤੇ ਹੋਰ ਮਜ਼ਬੂਤੀ ਮਿਲੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਲੋਕਾਂ ਵਿੱਚ ਪਕੜ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਪਾਰਟੀ ਆਗੂਆਂ ਨੇ ਠੇਕੇਦਾਰ ਸਤਨਾਮ ਸਿੰਘ ਸਭਰਾ ਨੂੰ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕਰਦਿਆਂ ਆਖਦਿਆਂ ਕਿਹਾ ਕਿ ਪਾਰਟੀ ਉਨ੍ਹਾਂ ਦੇ ਤਜ਼ਰਬੇ ਅਤੇ ਲੋਕ ਸੇਵਾ ਦੀ ਭਾਵਨਾ ਦਾ ਪੂਰਾ ਸਨਮਾਨ ਕਰੇਗੀ। ਕਾਂਗਰਸ ਆਗੂਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਠੇਕੇਦਾਰ ਸਤਨਾਮ ਸਿੰਘ ਸਭਰਾ ਦੀ ਸ਼ਮੂਲੀਅਤ ਨਾਲ ਤਰਨ ਤਾਰਨ ਜ਼ਿਲ੍ਹੇ ਵਿੱਚ ਕਾਂਗਰਸ ਸੰਗਠਨ ਨੂੰ ਨਵੀਂ ਤਾਕਤ ਮਿਲੇਗੀ ਅਤੇ ਵੱਡੀ ਗਿਣਤੀ ਪੱਟੀ ਹਲਕੇ ਦੇ ਲੋਕ ਪ੍ਰੇਰਿਤ ਹੋਣਗੇ।

## ਸੀਟੂ ਆਗੂਆਂ ਨੇ ਮੁਲਾਜ਼ਮਾਂ ਦੀ ਹੱਕੀ ਮੰਗਾਂ ਦੇ ਸੰਘਰਸ਼ ਦੀ ਹਮਾਇਤ ਦਾ ਕੀਤਾ ਐਲਾਨ

ਮਾਛੀਵਾੜਾ ਸਾਹਿਬ, 3 ਅਗਸਤ (ਆਵਾਜ਼ਿ ਕੌਮ ਬਿਊਰੋ) - ਡੀ .ਏ.ਦੀ ਅਤਿ ਹੱਕੀ ਮੰਗ, ਮਹਿੰਗਾਈ ਭੱਤੇ ਅਤੇ ਹੋਰਨਾਂ ਮੰਗਾਂ ਦੀ ਲੜਾਈ ਵਿੱਚ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ (ਸੀਟੂ) ਦੀ ਸੂਬਾਈ ਕਮੇਟੀ ਸਮੁੱਚੇ ਪੰਜਾਬ ਭਰ ਦੇ ਕਰਮਚਾਰੀਆ ਨਾਲ ਖੜੀ ਹੈ। ਵੱਖੋ-ਵੱਖ ਮੁਲਾਜ਼ਮ ਯੂਨੀਅਨਾਂ ਆਪੋ-ਆਪਣੀ ਸਮਰੱਥਾ ਅਨੁਸਾਰ 7 ਅਗਸਤ ਦੀ ਵਿਸ਼ਾਲ 'ਤਿੱਖੀ ਲੜਾਈ ਦੀਆ ਤਿਆਰੀਆ ਵਿੱਚ ਰੁੱਝੀਆਂ ਹੋਈਆ ਹਨ। ਪੰਜਾਬ ਸਰਕਾਰ ਦੇ ਸਮੁੱਚੇ ਮੁਲਾਜ਼ਮਾਂ ਦਾ ਇਹ ਐਕਸ਼ਨ ਇਤਿਹਾਸਕ ਹੋਵੇਗਾ ਅਤੇ ਪੰਜਾਬ ਸਰਕਾਰ ਦੀਆ ਚੂਲਾਂ ਹਿਲਾ ਕੇ ਰੱਖ ਦੇਵੇਗਾ। ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਭਰਮ ਵੀ ਤੋੜ ਦੇਵੇਗਾ ਕਿ ਚੋਣ ਮੈਦਾਨ ਵਿੱਚ ਮੁਲਾਜ਼ਮਾਂ ਦੀ ਕੋਈ ਪ੍ਰਭਾਵ ਨਹੀਂ ਪੈਂਦਾ। ਇਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਸੀਟੂ ਦੇ ਪ੍ਰਮੁੱਖ ਆਗੂਆਂ ਕਾਮਰੇਡ ਊਸ਼ਾ ਰਾਣੀ, ਸੂਬਾਈ ਪ੍ਰਧਾਨ ਸਾਥੀ ਚੰਦਰ ਸ਼ੇਖਰ, ਸੂਬਾਈ ਜਨਰਲ ਸਕੱਤਰ ਸਾਥੀ ਮਹਾਂ ਸਿੰਘ ਰੌੜੀ, ਵਿੱਤ ਸਕੱਤਰ ਸੁਖਮਿੰਦਰ ਸਿੰਘ ਲੋਟੇ, ਸੂਬਾ ਸਕੱਤਰ ਅਮਰਨਾਥ ਕੂੰਮਕਲਾਂ, ਸੂਬਾਈ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ, ਦਲਜੀਤ ਕੁਮਾਰ ਗੋਰਾ, ਗੁਰਨਾਮ ਸਿੰਘ ਘਨੌਰ ਨੇ ਕੀਤਾ ਉਨ੍ਹਾਂ ਨੇ ਸੀਟੂ ਨਾਲ ਸਬੰਧਤ ਪੰਜਾਬ ਭਰ ਦੀਆ ਸਮੁੱਚੀਆਂ ਮਜਦੂਰ, ਕਿਸਾਨ ਅਤੇ ਜਨਤਕ ਜੱਥੇਬੰਦੀਆ ਨੂੰ ਅਪੀਲ ਕੀਤੀ ਹੈ , ਕਿ ਉਹ ਅੱਗੇ ਹੋਕੇ ਮੁਲਾਜ਼ਮਾਂ ਦੇ ਨਿਆਂਈ ਸੰਘਰਸ਼ ਨੂੰ ਸਫਲ ਕਰਾਉਣ ਅਤੇ ਪੰਜਾਬ ਸਰਕਾਰ ਦੇ ਘਮੰਡ ਨੂੰ ਚਕਨਾਚੂਰ ਕਰਨ ਹਿੱਤ 7 ਅਗਸਤ ਦੇ ਐਕਸ਼ਨ ਦੀ ਡੱਟਵੀਂ ਹਮਾਇਤ ਕਰਨ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243